@Qpatrika
@qaumipatrika punjabi
instagram.com/qaumipatrika
Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।
Saturday, 11 October 2025

Punjabi National Daily
Qaumi Patrika NO.1

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਸ਼ਨੀਵਾਰ 11 ਅਕਤੂਬਰ 2025, 27 ਅੱਸੂ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81— ਸੰਪਾਦਕ — ਗੁਰਚਰਨ ਸਿੰਘ ਬੱਬਰ — ਸਾਲ — 43, ਅੰਕ 332, qpatrika@gmail.com ਫੋਨ : 9971359517 www.qaumipatrika.org

## ਕਾਂਗਰਸ ਦੱਸੇ ਕਿ 26/11 ਦੇ ਮੁੰਬਈ ਹਮਲੇ ਪਿੱਛੋਂ ਭਾਰਤ ਨੂੰ ਫੌਜੀ ਕਾਰਵਾਈ ਕਰਨ ਤੋਂ ਕਿਸ ਨੇ ਰੋਕਿਆ ਸੀ : ਪ੍ਰਧਾਨ ਮੰਤਰੀ ਮੋਦੀ

ਕੌਮੀ ਪਤ੍ਰਿਕਾ
**ਸਿੰਮੀ ਕੌਰ ਬੱਬਰ**

ਮੁੰਬਈ 10 ਅਕਤੂਬਰ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਹੈ ਕਿ ਕਾਂਗਰਸ ਨੂੰ ਦੇਸ਼ ਨੂੰ ਦੱਸਣਾ ਚਾਹੀਦਾ ਹੈ ਕਿ 26/11 ਦੇ ਮੁੰਬਈ ਅੱਤਵਾਦੀ ਹਮਲੇ ਤੋਂ ਬਾਅਦ ਭਾਰਤ ਨੂੰ ਫੌਜੀ ਕਾਰਵਾਈ ਕਰਨ ਤੋਂ ਕਿਸ ਨੇ ਰੋਕਿਆ ਸੀ? ਮੁੰਬਈ ਨੇੜੇ ਨਵੀ ਮੁੰਬਈ 'ਚ ਕੌਮਾਂਤਰੀ ਹਵਾਈ ਅੱਡੇ ਦੇ ਪਹਿਲੇ ਪੜਾਅ ਦਾ ਉਦਘਾਟਨ ਕਰਨ ਤੋਂ ਬਾਅਦ ਇਕ ਜਨਤਕ ਰੈਲੀ ਨੂੰ ਸੰਬੋਧਨ ਕਰਦਿਆਂ ਮੋਦੀ ਨੇ ਕਿਹਾ ਕਿ ਇਕ ਕਾਂਗਰਸੀ ਨੇਤਾ ਜੋ ਕੇਂਦਰੀ ਗ੍ਰਹਿ ਮੰਤਰੀ ਵੀ ਰਹਿ ਚੁੱਕੇ ਹਨ, ਨੇ ਕਿਹਾ ਹੈ ਕਿ 2008 'ਚ 26/11 ਦੇ ਮੁੰਬਈ ਅੱਤਵਾਦੀ ਹਮਲੇ ਤੋਂ ਬਾਅਦ ਇਕ ਦੇਸ਼ ਨੇ ਭਾਰਤ ਨੂੰ ਫੌਜੀ ਕਾਰਵਾਈ ਕਰਨ ਤੋਂ ਰੋਕਿਆ ਸੀ। ਪਾਰਟੀ ਨੂੰ ਇਸ ਸਬੰਧੀ ਸੱਪਸ਼ਟੀਕਰਨ ਦੇਣਾ ਚਾਹੀਦਾ ਹੈ। ਕਾਂਗਰਸ ਦੀ ਇਸ ਕਮਜ਼ੋਰੀ ਨੇ ਹੀ ਅੱਤਵਾਦੀਆਂ ਨੂੰ ਮਜ਼ਬੂਤ ??ਕੀਤਾ। ਉਨ੍ਹਾਂ ਕਿਹਾ ਕਿ ਦੇਸ਼ ਨੂੰ ਇਹ ਜਾਣਨ ਦਾ ਹੱਕ ਹੈ ਕਿ ਮੁੰਬਈ ਦੇ ਅੱਤਵਾਦੀ ਹਮਲੇ ਤੋਂ ਬਾਅਦ ਭਾਰਤ ਨੂੰ ਫੌਜੀ ਕਾਰਵਾਈ ਕਰਨ ਤੋਂ ਕਿਸ ਦੇਸ਼ ਨੇ ਰੋਕਿਆ ਸੀ?



ਪਹਿਲਗਾਮ ਦੇ ਅੱਤਵਾਦੀ ਹਮਲੇ ਤੋਂ ਬਾਅਦ ਸ਼ੁਰੂ ਕੀਤੇ ਗਏ ਆਪ੍ਰੇਸ਼ਨ ਸਿੰਧੂਰ ਦਾ ਹਵਾਲਾ ਦਿੰਦੇ ਹੋਏ ਮੋਦੀ ਨੇ ਕਿਹਾ ਕਿ ਸਾਡੇ ਲਈ ਦੇਸ਼ ਤੇ ਇਸ ਦੇ ਨਾਗਰਿਕਾਂ ਦੀ ਸੁਰੱਖਿਆ ਤੋਂ ਵੱਧ ਕੁਝ ਵੀ ਅਹਿਮ ਨਹੀਂ ਹੈ। ਮੋਦੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਦਾ ਨਿਸ਼ਾਨਾ ਇਸ ਦਹਾਕੇ ਦੇ ਅੰਤ ਤੱਕ ਭਾਰਤ ਨੂੰ ਇਕ ਕੌਮਾਂਤਰੀ ਹਵਾਬਾਜ਼ੀ ਸੇਵਾ-ਸੰਭਾਲ ਤੇ ਮੁਰੰਮਤ ਦਾ ਕੇਂਦਰ ਬਣਾਉਣਾ ਹੈ। 'ਉਡਾਣ' ਯੋਜਨਾ ਅਧੀਨ ਪਿਛਲੇ ਦਹਾਕੇ 'ਚ ਪਹਿਲੀ ਵਾਰ ਲੱਖਾਂ ਲੋਕਾਂ ਨੇ ਹਵਾਈ ਸਫਰ ਕੀਤਾ ਤੇ ਆਪਣੇ ਸੁਪਨਿਆਂ ਨੂੰ ਸਾਕਾਰ ਕੀਤਾ। 2014 'ਚ ਭਾਰਤ 'ਚ ਸਿਰਫ਼ 74 ਹਵਾਈ ਅੱਡੇ ਸਨ। ਹੁਣ 160 ਤੋਂ ਵੱਧ ਹਨ। ਇਕ ਵਿਕਸਤ ਭਾਰਤ ਦਾ ਦ੍ਰਿਸ਼ਟੀਕੋਣ ਰਫਤਾਰ ਤੇ ਤਰੱਕੀ 'ਤੇ ਆਧਾਰਤ ਹੈ।

## 'ਉਹ ਸਿਆਸਤ ਨੂੰ ਤਰਜੀਹ ਦਿੰਦੇ', ਟਰੰਪ ਨੂੰ ਨੋਬਲ ਪੁਰਸਕਾਰ ਨਾ ਮਿਲਣ 'ਤੇ ਵਹਾਈਟ ਹਾਊਸ ਦਾ ਵੱਡਾ ਬਿਆਨ

ਕੌਮੀ ਪਤ੍ਰਿਕਾ

ਵੈੱਬ ਡੈਸਕ 10 ਅਕਤੂਬਰ। ਨਾਰਵੇਈ ਨੋਬਲ ਕਮੇਟੀ ਨੇ ਸ਼ੁੱਕਰਵਾਰ ਨੂੰ ਨੋਬਲ ਸ਼ਾਂਤੀ ਪੁਰਸਕਾਰ ਦਾ ਐਲਾਨ ਕੀਤਾ ਤੇ ਇਸ ਦੌਰਾਨ ਅਮਰੀਕੀ ਰਾਸ਼ਟਰਪਤੀ ਦਾ ਨੋਬਲ ਪੁਰਸਕਾਰ ਹਾਸਲ ਕਰਨ ਦਾ ਸੁਪਨਾ ਚਕਨਾਚੂਰ ਹੋ ਗਿਆ। ਇਸ ਤੋਂ ਬਾਅਦ ਵ?ਹਾਈਟ ਹਾਊਸ ਨੇ ਬਿਆਨ ਜਾਰੀ ਕਰਦਿਆਂ ਕਿਹਾ ਕਿ ਇੱਕ ਵਾਰ ਫਿਰ, ਨੋਬਲ ਕਮੇਟੀ ਨੇ ਸਾਬਤ ਕਰ ਦਿੱਤਾ ਹੈ ਕਿ ਉਹ ਸ਼ਾਂਤੀ ਦੀ ਬਜਾਏ ਰਾਜਨੀਤੀ ਨੂੰ ਤਰਜੀਹ ਦਿੰਦੇ ਹਨ। ਨਾਰਵੇਈ ਨੋਬਲ ਕਮੇਟੀ ਨੇ ਸ਼ੁੱਕਰਵਾਰ ਨੂੰ ਐਲਾਨ ਕੀਤਾ ਕਿ ਉਹ ਡੋਨਾਲਡ ਟਰੰਪ ਦੀ ਬਜਾਏ ਮਾਰੀਆ ਕੋਰੀਨਾ ਮਚਾਡੋ ਨੂੰ 2025 ਦਾ ਨੋਬਲ ਸ਼ਾਂਤੀ ਪੁਰਸਕਾਰ ਦੇਵੇਗੀ। ਇਸ ਤੋਂ ਬਾਅਦ ਵ?ਹਾਈਟ ਹਾਊਸ ਨੇ ਕਿਹਾ ਕਿ ਅਮਰੀਕੀ ਰਾਸ਼ਟਰਪਤੀ ਸ਼ਾਂਤੀ ਸੌਦੇ ਕਰਦੇ ਰਹਿਣਗੇ, ਯੁੱਧਾਂ ਨੂੰ ਖਤਮ ਕਰਨਗੇ ਅਤੇ ਜਾਨਾਂ ਬਚਾਉਣਗੇ। ਵ?ਹਾਈਟ ਹਾਊਸ ਦੇ ਸੰਚਾਰ ਨਿਰਦੇਸ਼ਕ ਨੇ ✓ 'ਤੇ ਲਿਖਿਆ ਕਿ ਰਾਸ਼ਟਰਪਤੀ ਟਰੰਪ ਸ਼ਾਂਤੀ ਸੌਦੇ ਕਰਦੇ ਰਹਿਣਗੇ, ਯੁੱਧਾਂ ਨੂੰ ਖਤਮ ਕਰਨਗੇ ਅਤੇ ਜਾਨਾਂ ਬਚਾਉਣਗੇ। ਉਨ੍ਹਾਂ ਕੋਲ ਇੱਕ ਮਨੁੱਖਤਾਵਾਦੀ ਦਿਲ ਹੈ, ਅਤੇ ਉਨ੍ਹਾਂ ਵਰਗਾ ਕਦੇ ਵੀ ਕੋਈ ਨਹੀਂ ਹੋਵੇਗਾ ਜੋ ਆਪਣੀ ਇੱਛਾ ਸ਼ਕਤੀ ਦੀ ਸ਼ਕਤੀ ਨਾਲ ਪਹਾੜਾਂ ਨੂੰ ਹਿਲਾ ਸਕਦਾ ਹੈ। ਹਾਲਾਂਕਿ, ਵ?ਹਾਈਟ ਹਾਊਸ ਨੇ ਨੋਬਲ ਕਮੇਟੀ 'ਤੇ ਇੱਕ ਚੁਟਕੀ ਲੈਂਦੇ ਹੋਏ ਕਿਹਾ ਕਿ ਉਨ੍ਹਾਂ ਨੇ ਸ਼ਾਂਤੀ ਦੀ ਬਜਾਏ ਸਿਆਸਤ ਨੂੰ ਚੁਣਿਆ। ਵ?ਹਾਈਟ ਹਾਊਸ ਦੇ ਬਿਆਨ ਵਿੱਚ ਲਿਖਿਆ ਗਿਆ ਹੈ ਕਿ ਇੱਕ ਵਾਰ ਫਿਰ, ਨੋਬਲ ਕਮੇਟੀ ਨੇ ਸਾਬਤ ਕਰ ਦਿੱਤਾ ਹੈ ਕਿ ਉਹ ਸ਼ਾਂਤੀ ਦੀ ਥਾਂ ਰਾਜਨੀਤੀ ਨੂੰ ਤਰਜੀਹ ਦਿੰਦੇ ਹਨ। ਵੈਨੇਜ਼ੁਏਲਾ ਦੀ ਵਿਰੋਧੀ ਧਿਰ ਦੀ ਨੇਤਾ ਮਾਰੀਆ ਕੋਰੀਨਾ ਮਚਾਡੋ ਨੂੰ 2025 ਦਾ ਨੋਬਲ ਸ਼ਾਂਤੀ ਪੁਰਸਕਾਰ ਉਸ ਸਮੇਂ ਦਿੱਤਾ ਗਿਆ ਜਦੋਂ ਦੇਸ਼ ਦੀ ਵਧਦੀ ਗਿਣਤੀ ਤਾਨਾਸ਼ਾਹੀ ਵੱਲ ਵਧ ਰਹੀ ਹੈ ਤੇ ਉਹ ਦੇਸ਼ ਵਿਚ ਲੋਕਤੰਤਰ ਨੂੰ ਉਤਸ਼ਾਹਿਤ ਕਰਨ ਦੇ ਯਤਨ ਕਰ ਰਹੇ ਹਨ। ਓਸਲੋ-ਅਧਾਰਤ



ਨਾਰਵੇਈ ਨੋਬਲ ਕਮੇਟੀ ਨੇ ਸ਼ੁੱਕਰਵਾਰ ਨੂੰ ਇੱਕ ਬਿਆਨ ਵਿੱਚ ਕਿਹਾ ਕਿ ਵੈਨੇਜ਼ੁਏਲਾ ਦੇ ਲੋਕਾਂ ਲਈ ਜਮਹੂਰੀ ਅਧਿਕਾਰਾਂ ਨੂੰ ਉਤਸ਼ਾਹਿਤ ਕਰਨ ਅਤੇ ਤਾਨਾਸ਼ਾਹੀ ਤੋਂ ਲੋਕਤੰਤਰ ਵਿੱਚ ਨਿਆਂਪੂਰਨ ਅਤੇ ਸ਼ਾਂਤੀਪੂਰਨ ਤਬਦੀਲੀ ਪ੍ਰਾਪਤ ਕਰਨ ਲਈ ਉਨ੍ਹਾਂ ਦੇ ਸੰਘਰਸ਼ ਲਈ ਉਨ੍ਹਾਂ ਨੂੰ 11 ਮਿਲੀਅਨ ਸਵੀਡਿਸ਼ ਕ੍ਰੋਨਰ (£1.2 ਮਿਲੀਅਨ) ਦਾ ਇਨਾਮ ਦਿੱਤਾ ਗਿਆ ਹੈ।

## ਪੰਜਾਬ ਦੇ ਨੌਜਵਾਨਾਂ ਲਈ ਮਨੀਸ਼ ਸਿਸੋਦੀਆ ਦਾ ਵੱਡਾ ਐਲਾਨ

ਜਲੰਧਰ/ਚੰਡੀਗੜ੍ਹ 10 ਅਕਤੂਬਰ। ਆਮ ਆਦਮੀ ਪਾਰਟੀ ਪੰਜਾਬ ਦੇ ਇੰਚਾਰਜ ਅਤੇ ਦਿੱਲੀ ਦੇ ਸਾਬਕਾ ਉਪ-ਮੁੱਖ ਮੰਤਰੀ ਮਨੀਸ਼ ਸਿਸੋਦੀਆ ਨੇ ਕਿਹਾ ਹੈ ਕਿ 'ਰੰਗਲਾ ਪੰਜਾਬ' ਮਿਸ਼ਨ ਤਹਿਤ ਨੌਜਵਾਨਾਂ ਨੂੰ ਵੱਧ ਤੋਂ ਵੱਧ ਰੁਜ਼ਗਾਰ ਦਿੱਤਾ ਜਾਵੇਗਾ। ਸਿਸੋਦੀਆ ਨੇ ਅੱਜ ਵਪਾਰੀ ਵਿੰਗ ਦੇ ਅਧਿਕਾਰੀਆਂ ਨਾਲ ਮੁਲਾਕਾਤ ਦੌਰਾਨ ਵਪਾਰੀਆਂ ਨੂੰ ਦਰਪੇਸ਼ ਸਮੱਸਿਆਵਾਂ ਬਾਰੇ ਜਾਣਕਾਰੀ ਹਾਸਲ ਕੀਤੀ। ਸਿਸੋਦੀਆ ਨੇ ਕਿਹਾ ਕਿ ਸਾਰੇ ਅਧਿਕਾਰੀਆਂ ਨੂੰ ਉਤਸ਼ਾਹਿਤ ਕੀਤਾ ਗਿਆ ਹੈ, ਕਿ ਉਹ ਨੌਜਵਾਨਾਂ ਨੂੰ ਨਾਲ ਲੈ ਕੇ ਉਨ੍ਹਾਂ ਨੂੰ ਵੱਧ ਤੋਂ ਵੱਧ ਰੁਜ਼ਗਾਰ ਪ੍ਰਦਾਨ ਕਰਨ ਦੀ ਦਿਸ਼ਾ 'ਚ ਕੰਮ ਕਰਨ ਅਤੇ ਇਸ ਸਬੰਧੀ ਸਰਕਾਰ ਕੋਲੋਂ ਸਹਿਯੋਗ ਲਿਆ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ



ਵਿਚ ਪਿਛਲੇ ਪੌਣੇ ਚਾਰ ਸਾਲਾਂ ਦੌਰਾਨ 'ਆਪ' ਸਰਕਾਰ ਨੇ ਲੋਕਾਂ ਨੂੰ ਵੱਧ ਤੋਂ ਵੱਧ ਰੁਜ਼ਗਾਰ ਦੇ ਮੌਕੇ ਪ੍ਰਦਾਨ ਕੀਤੇ ਹਨ ਅਤੇ ਬਿਨਾਂ ਕਿਸੇ ਭੇਦਭਾਵ ਜਾਂ ਰਿਸ਼ਵਤਖੋਰੀ ਦੇ ਵੱਡੀ ਗਿਣਤੀ ਵਿਚ ਯੋਗ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਭ੍ਰਿਸ਼ਟਾਚਾਰ ਵਿਰੋਧੀ ਲਹਿਰ ਵਿਚੋਂ ਪੈਦਾ ਹੋਈ ਸੀ ਅਤੇ ਪੰਜਾਬ ਸਰਕਾਰ ਭ੍ਰਿਸ਼ਟਾਚਾਰ ਸਬੰਧੀ ਕੋਈ ਸਮਝੌਤਾ ਨਹੀਂ ਕਰ ਰਹੀ ਹੈ।

## ਮੁੱਖ ਮੰਤਰੀ ਦੇ ਓ. ਐੱਸ.ਡੀ. ਨੇ ਰਾਈਸ ਮਿੱਲਰਾਂ ਤੇ ਆੜ੍ਹਤੀਆਂ ਦੀਆਂ ਸੁਣੀਆਂ ਮੁਸ਼ਕਿਲਾਂ

ਕੌਮੀ ਪਤ੍ਰਿਕਾ

ਧੂਰੀ 10 ਅਕਤੂਬਰ। ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੇ ਹਲਕਾ ਧੂਰੀ ਵਿਖੇ ਲੋਕਾਂ ਦੀਆਂ ਮੁਸ਼ਕਿਲਾਂ ਹੱਲ ਕਰਨ ਖਾਤਰ ਗੰਭੀਰਤਾ ਵਿਖਾਉਂਦਿਆਂ ਮੁੱਖ ਮੰਤਰੀ ਦੇ ਓ. ਐੱਸ. ਡੀ. ਸੁਖਬੀਰ ਸਿੰਘ ਸੁੱਖੀ ਵੱਲੋਂ ਅੱਜ ਪਿੰਡ ਧੂਰਾ ਵਿਖੇ ਇਕ ਰਾਈਸ ਮਿੱਲ 'ਚ ਰਾਈਸ ਮਿੱਲਰਜ਼ ਐਸੋਸੀਏਸ਼ਨ ਦੇ ਆਗੂਆਂ ਨਾਲ ਮੁਲਾਕਾਤ ਕਰ ਉਨ੍ਹਾਂ ਦੀਆਂ ਮੁਸ਼ਕਿਲਾਂ ਸੁਣੀਆਂ ਗਈਆਂ। ਇਸ ਮੌਕੇ ਆੜ੍ਹਤੀਆਂ ਐਸੋਸੀਏਸ਼ਨ ਧੂਰੀ ਦੇ ਪ੍ਰਧਾਨ ਜਤਿੰਦਰ ਸਿੰਘ ਸੋਨੀ ਮੰਡੇਰ ਵੀ ਉਚੇਚੇ ਤੌਰ 'ਤੇ ਮੌਜੂਦ ਰਹੇ। ਇਸ ਮੌਕੇ ਰਾਈਸ ਮਿੱਲਰਜ਼ ਐਸੋਸੀਏਸ਼ਨ ਦੇ ਆਗੂਆਂ ਨੇ ਓ. ਐੱਸ. ਡੀ. ਸੁਖਬੀਰ ਸਿੰਘ ਸੁੱਖੀ ਅੱਗੇ ਸਰਕਾਰੀ ਗੋਦਾਮਾਂ 'ਚ ਨਵੇਂ ਝੋਨੇ ਦਾ ਚੌਲ ਲਗਾਉਣ ਖਾਤਰ ਸਪੇਸ ਨਾ ਹੋਣ ਦਾ ਮੁੱਦਾ ਚੁੱਕਿਆ। ਜੇਕਰ ਸਪੇਸ ਦੀ ਘਾਟ ਕਾਰਨ ਨਵੇਂ ਝੋਨੇ ਦਾ ਚੌਲ ਸਮੇਂ ਸਿਰ ਨਾ ਭੁਗਤਾਇਆ ਜਾ ਸਕਿਆ, ਤਾਂ ਇਸ ਨਾਲ ਨਾ ਸਿਰਫ ਸ਼ੈਲਰ ਇੰਡਸਟਰੀ ਦਾ ਸਗੋਂ ਸੂਬਾ ਸਰਕਾਰ ਦਾ ਵੀ ਭਾਰੀ ਨੁਕਸਾਨ ਹੋਵੇਗਾ। ਉਨ੍ਹਾਂ ਸਪੈਸ਼ਲਾਂ ਲਗਵਾ ਕੇ ਗੋਦਾਮਾਂ 'ਚ ਪਏ ਪੁਰਾਣੇ ਅਨਾਜ ਨੂੰ ਹੋਰਨਾਂ ਸੂਬਿਆਂ 'ਚ ਭੇਜਣ ਦਾ ਪ੍ਰਬੰਧ ਕਰਨ ਦੀ ਅਪੀਲ ਕੀਤੀ, ਤਾਂ ਜੋ ਉੱਥੇ ਨਵੇਂ ਚੌਲ ਦਾ ਭੰਡਾਰਣ ਹੋ ਸਕੇ। ਓ. ਐੱਸ. ਡੀ. ਸੁੱਖੀ ਨੇ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਉਹ ਇਸ ਮਸਲੇ ਸਬੰਧੀ ਜਲਦੀ ਹੀ ਉਨ੍ਹਾਂ ਦੀ ਇਕ ਮੀਟਿੰਗ ਸਬੰਧਤ ਵਿਭਾਗਾਂ ਦੇ ਉੱਚ ਅਧਿਕਾਰੀਆਂ ਨਾਲ ਕਰਵਾਉਣਗੇ, ਤਾਂ ਜੋ ਇਸ ਮਸਲੇ ਨੂੰ ਪਹਿਲ ਦੇ ਆਧਾਰ 'ਤੇ



ਹੱਲ ਕੀਤਾ ਜਾ ਸਕੇ। ਇਸ ਮੌਕੇ ਆੜ੍ਹਤੀਆਂ ਐਸੋਸੀਏਸ਼ਨ ਦੇ ਪ੍ਰਧਾਨ ਜਤਿੰਦਰ ਸਿੰਘ ਮੰਡੇਰ ਸਮੇਤ ਹੋਰਨਾਂ ਆਗੂਆਂ ਵੱਲੋਂ ਜਿਣਸਾਂ ਦੇ ਭਾਅ 'ਤੇ ਫਿਕਸ (ਫਰੀਜ਼) ਕੀਤੀ ਗਈ ਆੜ੍ਹਤ 'ਤੇ ਨਾਰਾਜ਼ਗੀ ਜ਼ਾਹਿਰ ਕਰਦਿਆਂ ਮੰਗ ਕੀਤੀ ਕਿ ਇਸ ਨੂੰ ਪਹਿਲਾਂ ਵਾਂਗ ਹੀ 2.5 ਫੀਸਦੀ ਦੇ ਹਿਸਾਬ ਨਾਲ ਜਾਰੀ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਜਿਣਸਾਂ 'ਤੇ ਆੜ੍ਹਤੀਆਂ ਦੇ ਖਰਚੇ ਹਰੇਕ ਸਾਲ ਵੱਧਦੇ ਜਾ ਰਹੇ ਹਨ ਅਤੇ ਜੇਕਰ ਆੜ੍ਹਤ ਫਿਕਸ ਹੀ ਰਹਿੰਦੀ ਹੈ, ਤਾਂ ਇਸ ਨਾਲ ਆੜ੍ਹਤੀਆਂ ਦਾ ਨੁਕਸਾਨ ਹੁੰਦਾ ਹੈ। ਉਕਤ ਮਸਲੇ ਨੂੰ ਵੀ ਓ. ਐੱਸ. ਡੀ. ਸੁੱਖੀ ਨੇ ਸਬੰਧਤ ਅਧਿਕਾਰੀਆਂ ਅੱਗੇ ਰੱਖਕੇ ਹੱਲ ਕਰਵਾਉਣ ਦਾ ਭਰੋਸਾ ਦਵਾਇਆ। ਇਸ ਮੌਕੇ ਓ. ਐੱਸ. ਡੀ. ਸੁੱਖੀ ਨੇ ਕਿਹਾ ਕਿ ਪੰਜਾਬ ਸਰਕਾਰ ਹਰੇਕ ਵਰਗ ਦੀਆਂ ਮੁਸ਼ਕਿਲਾਂ ਨੂੰ ਹੱਲ ਕਰਨ ਖਾਤਰ ਪੂਰੀ ਤਰ੍ਹਾਂ ਗੰਭੀਰ ਹੈ ਅਤੇ ਕਿਸੇ ਵੀ ਵਰਗ ਨੂੰ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਧੂਰੀ ਹਲਕੇ ਦੇ ਵਿਕਾਸ 'ਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਇਸ ਮੌਕੇ ਓ. ਐੱਸ. ਡੀ. ਸੁੱਖੀ ਨੂੰ ਰਾਈਸ ਮਿਲਰਜ਼ ਐਸੋਸੀਏਸ਼ਨ ਦੇ ਆਗੂ ਵਿਜੇ ਬਾਂਸਲ ਸਮੇਤ ਹੋਰਨਾਂ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਮੁੱਖ ਮੰਤਰੀ ਕੈਂਪ ਦਫਤਰ ਦੇ ਇੰਚਾਰਜ ਦਲਵੀਰ ਸਿੰਘ ਢਿੱਲੋਂ ਅਤੇ ਰਾਜਵੰਤ ਸਿੰਘ ਘੁੱਲੀ, ਗਊ ਸੇਵਾ ਕਮਿਸ਼ਨ ਪੰਜਾਬ ਦੇ ਚੇਅਰਮੈਨ ਅਸ਼ੋਕ ਕੁਮਾਰ ਲੱਖਾ, ਸੀਨੀਅਰ 'ਆਪ' ਆਗੂ ਅਤੇ ਆਲ ਇੰਡੀਆ ਐਫਸੀਆਈ ਸਟਾਫ ਯੂਨੀਅਨ ਦੇ ਕੌਮੀ ਪ੍ਰਧਾਨ ਸਤਿੰਦਰ ਸਿੰਘ ਚੱਠਾ, ਡਾਇਰੈਕਟਰ ਅਨਿਲ ਮਿੱਤਲ, ਸ਼ੰਮੀ ਕੁਮਾਰ, ਬਲਵਿੰਦਰ ਸਿੰਘ ਬਿੱਲੂ, ਮੈਂਬਰ ਜਿਲਾ ਯੋਜਨਾ ਬੋਰਡ ਨਰੇਸ਼ ਸਿੰਗਲਾ, ਅਸ਼ੋਕ ਜਿੰਦਲ, ਰਮਨਦੀਪ ਸਿੰਘ, ਹਰਪ੍ਰੀਤ ਸਿੰਘ ਗਿੱਲ ਆਦਿ ਵੀ ਮੌਜੂਦ ਸਨ।

## ਮਾਇਆਵਤੀ ਨੇ ਯੋਗੀ ਸਰਕਾਰ ਦੀ ਕੀਤੀ ਪ੍ਰਸ਼ੰਸਾ, ਅਖਿਲੇਸ਼ 'ਤੇ ਵਿੰਨ੍ਹਿਆ ਨਿਸ਼ਾਨਾ

ਨੈਸ਼ਨਲ ਡੈਸਕ 10 ਅਕਤੂਬਰ। ਬਹੁਜਨ ਸਮਾਜ ਪਾਰਟੀ (ਬਸਪਾ) ਮੁਖੀ ਮਾਇਆਵਤੀ ਨੇ ਲਖਨਊ ਦੇ ਕਾਂਸ਼ੀ ਰਾਮ ਸਮਾਰਕ 'ਤੇ ਇੱਕ ਮੈਗਾ ਰੈਲੀ ਨੂੰ ਸੰਬੋਧਨ ਕੀਤਾ। ਰੈਲੀ ਦੌਰਾਨ ਉਨ੍ਹਾਂ ਯੋਗੀ ਸਰਕਾਰ ਦੀ ਪ੍ਰਸ਼ੰਸਾ ਕੀਤੀ ਅਤੇ ਸਮਾਜਵਾਦੀ ਪਾਰਟੀ 'ਤੇ ਤਿੱਖਾ ਹਮਲਾ ਕੀਤਾ। ਮਾਇਆਵਤੀ ਨੇ ਕਿਹਾ ਕਿ ਭਾਜਪਾ ਸਰਕਾਰ ਨੇ ਕਾਂਸ਼ੀ ਰਾਮ ਸਮਾਰਕ ਦੀ ਚੰਗੀ ਦੇਖਭਾਲ ਕੀਤੀ ਹੈ। ਉਨ੍ਹਾਂ ਦੱਸਿਆ ਕਿ ਜਦੋਂ ਉਨ੍ਹਾਂ ਨੇ ਸਰਕਾਰ ਨੂੰ ਯਾਦਗਾਰ ਦੇ ਮਾਲੀਏ ਦੀ ਮੁਰੰਮਤ ਅਤੇ ਰੱਖ-ਰਖਾਅ ਲਈ ਵਰਤੋਂ ਕਰਨ ਦੀ ਅਪੀਲ ਕੀਤੀ ਸੀ, ਤਾਂ ਯੋਗੀ ਸਰਕਾਰ ਨੇ ਬੇਨਤੀ 'ਤੇ ਧਿਆਨ ਦਿੱਤਾ ਅਤੇ ਢੁਕਵੀਂ ਕਾਰਵਾਈ ਕੀਤੀ। ਮਾਇਆਵਤੀ ਨੇ ਸਮਾਜਵਾਦੀ ਪਾਰਟੀ 'ਤੇ ਨਿਸ਼ਾਨਾ ਸਾਧਦੇ ਹੋਏ ਕਿਹਾ ਕਿ ਉਨ੍ਹਾਂ ਦੀ ਸਰਕਾਰ ਦੌਰਾਨ ਯਾਦਗਾਰ ਦੇ ਮਾਲੀਏ ਦੀ ਸਹੀ ਵਰਤੋਂ ਨਹੀਂ ਕੀਤੀ ਗਈ। ਉਨ੍ਹਾਂ ਕਿਹਾ ਕਿ ਟਿਕਟਾਂ ਦੀ ਵਿਕਰੀ ਤੋਂ ਪੈਦਾ ਹੋਏ ਪੈਸੇ ਦੀ ਵਰਤੋਂ ਜੇਬਾਂ ਵਿੱਚ ਕੀਤੀ ਜਾਂਦੀ ਸੀ ਤੇ ਰੱਖ-ਰਖਾਅ ਲਈ ਨਹੀਂ ਕੀਤੀ ਜਾਂਦੀ ਸੀ। ਇਸ ਮੌਕੇ ਮਾਇਆਵਤੀ ਨੇ ਸਮਾਜਵਾਦੀ ਪਾਰਟੀ ਦੇ ਨੇਤਾ ਅਖਿਲੇਸ਼ ਯਾਦਵ 'ਤੇ ਵੀ ਤਿੱਖਾ ਹਮਲਾ ਕੀਤਾ ਅਤੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਯਾਦਗਾਰ ਨੂੰ ਨਜ਼ਰਅੰਦਾਜ਼ ਕੀਤਾ ਹੈ।

## 'ਪਰਿਵਾਰ ਦੇ ਹਰੇਕ ਮੈਂਬਰ ਨੂੰ ਮਿਲੇਗੀ ਸਰਕਾਰੀ ਨੌਕਰੀ', ਚੋਣਾਂ ਤੋਂ ਪਹਿਲਾਂ ਕਰ 'ਤਾ ਵੱਡਾ ਐਲਾਨ

ਕੌਮੀ ਪਤ੍ਰਿਕਾ
**ਨਵਦੀਪ ਸਿੰਘ ਸਾਹਨੀ**

ਨੈਸ਼ਨਲ ਡੈਸਕ 10 ਅਕਤੂਬਰ। ਆਰਜੇਡੀ ਨੇਤਾ ਅਤੇ ਬਿਹਾਰ ਦੇ ਸਾਬਕਾ ਉਪ ਮੁੱਖ ਮੰਤਰੀ ਤੇਜਸਵੀ ਯਾਦਵ ਨੇ 2025 ਵਿੱਚ ਹੋਣ ਵਾਲੀਆਂ ਬਿਹਾਰ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਇੱਕ ਵੱਡਾ ਐਲਾਨ ਕੀਤਾ ਹੈ। ਪਟਨਾ ਵਿੱਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਤੇਜਸਵੀ ਯਾਦਵ ਨੇ ਕਿਹਾ ਕਿ ਚੋਣ ਪ੍ਰਚਾਰ ਦਾ ਐਲਾਨ ਕਰ ਦਿੱਤਾ ਗਿਆ ਹੈ ਅਤੇ ਬਿਹਾਰ ਵਿੱਚ ਬਦਲਾਅ ਆਵੇਗਾ। ਤੇਜਸਵੀ ਯਾਦਵ ਨੇ ਆਪਣਾ ਪਹਿਲਾ ਅਤੇ ਸਭ ਤੋਂ ਮਹੱਤਵਪੂਰਨ ਚੋਣ ਐਲਾਨ ਕਰਦੇ ਹੋਏ ਕਿਹਾ, ਬਿਹਾਰ ਦੇ ਸਾਰੇ ਪਰਿਵਾਰਾਂ ਜਿਨ੍ਹਾਂ ਕੋਲ ਕੋਈ ਸਰਕਾਰੀ ਨੌਕਰੀ ਨਹੀਂ ਹੈ, ਅਸੀਂ ਸੱਤਾ ਵਿੱਚ ਆਉਣ ਦੇ 20 ਦਿਨਾਂ ਦੇ ਅੰਦਰ ਇੱਕ ਕਾਨੂੰਨ ਲਿਆਵਾਂਗੇ ਅਤੇ ਬਿਹਾਰ ਦੇ ਹਰ ਪਰਿਵਾਰ ਨੂੰ ਸਰਕਾਰੀ ਨੌਕਰੀਆਂ ਦੇਵਾਂਗੇ। ਆਰਜੇਡੀ ਨੇਤਾ ਨੇ ਮੌਜੂਦਾ ਸਰਕਾਰ 'ਤੇ ਹਮਲਾ ਬੋਲਦੇ ਹੋਏ ਦੋਸ਼ ਲਗਾਇਆ ਕਿ ਉਨ੍ਹਾਂ ਦੀ ਸਰਕਾਰ ਉਨ੍ਹਾਂ ਦੇ ਐਲਾਨਾਂ ਦੀ ਨਕਲ ਕਰ ਰਹੀ ਹੈ। ਉਨ੍ਹਾਂ ਕਿਹਾ, ਅੱਜ ਇਹ ਲੋਕ ਬੇਰੁਜ਼ਗਾਰੀ ਭੱਤਾ ਦੇਣ ਦੀ ਗੱਲ ਕਰ ਰਹੇ ਹਨ, ਨੌਕਰੀਆਂ ਦੇਣ ਦੀ ਗੱਲ ਨਹੀਂ ਕਰ ਰਹੇ। ਤੇਜਸਵੀ ਯਾਦਵ ਨੇ ਦਾਅਵਾ ਕੀਤਾ ਕਿ ਸਰਕਾਰ ਵਿੱਚ ਆਪਣੇ ਪਿਛਲੇ 17 ਮਹੀਨਿਆਂ ਦੇ



ਕਾਰਜਕਾਲ ਦੌਰਾਨ ਉਨ੍ਹਾਂ ਨੇ 500,000 ਨੌਕਰੀਆਂ ਪੈਦਾ ਕੀਤੀਆਂ ਸਨ। ਉਨ੍ਹਾਂ ਨੇ ਆਪਣੇ ਐਲਾਨ ਨੂੰ ਜੁਮਲੇਬਾਜ਼ੀ ਨਹੀਂ ਕਿਹਾ ਅਤੇ ਕਿਹਾ ਕਿ ਇਹ ਸੰਭਾਵੀ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਕੋਲ ਪੂਰਾ ਡੇਟਾ ਹੈ ਅਤੇ ਉਨ੍ਹਾਂ ਦੀ ਯੋਜਨਾ ਇਸਨੂੰ ਵਿਗਿਆਨਕ ਢੰਗ ਨਾਲ ਲਾਗੂ ਕਰਨ ਦੀ ਹੈ। ਤੇਜਸਵੀ ਯਾਦਵ ਨੇ ਕਿਹਾ ਕਿ ਉਹ ਨਾ ਸਿਰਫ਼ ਸਮਾਜਿਕ ਨਿਆਂ, ਸਗੋਂ ਆਰਥਿਕ ਨਿਆਂ ਵੀ ਯਕੀਨੀ ਬਣਾਉਣਗੇ। ਉਨ੍ਹਾਂ ਕਿਹਾ, ਸਾਡੀ 17 ਮਹੀਨਿਆਂ ਦੀ ਸਰਕਾਰ ਵਿੱਚ, ਅਸੀਂ ਪੰਜ ਲੱਖ ਨੌਕਰੀਆਂ ਦਿੱਤੀਆਂ, ਪਰ ਇਸ ਨਾਲ ਸੰਤੁਸ਼ਟੀ ਨਹੀਂ ਮਿਲੀ। ਉਨ੍ਹਾਂ ਨੇ ਮੌਜੂਦਾ ਐਨਡੀਏ ਸਰਕਾਰ 'ਤੇ ਪਿਛਲੇ 20 ਸਾਲਾਂ ਵਿੱਚ ਅਸੁਰੱਖਿਆ ਪੈਦਾ ਕਰਨ ਦਾ ਦੋਸ਼ ਲਗਾਇਆ ਅਤੇ ਬਿਹਾਰ ਨੂੰ ਇੱਕ ਸਹੀ ਅਤੇ ਸੰਪੂਰਨ ਸਰਕਾਰ ਪ੍ਰਦਾਨ ਕਰਨ ਦਾ ਵਾਅਦਾ ਕੀਤਾ। ਆਰਜੇਡੀ ਨੇਤਾ ਨੇ ਵਿਸ਼ਵਾਸ ਪ੍ਰਗਟ ਕੀਤਾ ਕਿ ਬਿਹਾਰ ਦੇ ਲੋਕ ਆਉਣ ਵਾਲੀਆਂ ਬਿਹਾਰ ਚੋਣਾਂ ਵਿੱਚ ਉਨ੍ਹਾਂ ਨੂੰ ਆਸ਼ੀਰਵਾਦ ਦੇਣਗੇ।

## ਰਾਸ਼ਟਰਪਤੀ ਮੁਰਮੂ ਨੇ ਗੁਜਰਾਤ ਦੇ ਸੋਮਨਾਥ ਮੰਦਰ 'ਚ ਕੀਤੀ ਪੂਜਾ-ਅਰਚਨਾ

ਵੇਰਾਵਲ 10 ਅਕਤੂਬਰ। ਗੁਜਰਾਤ ਦੇ ਤਿੰਨ-ਦਿਨਾ ਦੌਰੇ 'ਤੇ ਪਹੁੰਚੀ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਸ਼ੁੱਕਰਵਾਰ, 10 ਅਕਤੂਬਰ ਨੂੰ ਗਿਰ ਸੋਮਨਾਥ ਜ਼ਿਲ੍ਹੇ ਵਿੱਚ ਸਥਿਤ ਪ੍ਰਸਿੱਧ ਸੋਮਨਾਥ ਮਹਾਦੇਵ ਮੰਦਰ ਵਿੱਚ ਪੂਜਾ-ਅਰਚਨਾ ਕੀਤੀ। ਰਾਸ਼ਟਰਪਤੀ ਮੁਰਮੂ ਵੀਰਵਾਰ ਸ਼ਾਮ ਨੂੰ ਗੁਜਰਾਤ ਪਹੁੰਚੇ ਸਨ। ਇੱਕ ਸਰਕਾਰੀ ਬਿਆਨ ਅਨੁਸਾਰ ਸ਼ੁੱਕਰਵਾਰ ਨੂੰ ਉਨ੍ਹਾਂ ਨੇ ਵੇਰਾਵਲ ਸ਼ਹਿਰ ਦੇ ਨੇੜੇ ਸਥਿਤ ਸੋਮਨਾਥ ਮਹਾਦੇਵ ਮੰਦਰ ਵਿੱਚ ਪੂਜਾ-ਅਰਚਨਾ ਅਤੇ ਆਰਤੀ ਕੀਤੀ। ਇਹ ਮੰਦਰ ਭਗਵਾਨ ਸ਼ਿਵ ਨੂੰ ਸਮਰਪਿਤ 12 ਜੋਤਿਰਲਿੰਗਾਂ ਵਿੱਚੋਂ ਇੱਕ ਹੈ। ਪੂਜਾ ਦੇ ਵਿਸ਼ੇਸ਼ ਵੇਰਵੇ: ਰਾਸ਼ਟਰਪਤੀ ਨੇ ਮੰਤਰਾਂ ਦੇ ਉਚਾਰਨ ਦੌਰਾਨ ਸ਼ਿਵਜੀ ਦਾ ਗੰਗਾ ਜਲ ਨਾਲ ਅਭਿਸ਼ੇਕ ਕੀਤਾ ਅਤੇ ਸੋਮੇਸ਼ਵਰ ਮਹਾਪੂਜਾ ਕੀਤੀ। ਸਰਦਾਰ ਪਟੇਲ ਨੂੰ ਸ਼ਰਧਾਂਜਲੀ: ਵਿਗਿਆਪਨ ਵਿੱਚ ਇਹ ਵੀ ਦੱਸਿਆ ਗਿਆ ਕਿ ਰਾਸ਼ਟਰਪਤੀ ਮੁਰਮੂ ਨੇ ਮੰਦਰ ਕੰਪਲੈਕਸ ਵਿੱਚ ਸਥਾਪਿਤ ਸਰਦਾਰ ਵੱਲਭ ਭਾਈ ਪਟੇਲ ਦੀ ਪ੍ਰਤਿਮਾ 'ਤੇ ਫੁੱਲਮਾਲਾ ਭੇਟ ਕੀਤੀ। ਉਨ੍ਹਾਂ ਨੇ ਜ਼ਿਕਰ ਕੀਤਾ ਕਿ ਪਟੇਲ ਨੇ ਆਜ਼ਾਦੀ ਤੋਂ ਬਾਅਦ ਮੰਦਰ ਦੇ ਪੁਨਰ ਨਿਰਮਾਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਸੀ। ਅਗਲਾ ਕਾਰਜਕ੍ਰਮ: ਸੋਮਨਾਥ ਮੰਦਰ ਦੇ ਦੌਰੇ ਤੋਂ ਬਾਅਦ, ਰਾਸ਼ਟਰਪਤੀ ਮੁਰਮੂ ਜੂਨਾਗੜ੍ਹ ਜ਼ਿਲ੍ਹੇ ਦੇ ਸਾਸਨ-ਗਿਰ ਲਈ ਰਵਾਨਾ ਹੋ ਗਏ, ਜਿੱਥੇ ਉਹ ਗਿਰ ਰਾਸ਼ਟਰੀ ਪਾਰਕ ਦਾ ਭ੍ਰਮਣ ਕਰਨਗੇ। ਇਹ ਪਾਰਕ ਏਸ਼ੀਆਈ



ਸ਼ੇਰਾਂ ਦਾ ਨਿਵਾਸ ਸਥਾਨ ਹੈ। ਆਪਣੇ ਗੁਜਰਾਤ ਦੌਰੇ ਦੌਰਾਨ ਰਾਸ਼ਟਰਪਤੀ ਮੁਰਮੂ 11 ਅਕਤੂਬਰ ਨੂੰ ਦੁਆਰਕਾ ਵਿੱਚ ਸਥਿਤ ਦੁਆਰਕਾਧੀਸ਼ ਮੰਦਰ ਦੇ ਦਰਸ਼ਨ ਕਰਨਗੇ ਅਤੇ ਆਰਤੀ ਕਰਨਗੇ ਅਤੇ ਅਹਿਮਦਾਬਾਦ ਵਿੱਚ ਗੁਜਰਾਤ ਵਿਦਿਆਪੀਠ ਦੇ 71ਵੇਂ ਦੀਕਸ਼ਾਂਤ ਸਮਾਰੋਹ ਵਿੱਚ ਵੀ ਸ਼ਾਮਲ ਹੋਣਗੇ।

## ਸ਼੍ਰੋਮਣੀ ਅਕਾਲੀ ਦਲ ਬੁਢਲਾਡਾ 'ਚ ਖੋਲ੍ਹਿਆ ਦਫਤਰ, ਸੁਣੀਆਂ ਜਾਣਗੀਆਂ ਮੁਸ਼ਕਿਲਾਂ : ਹਰਸਿਮਰਤ ਬਾਦਲ

ਬੁਢਲਾਡਾ 10 ਅਕਤੂਬਰ। ਸ਼੍ਰੋਮਣੀ ਅਕਾਲੀ ਦਲ ਨੇ ਬੁਢਲਾਡਾ ਵਿਖੇ ਆਪਣਾ ਦਫਤਰ ਖੋਲ੍ਹ ਕੇ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਅਤੇ ਅਕਾਲੀ ਦਲ ਦੀਆਂ ਨੀਤੀਆਂ ਲੋਕਾਂ ਵਿਚ ਲੈ ਕੇ ਜਾਣ ਦਾ ਆਗਾਜ਼ ਕੀਤਾ ਹੈ। ਸ਼੍ਰੋਮਣੀ ਅਕਾਲੀ ਦਲ ਦੇ ਇਸ ਦਫਤਰ ਦਾ ਉਦਘਾਟਨ ਮੈਂਬਰ ਪਾਰਲੀਮੈਂਟ ਬੀਬਾ ਹਰਸਿਮਰਤ ਕੌਰ ਬਾਦਲ ਨੇ ਕਰਦਿਆਂ ਕਿਹਾ ਕਿ ਅੱਜ ਪੰਜਾਬ ਨੂੰ ਬਚਾਉਣ ਦੀ ਲੋੜ ਹੈ। ਦਿੱਲੀ ਵਾਲੇ ਪੰਜਾਬ ਨੂੰ ਲੁੱਟ ਰਹੇ ਹਨ ਅਤੇ ਮੁੱਖ ਮੰਤਰੀ ਉਨ੍ਹਾਂ ਮੂਹਰੇ ਕਠਪੁਤਲੀ ਬਣੇ ਹੋਏ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਆਪਣੇ ਕਰੀਬ ਪੌਣੇ 4 ਸਾਲ ਦਾ ਸਮਾਂ ਪੂਰਾ ਕਰ ਲਿਆ। ਪੰਜਾਬ ਵਿਚ ਵਿਕਾਸ ਦੀ ਇੱਟ ਵੀ ਨਹੀਂ ਲਗਾਈ। ਲੋਕ ਅਕਾਲੀ ਸਰਕਾਰ ਸਮੇਂ ਹੋਏ ਵਿਕਾਸ ਨੂੰ ਤੱਕ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਜਿਹੜੇ ਵਾਅਦਿਆਂ ਨਾਲ ਸੱਤਾ ਵਿਚ ਆਈ ਸੀ, ਉਸ ਦੇ ਨੇੜੇ-ਤੇੜੇ ਵੀ ਉਹ ਢੁਕੀ ਨਹੀਂ। ਉਨ੍ਹਾਂ ਕਿਹਾ ਕਿ ਅਕਾਲੀ ਦਲ ਦਾ ਇਹ ਦਫਤਰ ਆਮ ਲੋਕਾਂ ਦੀਆਂ ਸਮੱਸਿਆਵਾਂ ਸੁਣੇਗਾ ਅਤੇ ਉਨ੍ਹਾਂ ਦੇ ਨਿਪਟਾਰੇ ਲਈ ਹਰ ਸੰਭਵ ਯਤਨ ਕਰੇਗਾ। ਸ਼੍ਰੋਮਣੀ ਅਕਾਲੀ ਦਲ ਹਲਕਾ ਬੁਢਲਾਡਾ ਦੇ ਇੰਚਾਰਜ ਡਾ. ਨਿਸ਼ਾਨ ਸਿੰਘ ਨੇ ਕਿਹਾ ਕਿ ਉਹ ਹਰ ਐਤਵਾਰ ਨੂੰ ਇਸ ਦਫਤਰ ਵਿਚ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਲਈ ਬੈਠਣਗੇ। ਬੁਢਲਾਡਾ ਹਲਕੇ ਦੇ ਲੋਕਾਂ ਦੀਆਂ ਮੁਸ਼ਕਿਲਾਂ, ਸਮੱਸਿਆਵਾਂ ਅਤੇ ਮੰਗਾਂ ਹਨ। ਅਕਾਲੀ ਦਲ ਉਨ੍ਹਾਂ ਲਈ ਸੰਘਰਸ਼ ਕਰੇਗਾ ਅਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਨਿਪਟਾਰੇ ਲਈ ਅਕਾਲੀ ਦਲ ਉਨ੍ਹਾਂ ਦੇ ਨਾਲ ਖੜ੍ਹੇਗਾ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੇ ਉੱਪ ਪ੍ਰਧਾਨ ਪ੍ਰੇਮ ਕੁਮਾਰ ਅਰੋੜਾ, ਜ਼ਿਲ੍ਹਾ ਪ੍ਰਧਾਨ ਬਲਵੀਰ ਸਿੰਘ ਬੀਰੋਕੇ, ਚੇਅਰਮੈਨ ਬੱਲਮ ਸਿੰਘ ਕਲੀਪੁਰ, ਗੁਰਦੀਪ ਸਿੰਘ ਟੋਡਰਪੁਰ, ਗੁਰਮੇਲ ਸਿੰਘ ਫਫੜੇ, ਦਵਿੰਦਰ ਸਿੰਘ ਚੱਕ ਅਲੀਸ਼ੇਰ, ਸ਼ਾਮ ਲਾਲ ਧਲੇਵਾਂ, ਸੁਖਵਿੰਦਰ ਕੌਰ ਸੁੱਖੀ, ਕਰਮਜੀਤ ਸਿੰਘ ਮਾਘੀ, ਜਥੇਦਾਰ ਅਮਰਜੀਤ ਸਿੰਘ ਕੁਲਾਣਾ, ਬਲਵਿੰਦਰ ਸਿੰਘ ਮੱਲ ਸਿੰਘ ਵਾਲਾ, ਜਸਪਾਲ ਸਿੰਘ ਗੰਢੂ ਕਲਾਂ, ਬਲਵਿੰਦਰ ਸਿੰਘ ਪਟਵਾਰੀ, ਬਿੱਕਰ ਬੋੜਾਵਾਲ, ਨਛੱਤਰ ਬੱਛੋਆਣਾ, ਹੰਸ ਰਾਜ ਅਹਿਮਦਪੁਰ, ਸਿਕੰਦਰ ਸਿੰਘ ਰਿਓਂਦ, ਜਥੇਦਾਰ ਮਹਿੰਦਰ ਸਿੰਘ ਸੈਦੇਵਾਲਾ, ਗੁਰਜੀਤ ਸਿੰਘ ਲਾਲੂ ਬਹਾਦਰਪੁਰ, ਸਿਕੰਦਰ ਜੈਲਦਾਰ, ਬਲਦੇਵ ਸਿੰਘ ਸਿਰਸੀਵਾਲਾ, ਬਲਜਿੰਦਰ ਸਿੰਘ ਚੱਕ ਅਲੀਸ਼ੇਰ, ਮਨਜੀਤ ਹਾਕਮਵਾਲਾ, ਨੰਬਰਦਾਰ ਭੁਪਿੰਦਰ ਸਿੰਘ, ਦਿਲਰਾਜ ਰਾਜੂ, ਕਾਲੂ ਮਦਾਨ, ਗੁਰਪ੍ਰੀਤ ਸਿੰਘ ਧਰਮਪੁਰਾ, ਨਛੱਤਰ ਸਿੰਘ ਸੰਧੂ, ਰਮਨਦੀਪ ਗੁੜੱਦੀ, ਬਿੱਕਰ ਬੋੜਾਵਾਲ, ਅਮਰੀਕ ਸਿੰਘ ਭੋਲਾ ਬੀਰੋਕੇ, ਜਗਜੀਤ ਗੋਬਿੰਦਪੁਰਾ, ਅੰਗਰੇਜ਼ ਕੁਲਰੀਆਂ ਤੋਂ ਇਲਾਵਾ ਹੋਰ ਵੀ ਮੌਜੂਦ ਸਨ।

## ਬਿਹਾਰ 'ਚ ਆਦਰਸ਼ ਚੋਣ ਜ਼ਾਬਤੇ ਤਹਿਤ ਸੋਸ਼ਲ ਮੀਡੀਆ 'ਤੇ ਨੇੜਿਓਂ ਨਜ਼ਰ ਰੱਖੇਗਾ ਚੋਣ ਕਮਿਸ਼ਨ

ਕੌਮੀ ਪਤ੍ਰਿਕਾ
**ਤੇਜਿੰਦਰ ਕੌਰ ਬੱਬਰ**

ਪਟਨਾ 10 ਅਕਤੂਬਰ। ਚੋਣ ਕਮਿਸ਼ਨ ਨੇ ਸਪੱਸ਼ਟ ਕੀਤਾ ਕਿ ਬਿਹਾਰ ਵਿੱਚ ਲਾਗੂ ਆਦਰਸ਼ ਚੋਣ ਜ਼ਾਬਤੇ ਦੇ ਉਪਬੰਧ ਰਵਾਇਤੀ ਪ੍ਰਚਾਰ ਮਾਧਿਅਮਾਂ ਤੋਂ ਇਲਾਵਾ ਸੋਸ਼ਲ ਮੀਡੀਆ ਅਤੇ ਇੰਟਰਨੈੱਟ 'ਤੇ ਸਾਂਝੀ ਕੀਤੀ ਜਾਣ ਵਾਲੀ ਸਮੱਗਰੀ 'ਤੇ ਲਾਗੂ ਹੋਣਗੇ। ਚੋਣ ਕਮਿਸ਼ਨ ਵੱਲੋਂ ਅੱਜ ਜਾਰੀ ਇੱਕ ਬਿਆਨ ਵਿੱਚ ਕਿਹਾ ਗਿਆ ਹੈ ਕਿ ਚੋਣ ਮਾਹੌਲ ਨੂੰ ਖ਼ਰਾਬ ਹੋਣ ਤੋਂ ਰੋਕਣ ਲਈ ਸੋਸ਼ਲ ਮੀਡੀਆ ਪੋਸਟਾਂ 'ਤੇ ਨੇੜਿਓਂ ਨਜ਼ਰ ਰੱਖੀ ਜਾ ਰਹੀ ਹੈ। ਕਮਿਸ਼ਨ ਨੇ ਚੇਤਾਵਨੀ ਦਿੱਤੀ ਹੈ ਕਿ ਚੋਣ ਜ਼ਾਬਤੇ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਕਮਿਸ਼ਨ ਨੇ ਰਾਜਨੀਤਿਕ ਪਾਰਟੀਆਂ ਅਤੇ ਉਮੀਦਵਾਰਾਂ ਨੂੰ ਚੋਣ ਮੁਹਿੰਮਾਂ ਦੌਰਾਨ ਆਪਣੀ ਆਲੋਚਨਾ ਨੂੰ ਨੀਤੀਆਂ, ਪ੍ਰੋਗਰਾਮਾਂ ਅਤੇ ਪਿਛਲੀਆਂ ਕਾਰਵਾਈਆਂ ਤੱਕ ਸੀਮਤ ਰੱਖਣ ਦਾ ਨਿਰਦੇਸ਼ ਦਿੱਤਾ ਹੈ। ਕਿਸੇ ਵੀ ਪਾਰਟੀ ਜਾਂ ਨੇਤਾ ਦੇ ਨਿੱਜੀ ਜੀਵਨ ਦੇ ਉਨ੍ਹਾਂ ਪਹਿਲੂਆਂ ਨੂੰ ਪ੍ਰਚਾਰ ਵਿੱਚ ਸ਼ਾਮਲ ਕਰਨ ਤੋਂ ਬਚਣ ਦੇ ਨਿਰਦੇਸ਼ ਦਿੱਤੇ ਗਏ ਹਨ, ਜੋ ਉਨ੍ਹਾਂ ਦੀਆਂ ਜਨਤਕ ਗਤੀਵਿਧੀਆਂ ਨਾਲ ਸਬੰਧਤ ਨਹੀਂ ਹਨ। ਇਸ ਦੇ ਨਾਲ ਹੀ ਕਮਿਸ਼ਨ ਨੇ ਗੈਰ-ਪ੍ਰਮਾਣਿਤ ਦੋਸ਼ਾਂ ਅਤੇ ਤੋੜ-ਮਰੋੜ ਕੇ ਪੇਸ਼ ਕੀਤੇ ਗਏ ਮਨਘੜਤ ਤੱਥਾਂ ਦੇ ਆਧਾਰ 'ਤੇ ਕਿਸੇ ਵੀ ਪਾਰਟੀ ਜਾਂ ਇਸਦੇ ਵਰਕਰਾਂ ਦੀ ਆਲੋਚਨਾ ਕਰਨ ਤੋਂ ਬਚਣ ਦੀ ਸਖ਼ਤ ਸਲਾਹ ਦਿੱਤੀ ਗਈ ਹੈ। ਚੋਣ ਕਮਿਸ਼ਨ ਨੇ ਤੇਜ਼ੀ ਨਾਲ ਉੱਭਰ ਰਹੀਆਂ




ਤਕਨਾਲੋਜੀਆਂ, ਖਾਸ ਕਰਕੇ ਆਰਟੀਫੀਸ਼ੀਅਲ ਇੰਟੈਲੀਜੈਂਸ (19) ਦੀ ਸੰਭਾਵੀ ਦੁਰਵਰਤੋਂ ਬਾਰੇ ਚਿੰਤਾ ਪ੍ਰਗਟ ਕੀਤੀ ਹੈ ਅਤੇ ਰਾਜਨੀਤਿਕ ਪਾਰਟੀਆਂ ਨੂੰ ਡੂੰਘੇ ਜਾਅਲੀ ਅਤੇ 19-ਤਿਆਰ ਸਮੱਗਰੀ ਦੀ ਵਰਤੋਂ ਕਰਕੇ ਗਲਤ ਜਾਂ ਗੁੰਮਰਾਹਕੁੰਨ ਜਾਣਕਾਰੀ ਫੈਲਾਉਣ ਤੋਂ ਬਚਣ ਦੀ ਅਪੀਲ ਕੀਤੀ ਹੈ। ਜੇਕਰ ਚੋਣ ਪ੍ਰਚਾਰ ਵਿੱਚ ਕੋਈ ਵੀ ਏਆਈ ਜਾਂ ਡਿਜੀਟਲ ਸਮੱਗਰੀ ਵਰਤੀ ਜਾ ਰਹੀ ਹੈ, ਤਾਂ ਇਸਨੂੰ ਏਆਈ ਦੁਆਰਾ ਤਿਆਰ ਕੀਤਾ ਗਿਆ, ਡਿਜੀਟਲ ਤੌਰ 'ਤੇ ਵਧਾਇਆ ਗਿਆ, ਸਿੰਥੈਟਿਕ ਸਮੱਗਰੀ ਵਰਗੇ ਲੇਬਲਾਂ ਨਾਲ ਪ੍ਰਮੁੱਖਤਾ ਨਾਲ ਚਿੰਨ੍ਹ?ਤ ਕਰਨਾ ਲਾਜ਼ਮੀ ਹੋਵੇਗਾ। ਕਮਿਸ਼ਨ ਨੇ ਇਹ ਵੀ ਕਿਹਾ ਕਿ ਆਦਰਸ਼ ਚੋਣ ਜ਼ਾਬਤੇ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਵਿਆਪਕ ਪ੍ਰਬੰਧ ਕੀਤੇ ਗਏ ਹਨ। ਇਸ ਦੌਰਾਨ ਕਿਸੇ ਤਰ੍ਹਾਂ ਦੀ ਕੀਤੀ ਗਈ ਉਲੰਘਣਾ 'ਤੇ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਨ੍ਹਾਂ ਚੋਣ ਜ਼ਾਬਤੇ ਨੂੰ ਲਾਗੂ ਕਰਨ ਵਿੱਚ ਕਮਿਸ਼ਨ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਚੋਣਾਂ ਸਾਫ਼, ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਕਰਵਾਈਆਂ ਜਾਣ।

# ਲੁਧਿਆਣਾ ‘ਚ ਪੈਟਰੋਲ ਪੰਪ ‘ਤੇ ਲੁੱਟ ਦੀ ਤੀਜੀ ਕੋਸ਼ਿਸ਼, ਵਪਾਰੀਆਂ ਨੇ ਪੁਲਸ ਦੀ ਕਾਰਗੁਜ਼ਾਰੀ ‘ਤੇ ਚੁੱਕੇ ਸਵਾਲ

ਕੌਮੀ ਪਤ੍ਰਿਕਾ

ਲੁਧਿਆਣਾ 10 ਅਕਤੂਬਰ। ਸ਼ੁੱਕਰਵਾਰ ਦੇਰ ਰਾਤ ਸ਼ਹਿਰ ਦੇ ਚੀਮਾ ਚੌਂਕ ਨੇੜੇ ਇੰਡੀਅਨ ਆਇਲ ਕੰਪਨੀ ਨਾਲ ਸਬੰਧਤ ਇੱਕ ਪੈਟਰੋਲ ਪੰਪ ਨੂੰ ਲੁੱਟਣ ਦੀ ਤਿੰਨ ਲੁਟੇਰਿਆਂ ਨੇ ਅਸਫਲ ਕੋਸ਼ਿਸ਼ ਕੀਤੀ। ਇਸ ਦੌਰਾਨ ਲੁਟੇਰਿਆਂ ਨੇ ਪੈਟਰੋਲ ਪੰਪ ‘ਤੇ ਭਾਰੀ ਭੰਨਤੋੜ ਕੀਤੀ ਪਰ ਖੁਸ਼ਕਿਸਮਤੀ ਨਾਲ ਪੰਪ ‘ਤੇ ਤਾਇਨਾਤ ਸੁਰੱਖਿਆ ਕਰਮਚਾਰੀਆਂ ਦੀ ਜਵਾਬੀ ਕਾਰਵਾਈ ਤੋਂ ਬਾਅਦ ਲੁਟੇਰੇ ਭੱਜ ਗਏ। ਪੈਟਰੋਲ ਪੰਪ ਦੇ ਮਾਲਕ ਕੁਲਵੰਤ ਸਿੰਘ ਨੇ ਦੱਸਿਆ ਕਿ ਪਿਛਲੇ ਚਾਰ ਮਹੀਨਿਆਂ ਵਿੱਚ ਲੁਟੇਰਿਆਂ ਵੱਲੋਂ ਉਨ੍ਹਾਂ ਦੇ ਪੈਟਰੋਲ ਪੰਪ ‘ਤੇ ਲੁੱਟ ਦੀ ਇਹ ਤੀਜੀ ਕੋਸ਼ਿਸ਼ ਹੈ। ਜਿਸ ਵਿੱਚ ਕੁਝ ਮਹੀਨੇ ਪਹਿਲਾਂ ਇੱਕ ਪੈਟਰੋਲ ਪੰਪ ਕਰਮਚਾਰੀ ਨੂੰ ਇੱਕ ਲੁਟੇਰੇ ਨੇ ਹਮਲਾ ਕਰਕੇ ਗੰਭੀਰ ਜ਼ਖਮੀ ਕਰ ਦਿੱਤਾ ਗਿਆ ਸੀ। ਇਸ ਦੌਰਾਨ ਕਰਮਚਾਰੀਆਂ ਨੇ ਇੱਕ ਲੁਟੇਰੇ ਨੂੰ ਬੁਰੀ ਤਰ੍ਹਾਂ ਕੁੱਟਿਆ ਜਿਸ ਕਾਰਨ ਲੁਟੇਰੇ ਦੀ ਮੌਤ ਹੋ ਗਈ ਅਤੇ ਪੈਟਰੋਲ ਪੰਪ ਕਰਮਚਾਰੀ ਨੂੰ ਪੁਲਸ ਨੇ ਗ੍ਰਿਫ਼ਤਾਰ ਕਰਕੇ ਜੇਲ੍ਹ ਭੇਜ ਦਿੱਤਾ। ਉਨ੍ਹਾਂ ਦੱਸਿਆ ਕਿ ਸ਼ੁੱਕਰਵਾਰ ਰਾਤ 12 ਵਜੇ ਦੇ ਕਰੀਬ ਲੁਟੇਰਿਆਂ ਨੇ ਪੈਟਰੋਲ ਪੰਪ ‘ਤੇ ਤਾਇਨਾਤ ਕਰਮਚਾਰੀਆਂ ਤੋਂ ਨਕਦੀ ਲੁੱਟਣ ਲਈ ਕਾਫ਼ੀ ਹੰਗਾਮਾ ਕੀਤਾ। ਉਨ੍ਹਾਂ ਨੇ ਇੱਟਾਂ ਅਤੇ ਪੱਥਰ ਸੁੱਟ ਕੇ ਪੈਟਰੋਲ ਪੰਪ ‘ਤੇ ਬਣੇ ਦਫ਼ਤਰ ਦੇ ਸ਼ੀਸ਼ੇ ਤੋੜ ਦਿੱਤੇ। ਕੁਲਵੰਤ ਸਿੰਘ ਅਨੁਸਾਰ ਰਾਤ ਨੂੰ ਦਫ਼ਤਰ ਵਿੱਚ ਨਕਦੀ ਰੱਖੀ ਜਾਂਦੀ ਹੈ, ਜਿਸ ਕਾਰਨ ਲੁਟੇਰੇ ਵਾਰ-ਵਾਰ ਲੁੱਟ ਦੀ ਵਾਰਦਾਤ ਨੂੰ ਅੰਜਾਮ ਦੇਣ ਦੀ ਕੋਸ਼ਿਸ਼ ਕਰ ਰਹੇ ਹਨ। ਉਨ੍ਹਾਂ ਪੁਲਸ ਦੇ ਕੰਮ ਕਰਨ ਦੇ ਢੰਗ ‘ਤੇ ਗੰਭੀਰ ਸਵਾਲ ਉਠਾਉਂਦੇ ਹੋਏ ਕਿਹਾ ਕਿ ਰਾਤ ਨੂੰ




ਸ਼ਹਿਰ ਦੀਆਂ ਮੁੱਖ ਸੜਕਾਂ ‘ਤੇ ਪੁਲਸ ਗਸ਼ਤ ਨਾ ਹੋਣ ਕਾਰਨ ਲੁਟੇਰਿਆਂ ਅਤੇ ਚੋਰਾਂ ਦੇ ਹੌਸਲੇ ਲਗਾਤਾਰ ਵੱਧ ਰਹੇ ਹਨ, ਜਿਸ ਕਾਰਨ ਵਪਾਰੀਆਂ ਅਤੇ ਆਮ ਲੋਕਾਂ ਦੀ ਸੁਰੱਖਿਆ ਰੱਬ ਦੀ ਰਹਿਮਤ ‘ਤੇ ਹੈ। ਉਨ੍ਹਾਂ ਦਾਅਵਾ ਕੀਤਾ ਕਿ ਮਾਮਲੇ ਦੀ ਸ਼ਿਕਾਇਤ ਕਰਨ ‘ਤੇ, ਥਾਣਾ ਪੁਲਸ ਉਨ੍ਹਾਂ ਤੋਂ ਲੁੱਟ ਦੀ ਕੋਸ਼ਿਸ਼ ਕਰਨ ਵਾਲੇ ਕਿਸੇ ਵੀ ਸ਼ੱਕੀ ਵਿਅਕਤੀ ‘ਤੇ ਸ਼ੱਕ ਕਰਨ ਬਾਰੇ ਪੁੱਛ ਰਹੀ ਹੈ, ਜੋ ਕਿ ਕਾਫ਼ੀ ਹੈਰਾਨੀਜਨਕ ਹੈ। ਲੁਧਿਆਣਾ ਪੈਟਰੋਲੀਅਮ ਡੀਲਰਜ਼ ਐਸੋਸੀਏਸ਼ਨ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪੁਲਸ ਕਮਿਸ਼ਨਰ ਸਵਪਨ ਸ਼ਰਮਾ ਨੂੰ ਅਪੀਲ ਕੀਤੀ ਹੈ ਕਿ ਉਹ ਵਪਾਰੀ ਵਰਗ ਅਤੇ ਸ਼ਹਿਰ ਵਾਸੀਆਂ ਦੀ ਸੁਰੱਖਿਆ ਲਈ ਠੋਸ ਕਦਮ ਚੁੱਕਣ ਤਾਂ ਜੋ ਵਪਾਰੀ ਬਿਨਾਂ ਕਿਸੇ ਡਰ ਦੇ ਜੇਲ੍ਹ ਜਾ ਸਕਣ।

## ਕਾਠਗੜ੍ਹ ਪੁਲਸ ਵੱਲੋਂ 5 ਕਿੱਲੋ ਭੁੱਕੀ ਤੇ ਕਾਰ ਸਮੇਤ 2 ਵਿਅਕਤੀ ਗ੍ਰਿਫ਼ਤਾਰ

ਕਾਠਗੜ੍ਹ 10 ਅਕਤੂਬਰ। ਪੰਜਾਬ ਸਰਕਾਰ ਵੱਲੋਂ ਆਰੰਭੀ ਗਈ ਮੁਹਿੰਮ ‘ਯੁੱਧ ਨਸ਼ਿਆਂ ਵਿਰੁੱਧ’ ਤਹਿਤ ਉੱਚ ਅਧਿਕਾਰੀਆਂ ਦੇ ਨਿਰਦੇਸ਼ਾਂ ‘ਤੇ ਥਾਣਾ ਕਾਠਗੜ੍ਹ ਦੇ ਐੱਸ. ਐੱਸ. ਓ. ਅਭਿਸ਼ੇਕ ਸ਼ਰਮਾ ਦੀ ਅਗਵਾਈ ਹੇਠ ਏ. ਐੱਸ. ਆਈ. ਰਾਮਸ਼ਾਹ ਵੱਲੋਂ ਨਾਕਾਬੰਦੀ ਦੌਰਾਨ 5 ਕਿਲੋ ਭੁੱਕੀ ਅਤੇ ਕਾਰ ਸਮੇਤ 2 ਮੁਲਜ਼ਮਾਂ ਨੂੰ ਕਾਬੂ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਏ. ਐੱਸ. ਆਈ. ਰਾਮਸ਼ਾਹ ਨੇ ਦੱਸਿਆ ਕਿ 15 ਅਗਸਤ ਦੇ ਮੱਦੇਨਜ਼ਰ ਪਿੰਡ ਕਾਠਗੜ੍ਹ ਦੇ ਅੱਡੇ ‘ਤੇ ਨਾਕਾਬੰਦੀ ਕਰਕੇ ਸ਼ੱਕੀ ਵਾਹਨਾਂ ਦੀ ਚੈਕਿੰਗ ਕੀਤੀ ਜਾ ਰਹੀ ਸੀ ਕਿ ਇਸੇ ਦੌਰਾਨ ਕਾਠਗੜ੍ਹ ਬਾਜ਼ਾਰ ਸਾਈਡ ਤੋਂ ਇਕ ਕਾਰ ਆਉਂਦੀ ਵਿਖਾਈ ਦਿੱਤੀ, ਜਿਸ ਨੂੰ ਪੁਲਸ ਮੁਲਾਜ਼ਮਾਂ ਵੱਲੋਂ ਟਾਰਚ ਮਾਰ ਕੇ ਰੁੱਕਣ ਦਾ ਇਸ਼ਾਰਾ ਕੀਤਾ ਗਿਆ ਤਾਂ ਦੋਵੇਂ ਕਾਰ ਸਵਾਰ ਨਾਕਾ ਲੱਗਾ ਵੇਖ ਕੇ ਘਬਰਾ ਗਏ ਅਤੇ ਉਨ੍ਹਾਂ ਵੱਲੋਂ ਕਾਰ ਨੂੰ ਇਕਦਮ ਪਿੱਛੇ ਮੋੜਨ ਦੀ ਕੋਸ਼ਿਸ਼ ਕੀਤੀ ਪਰ ਕਾਰ ਅਚਾਨਕ ਬੰਦ ਹੋ ਗਈ ਅਤੇ ਪੁਲਸ ਮੁਲਾਜ਼ਮਾਂ ਵੱਲੋਂ ਸ਼ੱਕ ਦੇ ਆਧਾਰ ‘ਤੇ ਦੋਹਾਂ ਨੂੰ ਕਾਬੂ ਕਰਕੇ ਜਦੋਂ ਕਾਰ ਦੀ ਡਿੱਕੀ ਦੀ ਤਲਾਸ਼ੀ ਲਈ ਤਾਂ ਉਸ ਵਿੱਚੋਂ ਇਕ ਪਲਾਸਟਿਕ ਦਾ ਥੈਲਾ ਬਰਾਮਦ ਹੋਇਆ, ਜਿਸ ਨੂੰ ਖੋਲ੍ਹ ਕੇ ਵੇਖਿਆ ਤਾਂ ਥੈਲੇ ਵਿਚ ਭੁੱਕੀ ਸੀ ਜਦੋਂ ਪੁਲਸ ਮੁਲਾਜ਼ਮਾਂ ਵੱਲੋਂ ਇਸ ਦਾ ਭਾਰ ਕੀਤਾ ਗਿਆ

# ਪੰਜਾਬ ‘ਚ ਵੱਡਾ ਐਕਸ਼ਨ ! ਦਰੱਖਤ ਕੱਟਣ ਵਾਲਿਆਂ ਖ਼ਿਲਾਫ਼ ਪੁਲਸ ਕੇਸ ਦਰਜ

ਕੌਮੀ ਪਤ੍ਰਿਕਾ

ਲੁਧਿਆਣਾ 10 ਅਕਤੂਬਰ। ਦੁੱਗਰੀ ਵਿਖੇ 200 ਫੁੱਟੀ ਰੋਡ ‘ਤੇ ਦਰੱਖਤ ਕੱਟਣ ਵਾਲਿਆਂ ਖਿਲਾਫ਼ ਗਲਾਡਾ ਨੇ ਪੁਲਸ ਕੇਸ ਦਰਜ ਕਰਵਾ ਦਿੱਤਾ ਹੈ, ਜਿਸ ਦੇ ਮੁਕਾਬਲੇ ਸਰਾਭਾ ਨਗਰ ਮਾਮਲੇ ‘ਚ ਨਗਰ ਨਿਗਮ ਦੀ ਕਾਰਵਾਈ ਠੁੱਸ ਹੋ ਕੇ ਰਹਿ ਗਈ ਹੈ। ਇਸ ਮਾਮਲੇ ‘ਚ ਐੱਨ. ਜੀ. ਓ. ਦੇ ਮੈਂਬਰਾਂ ਵਲੋਂ ਸ਼ਿਕਾਇਤ ਕੀਤੀ ਗਈ ਸੀ ਕਿ ਦੁੱਗਰੀ ‘ਚ 200 ਫੁੱਟੀ ਰੋਡ ‘ਤੇ ਨਾਜਾਇਜ਼ ਤੌਰ ‘ਤੇ ਬਣਾਈ ਜਾ ਰਹੀ ਇਕ ਨਵੀਂ ਬਿਲਡਿੰਗ ਦੇ ਮਾਲਕ ਵਲੋਂ ਫਰੰਟ ਵਿਊ ‘ਚ ਰੁਕਾਵਟ ਬਣ ਰਹੇ ਬਹੁਤ ਸਾਰੇ ਦਰੱਖਤ ਕੱਟ ਦਿੱਤੇ ਹਨ ਅਤੇ ਸੈਂਟਰਲ ਕਿਨਾਰੇ ‘ਚ ਲਗੇ ਅੱਧੀ ਦਰਜਨ ਤੋਂ ਵੱਧ ਦਰੱਖਤਾਂ ਦੀਆਂ ਜੜ੍ਹਾਂ ‘ਚ ਜ਼ਹਿਰ ਪਾ ਕੇ ਉਨ੍ਹਾਂ ਨੂੰ ਡੈਮੇਜ਼ ਕੀਤਾ ਗਿਆ ਹੈ। ਇਸ ਸਬੰਧ ‘ਚ ਗਲਾਡਾ ਦੀ ਬਾਗਵਾਨੀ ਬ੍ਰਾਂਚ ਦੇ ਅਫ਼ਸਰਾਂ ਦੀ ਸ਼ਿਕਾਇਤ ਦੇ ਆਧਾਰ ‘ਤੇ ਥਾਣਾ ਸਦਰ ਦੀ ਪੁਲਸ ਵਲੋਂ ਮਾਮਲਾ ਦਰਜ ਕਰ ਲਿਆ ਗਿਆ ਹੈ ਪਰ ਦਰੱਖ਼ਤਾਂ ਨੂੰ ਕੱਟਣ ਜਾਂ ਨੁਕਸਾਨ ਪਹੁੰਚਾਉਣ ਲਈ ਬਿਲਡਿੰਗ ਮਾਲਕ ਦਾ ਜ਼ਿਕਰ ਕਰਨ ਦੇ ਬਾਵਜੂਦ ਉਸ ਨੂੰ ਨਾਮਜ਼ਦ ਨਹੀਂ ਕੀਤਾ ਗਿਆ। ਉਥੇ ਸਰਾਭਾ ਨਗਰ ਮੇਨ ਰੋਡ ‘ਤੇ ਹੀ ਬੀ-ਕੈਫੇ ਦੇ ਸਾਹਮਣੇ ਸਥਿਤ ਫੈਟ ਟਾਈਗਰ ਰੈਸਟੋਰੈਂਟ ਦੇ ਬਾਹਰ ਲੱਗਿਆ ਕਈ ਸਾਲਾ ਪੁਰਾਣਾ ਦਰੱਖ਼ਤ ਕੱਟਣ ਦੇ ਮਾਮਲੇ ‘ਚ ਨਗਰ ਨਿਗਮ ਦੀ ਕਾਗਜ਼ੀ ਕਾਰਵਾਈ ਦੀ ਹਵਾ ਨਿਕਲ ਗਈ ਹੈ। ਕਿਉਂਕਿ ਇਸ ਮਾਮਲੇ ਵਿਚ ਐੱਨ. ਜੀ. ਓ. ਦੇ ਮੈਂਬਰਾਂ ਵਲੋਂ ਪ੍ਰਦਰਸ਼ਨ ਕਰਨ ਦੇ ਬਾਅਦ ਨਗਰ ਨਿਗਮ ਦੀ ਬਾਗਵਾਨੀ ਬ੍ਰਾਂਚ ਦੇ ਅਫ਼ਸਰਾਂ ਵਲੋਂ ਰੈਸਟੋਰੈਂਟ ਮਾਲਕ ਖਿਲਾਫ ਪੁਲਸ ਵਿਚ ਸ਼ਿਕਾਇਤ ਕਰਨ ਦੀ ਗੱਲ ਕਹੀ ਗਈ ਸੀ ਪਰ ਇਹ ਏਰੀਆ ਥਾਣਾ ਡਵੀਜ਼ਨ ਨੰ. 5 ਦਾ ਹੋਣ ਦੇ ਬਾਵਜੂਦ ਸਰਾਭਾ ਨਗਰ ਪੁਲਸ ਸਟੇਸ਼ਨ ਵਿਚ ਸ਼ਿਕਾਇਤ ਭੇਜ ਦਿੱਤੀ ਗਈ, ਜਿਸ ਦੀ ਪੁਸ਼ਟੀ ਏ. ਸੀ. ਪੀ. ਵਲੋਂ ਪੁਲਸ ਕਮਿਸ਼ਨਰ ਨੂੰ ਭੇਜੀ ਗਈ ਰਿਪੋਰਟ ਵਿਚ ਹੋ ਗਈ ਹੈ। ਇਸ ਦੇ ਕਈ ਦਿਨ ਬਾਅਦ ਵੀ ਕਾਰਵਾਈ ਕਰਨ ਦਾ ਇੰਤਜ਼ਾਰ ਕੀਤਾ ਜਾ ਰਿਹਾ ਹੈ। ਸਰਾਭਾ ਨਗਰ ‘ਚ ਪੁਰਾਣੇ ਦਰੱਖ਼ਤਾਂ ਨੂੰ ਕੱਟਣ ਦਾ ਇਹ ਕੋਈ ਪਹਿਲਾ ਮਾਮਲਾ ਨਹੀ ਹੈ। ਇਸ ਤੋਂ ਪਹਿਲਾਂ ਆਈ-ਬਲਾਕ ‘ਚ ਪਾਰਕ ਨਾਲ ਮੇਨ ਰੋਡ ‘ਤੇ ਲੱਗੇ 10 ਦਰੱਖ਼ਤ ਕੱਟ ਦਿੱਤੇ ਗਏ ਸਨ। ਇਸ ਸਬੰਧ ਵਿਚ ਸਰਕਾਰ ਕੋਲ ਪੁੱਜੀ ਸ਼ਿਕਾਇਤ ਦੇ ਆਧਾਰ ‘ਤੇ ਚੀਫ਼ ਵਿਜੀਲੈਂਸ ਅਫਸਰ ਵਲੋਂ ਮੰਗੀ ਗਈ ਰਿਪੋਰਟ ‘ਤੇ ਨਗਰ ਨਿਗਮ ਨੇ ਪੁਲਸ ਵਿਚ ਸ਼ਿਕਾਇਤ ਦਰਜ ਕਰਵਾਉਣ ਦੀ ਗੱਲ ਕਹੀ ਸੀ ਪਰ ਉਹ ਮਾਮਲਾ ਵੀ ਰਫਾ-ਦਫਾ ਹੋ ਗਿਆ ਸੀ। ਵਿਧਾਇਕ ਪਰਾਸ਼ਰ ਦਾ ਦਾਅਵਾ - ਕਿਦਵਈ ਨਗਰ ਪਾਰਕ ‘ਚ ਲੋਕਾਂ ਦੀ ਸਹਿਮਤੀ ਨਾਲ ਹੀ ਫਾਈਨਲ ਹੋਵੇਗੀ ਟੈਂਕੀ ਬਣਾਉਣ ਦੀ ਲੋਕੇਸ਼ਨ ਵਿਧਾਇਕ ਅਸ਼ੋਕ ਪਰਾਸ਼ਰ ਪੱਪੀ ਨੇ ਦਾਅਵਾ ਕੀਤਾ ਹੈ ਕਿ ਕਿਦਵਈ ਨਗਰ ਪਾਰਕ ‘ਚ ਲੋਕਾਂ ਦੀ ਸਹਿਮਤੀ ਨਾਲ ਹੀ ਟੈਂਕੀ ਬਣਾਉਣ ਦੀ ਲੋਕੇਸ਼ਨ ਫਾਈਨਲ ਹੋਵੇਗੀ। ਇੱਥੇ ਦੱਸਣਾ ਉਚਿਤ ਹੈ ਕਿ ਨਗਰ ਨਿਗਮ ਵੱਲੋਂ 24 ਘੰਟੇ ਪਾਣੀ ਸਪਲਾਈ ਦੇਣ ਦੀ ਯੋਜਨਾ ਤਹਿਤ ਨਵੀਆਂ ਟੈਂਕੀਆਂ ਬਣਾਉਣ ਦਾ ਜੋ ਕੰਮ ਸ਼ੁਰੂ ਕੀਤਾ ਗਿਆ ਹੈ, ਉਸ ਦੇ ਤਹਿਤ ਕਿਦਵਈ ਨਗਰ ਪਾਰਕ ‘ਚ ਮਾਰਕ ਕੀਤੀ ਲੋਕੇਸ਼ਨ ਨੂੰ ਲੈ ਕੇ ਵਿਵਾਦ ਚੱਲ ਰਿਹਾ ਹੈ। ਇਸ ਤਹਿਤ ਇਲਾਕੇ ਦੇ ਕਈ ਲੋਕ ਟੈਂਕੀ ਬਣਾਉਣ ਲਈ ਕਈ ਸਾਲ ਪੁਰਾਣੇ ਦਰੱਖ਼ਤਾਂ ਨੂੰ ਕੱਟਣ ਦੀ ਕੋਸ਼ਿਸ਼ ਦਾ ਵਿਰੋਧ ਕਰ ਰਹੇ ਹਨ

# ਗੰਗਾ ‘ਚ 31 ਲੋਕਾਂ ਨਾਲ ਭਰੀ ਕਿਸ਼ਤੀ ਪਲਟੀ, 4 ਨੌਜਵਾਨ ਡੁੱਬੇ

ਨੈਸ਼ਨਲ ਡੈਸਕ 10 ਅਕਤੂਬਰ। ਝਾਰਖੰਡ ਦੇ ਸਾਹਿਬਗੰਜ ਜ਼ਿਲ੍ਹੇ ‘ਚ ਸ਼ਨੀਵਾਰ ਸਵੇਰੇ ਇੱਕ ਵੱਡਾ ਹਾਦਸਾ ਵਾਪਰਿਆ। ਗੰਗਾ ਨਦੀ ਵਿੱਚ 31 ਲੋਕਾਂ ਨੂੰ ਲੈ ਕੇ ਜਾ ਰਹੀ ਕਿਸ਼ਤੀ ਪਲਟ ਗਈ, ਜਿਸ ਵਿੱਚ ਚਾਰ ਨੌਜਵਾਨ ਡੁੱਬ ਗਏ। ਇਨ੍ਹਾਂ ਨੌਜਵਾਨਾਂ ਵਿੱਚੋਂ ਇੱਕ ਦੀ ਲਾਸ਼ ਬਰਾਮਦ ਕਰ ਲਈ ਗਈ ਹੈ, ਜਦੋਂ ਕਿ ਤਿੰਨ ਅਜੇ ਵੀ ਲਾਪਤਾ ਹਨ। ਇਹ ਘਟਨਾ ਸਵੇਰੇ 7:30 ਵਜੇ ਗੰਗਾ ਨਦੀ ਥਾਣਾ ਖੇਤਰ ਦੇ ਗੜਾਈ ਡਾਇਰਾ ਖੇਤਰ ਵਿੱਚ ਵਾਪਰੀ। ਪੁਲਸ ਅਨੁਸਾਰ ਕਿਸ਼ਤੀ ‘ਤੇ ਕੁੱਲ 31 ਲੋਕ ਸਵਾਰ ਸਨ, ਜਿਨ੍ਹਾਂ ਵਿੱਚੋਂ 28 ਲੋਕ ਕਿਸੇ ਤਰ੍ਹਾਂ ਤੈਰ ਕੇ ਸੁਰੱਖਿਅਤ ਬਾਹਰ ਨਿਕਲ ਆਏ। ਇਹ ਸਾਰੇ ਲੋਕ ਗੰਗਾ ਪਾਰ ਕਰ ਰਹੇ ਸਨ। ਕਿਸ਼ਤੀ ‘ਤੇ ਸਮਰੱਥਾ ਤੋਂ ਵੱਧ ਲੋਕ



ਸਨ ਅਤੇ ਗੰਗਾ ਦਾ ਵਹਾਅ ਵੀ ਤੇਜ਼ ਸੀ, ਜਿਸ ਕਾਰਨ ਕਿਸ਼ਤੀ ਅਸੰਤੁਲਿਤ ਹੋ ਗਈ ਅਤੇ ਨਦੀ ਦੇ ਵਿਚਕਾਰ ਪਲਟ ਗਈ ਹਾਦਸੇ ਦੇ ਸਮੇਂ ਇਹ ਲੋਕ ਚੂਹੇ ਫੜਨ ਤੋਂ ਬਾਅਦ ਡਾਇਰਾ ਖੇਤਰ ਤੋਂ ਵਾਪਸ ਆ ਰਹੇ ਸਨ। ਸਵੇਰੇ ਉਹ ਸਿਰਫ਼ 17 ਲੋਕ ਸਨ, ਪਰ ਵਾਪਸ ਆਉਂਦੇ ਸਮੇਂ ਆਲੇ-ਦੁਆਲੇ ਦੇ ਕੁਝ ਹੋਰ ਪਿੰਡ ਵਾਸੀ ਵੀ ਕਿਸ਼ਤੀ ਵਿੱਚ ਸਵਾਰ ਹੋ ਗਏ, ਜਿਸ ਨਾਲ ਕਿਸ਼ਤੀ ਵਿੱਚ ਕੁੱਲ ਲੋਕਾਂ ਦੀ ਗਿਣਤੀ 31 ਹੋ ਗਈ। ਹਾਦਸੇ ਤੋਂ ਤੁਰੰਤ ਬਾਅਦ ਬਹੁਤ ਰੌਲਾ-ਰੱਪਾ ਪਿਆ। ਸਥਾਨਕ ਨੌਜਵਾਨਾਂ ਨੇ ਨਦੀ ਵਿੱਚ ਛਾਲ ਮਾਰ ਕੇ ਕਾਹਾ ਹੰਸਦਾ ਨਾਮਕ ਇੱਕ ਨੌਜਵਾਨ ਨੂੰ ਬਾਹਰ ਕੱਢਿਆ, ਪਰ ਉਦੋਂ ਤੱਕ ਉਸਦੀ ਮੌਤ ਹੋ ਚੁੱਕੀ ਸੀ। 3 ਹੋਰ ਨੌਜਵਾਨ ਦਾ ਅਜੇ ਤੱਕ ਪਤਾ ਨਹੀਂ ਲੱਗ ਸਕਿਆ ਹੈ। ਇਹ ਚਾਰੇ ਨੌਜਵਾਨ ਆਦਿਵਾਸੀ ਭਾਈਚਾਰੇ ਨਾਲ ਸਬੰਧਤ ਹਨ। ਸੂਚਨਾ ਮਿਲਣ ‘ਤੇ ਸਥਾਨਕ ਪੁਲਸ ਮੌਕੇ ‘ਤੇ ਪਹੁੰਚੀ ਅਤੇ ਗੋਤਾਖੋਰਾਂ ਦੀ ਮਦਦ ਨਾਲ ਬਚਾਅ ਕਾਰਜ ਸ਼ੁਰੂ ਕਰ ਦਿੱਤਾ। ਸਾਹਿਬਗੰਜ ਦੇ ਡਿਪਟੀ ਕਮਿਸ਼ਨਰ ਹੇਮੰਤ ਸਤੀ ਨੇ ਕਿਹਾ ਕਿ ਲਾਪਤਾ ਲੋਕਾਂ ਦੀ ਭਾਲ ਲਈ ਪਟਨਾ ਦੇ ਬਿਹਟਾ ਤੋਂ ਐਨਡੀਆਰਐਫ ਟੀਮ ਨੂੰ ਬੁਲਾਇਆ ਗਿਆ ਹੈ। ਇਹ ਟੀਮ ਹੜ੍ਹ ਦੀ ਸਥਿਤੀ ਆਮ ਹੋਣ ਤੱਕ ਜ਼ਿਲ੍ਹੇ ਵਿੱਚ ਰਹੇਗੀ ਅਤੇ ਬਚਾਅ ਕਾਰਜ ਵਿੱਚ ਮਦਦ ਕਰੇਗੀ।

## ਸ਼ੱਕੀ ਹਾਲਾਤ ‘ਚ ਨੌਜਵਾਨ ਨੇ ਫਾਹਾ ਲੈ ਕੇ ਕੀਤੀ ਖੁਦਕੁਸ਼ੀ

ਲੁਧਿਆਣਾ 10 ਅਕਤੂਬਰ। ਮਹਾਨਗਰ ‘ਚ ਇਕ 23 ਸਾਲਾ ਨੌਜਵਾਨ ਨੇ ਫਾਹਾ ਲੈ ਕੇ ਆਪਣੀ ਜੀਵਨ ਲੀਲਾ ਸਮਾਪਤ ਕਰ ਲਈ। ਮ੍ਰਿਤਕ ਦੀ ਪਛਾਣ ਟਿੱਬਾ ਰੋਡ ਦੇ ਰਹਿਣ ਵਾਲੇ ਤੁਸ਼ਾਰ ਕੁਮਾਰ ਵਜੋਂ ਹੋਈ ਹੈ, ਜੋ ਫੋਲਡਿੰਗ ਮਸ਼ੀਨ ‘ਤੇ ਕੰਮ ਕਰਦਾ ਸੀ। ਸੂਚਨਾ ਤੋਂ ਬਾਅਦ ਟਿੱਬਾ ਥਾਣੇ ਦੀ ਪੁਲਸ ਮੌਕੇ ‘ਤੇ ਪਹੁੰਚੀ। ਪੁਲਸ ਨੇ ਲਾਸ਼ ਨੂੰ ਕਬਜ਼ੇ ‘ਚ ਲੈ ਕੇ ਸਿਵਲ ਹਸਪਤਾਲ ਪਹੁੰਚਾਇਆ। ਇਹ ਘਟਨਾ ਐਤਵਾਰ ਦੁਪਹਿਰ ਨੂੰ ਵਾਪਰੀ। ਜਾਣਕਾਰੀ ਅਨੁਸਾਰ ਤੁਸ਼ਾਰ ਦਾ ਪਰਿਵਾਰ ਕਿਸੇ ਕੰਮ ਲਈ ਬਾਹਰ ਗਿਆ ਹੋਇਆ ਸੀ ਅਤੇ ਉਹ ਘਰ ‘ਚ ਇਕੱਲਾ ਸੀ। ਇਸ ਦੌਰਾਨ ਉਸ ਨੇ ਘਰ ਦੀਆਂ ਚਾਦਰਾਂ ਕੇ ਪਾੜ ਰੱਸੀ ਬਣਾ ਕੇ ਖੁਦਕੁਸ਼ੀ ਕਰ ਲਈ। ਜਦੋਂ ਪਰਿਵਾਰ ਘਰ ਵਾਪਸ ਆਇਆ ਤਾਂ ਤੁਸ਼ਾਰ ਨੂੰ ਫਾਹੇ ਨਾਲ ਲਟਕਦਾ ਦੇਖ ਕੇ ਉਹ ਹੈਰਾਨ ਰਹਿ ਗਏ। ਉਸ ਨੂੰ ਤੁਰੰਤ ਸਿਵਲ ਹਸਪਤਾਲ ਲਿਜਾਇਆ ਗਿਆ, ਜਿਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਪੁਲਸ ਜਾਂਚ ‘ਚ ਸਾਹਮਣੇ ਆਇਆ ਕਿ ਤੁਸ਼ਾਰ ਪਹਿਲਾਂ ਇਕ ਮੈਡੀਕਲ ਸਟੋਰ ਵਿਚ ਕੰਮ ਕਰਦਾ ਸੀ। ਪਰ ਹੁਣ ਉਹ ਆਪਣੇ ਰਿਸ਼ਤੇਦਾਰ ਨਾਲ ਫੋਲਡਿੰਗ ਮਸ਼ੀਨ ‘ਤੇ ਕੰਮ ਕਰਦਾ ਸੀ। ਉਸ ਦੀਆਂ 2 ਭੈਣਾਂ ਅਤੇ ਇਕ ਭਰਾ ਹੈ। ਟਿੱਬਾ ਥਾਣੇ ਦੀ ਪੁਲਸ ਨੇ ਪੋਸਟਮਾਰਟਮ ਕਰਵਾ ਕੇ ਲਾਸ਼ ਪਰਿਵਾਰ ਨੂੰ ਸੌਂਪ ਦਿੱਤੀ ਹੈ। ਫਿਲਹਾਲ ਖੁਦਕੁਸ਼ੀ ਦੇ ਕਾਰਨਾਂ ਦਾ ਪਤਾ ਲਗਾਉਣ ਲਈ ਜਾਂਚ ਜਾਰੀ ਹੈ।

## ਸ਼ਰਮਨਾਕ ! 9 ਸਾਲਾ ਬੱਚੀ ਨੂੰ ਭੁਜੀਏ ਦਾ ਲਾਲਚ ਦੇ ਕੇ...

ਲੁਧਿਆਣਾ 10 ਅਕਤੂਬਰ। ਥਾਣਾ ਲਾਡੋਵਾਲ ਦੀ ਪੁਲਸ ਨੇ 9 ਸਾਲਾ ਬੱਚੀ ਦੇ ਨਾਲ ਗੁਆਂਢੀ ਵੱਲੋਂ ਗੈਰ-ਕੁਦਰਤੀ ਸਬੰਧ ਬਣਾਉਣ ਦੇ ਦੋਸ਼ ਹੇਠ ਮਾਮਲਾ ਦਰਜ ਕੀਤਾ ਗਿਆ ਹੈ। ਉਕਤ ਮਾਮਲੇ ਬਾਰੇ ਜਾਣਕਾਰੀ ਦਿੰਦਿਆਂ ਥਾਣਾ ਮੁਖੀ ਗੁਰਸ਼ਿੰਦਰ ਕੌਰ ਨੇ ਦੱਸਿਆ ਕਿ ਪੁਲਸ ਨੇ ਪੀੜਤ ਮਹਿਲਾ ਦੀ ਸ਼ਿਕਾਇਤ ‘ਤੇ ਕਾਰਵਾਈ ਕਰਦਿਆਂ ਮੁਲਜ਼ਮ ਜਸਪ੍ਰੀਤ ਸਿੰਘ ਜੱਸੀ ਵਾਲੀ ਰਜੋਵਾਲ ਦੇ ਖ਼?ਲਾਫ਼ ਮਾਮਲਾ ਦਰਜ ਕਰ ਲਿਆ ਹੈ। ਥਾਣਾ ਮੁਖੀ ਨੇ ਦੱਸਿਆ ਕਿ ਗੁਆਂਢੀ ਨੌਜਵਾਨ ਵੱਲੋਂ 9 ਸਾਲਾ ਬੱਚੀ ਨੂੰ ਭੁਜੀਆ ਦੇਣ ਦੇ ਬਹਾਨੇ ਆਪਣੇ ਘਰ ਬੁਲਾ ਕੇ ਉੱਥੇ ਉਸ ਨਾਲ ਗੈਰ-ਕੁਦਰਤੀ ਸਬੰਧ ਬਣਾਏ ਗਏ। ਇਸ ਮਗਰੋਂ ਪੁਲਸ ਨੇ ਉਕਤ ਮਾਮਲੇ ‘ਤੇ ਕਾਰਵਾਈ ਕਰਦਿਆਂ ਮੁਲਜ਼ਮ ਜਸਪ੍ਰੀਤ ਜੱਸੀ ਨੂੰ ਗ੍ਰਿਫ਼ਤਾਰ ਕਰ ਕੇ ਅੱਗੇ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

## 75 ਸਾਲਾ ਬਜ਼ੁਰਗ ‘ਤੇ ਬੇਸਹਾਰਾ ਪਸ਼ੂ ਨੇ ਕੀਤਾ ਹਮਲਾ

ਫਾਜ਼ਿਲਕਾ 10 ਅਕਤੂਬਰ। ਫਾਜ਼ਿਲਕਾ ‘ਚ ਬੇਸਹਾਰਾ ਪਸ਼ੂਆਂ ਦਾ ਆਤੰਕ ਸਾਹਮਣੇ ਆਇਆ ਹੈ। ਗਲੀ ‘ਚ ਫੁੱਲ ਤੋੜ ਕੇ ਆ ਰਹੇ ਇੱਕ 75 ਸਾਲਾ ਬਜ਼ੁਰਗ ਰਾਮਰਾਜ ‘ਤੇ ਬੇਸਹਾਰਾ ਪਸ਼ੂ ਨੇ ਹਮਲਾ ਕਰ ਦਿੱਤਾ। ਬੇਸਹਾਰਾ ਪਸ਼ੂ ਨੇ ਉਸ ਨੂੰ ਚੁੱਕ ਕੇ 15 ਫੁੱਟ ਦੂਰ ਇੱਟਾਂ ‘ਤੇ ਸੁੱਟ ਦਿੱਤਾ। ਸਾਹਮਣੇ ਲੱਗੇ ਸੀ. ਸੀ. ਟੀ. ਵੀ. ਕੈਮਰੇ ‘ਚ ਇਹ ਘਟਨਾ ਕੈਦ ਹੋਈ ਹੈ, ਜੋ ਸੋਸ਼ਲ ਮੀਡੀਆ ‘ਤੇ ਵਾਇਰਲ ਹੋ ਰਹੀ ਹੈ। ਇਸ ‘ਚ ਸਾਫ਼ ਦਿਖਾਈ ਦੇ ਰਿਹਾ ਹੈ ਕਿ ਬਜ਼ੁਰਗ ਵਿਅਕਤੀ ਵਲੋਂ ਸਾਹਮਣੇ ਤੋਂ ਆ ਰਹੇ ਪਸ਼ੂ ਤੋਂ ਆਪਣਾ ਬਚਾਅ ਕੀਤਾ ਗਿਆ ਪਰ ਇੰਨੇ ‘ਚ ਹੀ ਪਸ਼ੂ ਵੱਲੋਂ ਬਜ਼ੁਰਗ ਨੂੰ ਆਪਣੇ ਸਿੰਙਾਂ ‘ਤੇ ਚੁੱਕ ਦੂਰ ਇੱਟਾਂ ‘ਤੇ ਸੁੱਟ ਦਿੱਤਾ। ਦੱਸ ਦੇਈਏ ਕਿ ਬਜ਼ੁਰਗ ਵਿਅਕਤੀ ਦੀ ਧੀ ਰਾਜ ਕੁਮਾਰੀ ਨਗਰ ਕੌਂਸਲ ‘ਚ ਕੰਮ ਕਰਦੀ ਹੈ। ਉਸ ਦਾ ਕਹਿਣਾ ਹੈ ਕਿ ਲੋਕ ਗਲੀਆਂ ‘ਚ ਕੂੜਾ ਸੁੱਟਦੇ ਹਨ, ਜਿਸ ਕਰਕੇ ਪਸ਼ੂ ਗਲੀਆਂ ‘ਚ ਘੁੰਮਦੇ ਰਹਿੰਦੇ ਹਨ ਅਤੇ ਇਸੇ ਕਾਰਨ ਅਜਿਹਾ ਹਾਦਸਾ ਵਾਪਰਿਆ ਹੈ। ਉਸ ਨੇ ਪ੍ਰਸ਼ਾਸਨ ਨੂੰ ਇਸ ਵੱਲ ਧਿਆਨ ਦੇਣ ਦੀ ਮੰਗ ਕੀਤੀ।

## ਜ਼ਿਲਾ ਪ੍ਰਸ਼ਾਸਨ ਵਲੋਂ ਮਹਿਲਾਵਾਂ ਦੀ ਜੀਵਨਯਾਪਨ ਸਮਰੱਥਾ ਨੂੰ ਮਜ਼ਬੂਤ ਕਰਨ ਲਈ ਕੀਤੇ ਜਾ ਰਹੇ ਹਨ ਯਤਨ

ਅੰਮ੍ਰਿਤਸਰ, 10 ਅਕਤੂਬਰ। ਜ਼ਿਲ੍ਹਾ ਅੰਮ੍ਰਿਤਸਰ ਵਿੱਚ ਮਹਿਲਾਵਾਂ ਦੇ ਜੀਵਨਯਾਪਨ ਸਮਰੱਥਾ ਨੂੰ ਵਧਾਉਣ ਲਈ ਜ਼ਿਲਾ ਪ੍ਰਸ਼ਾਸਨ ਅੰਮ੍ਰਿਤਸਰ ਅਤੇ ਫੁਲਕਾਰੀ (ਵੂਮੈਨ ਆਫ਼ ਅੰਮ੍ਰਿਤਸਰ) ਵਿੱਚ ਇੱਕ ਸਾਂਝੇ ਤੌਰ ਤੇ ਸਮਝੌਤਾ ਕੀਤਾ ਗਿਆ। ਜਿਸਦੇ ਪਹਿਲੇ ਗੇੜ ਦੌਰਾਨ 20 ਸਵੈ ਸਹਾਇਤਾ ਸਮੂਹਾਂ ਨਾਲ ਜੁੜੀਆਂ ਹੋਈਆਂ ਮਹਿਲਾਵਾਂ ਨੂੰ ਡਿਜ਼ਿਟਲ ਲਿਟਰੇਸੀ, ਫਾਇਨੈਂਸ਼ਲ ਲਿਟਰੇਸੀ ਅਤੇ ਬੇਸਿਕ ਮਾਰਕੀਟਿੰਗ ਸਕਿਲਜ਼ ਦੀ ਟ?ਰੇਨਿੰਗ ਦਿੱਤੀ ਜਾਵੇਗੀ । ਇਹ ਸਮਝੌਤਾ ਡਿਪਟੀ ਕਮਿਸ਼ਨਰ, ਅੰਮ੍ਰਿਤਸਰ ਸ਼੍ਰੀ ਮਤੀ ਸਾਕਸ਼ੀ ਸਾਹਨੀ ਅਤੇ ਫੁਲਕਾਰੀ (ਵੂਮੈਨ ਆਫ਼ ਅੰਮ੍ਰਿਤਸਰ) ਪ੍ਰਤੀਨਿਧੀ ਸ਼?ਰੀਮਤੀ ਮੀਨਾਕਸ਼ੀ ਖੰਨਾ ਵਲੋ ਕੀਤਾ ਗਿਆ, ਜਿਸ ਦਾ ਉਦੇਸ਼ ਸਵੈ ਸਹਾਇਤਾ ਸਮੂਹਾਂ ਨਾਲ ਜੁੜੀਆਂ ਮਹਿਲਾਵਾਂ ਨੂੰ ਟਾਰਗੇਟਿਡ ਸਕਿਲ ਡਿਵੈਲਪਮੈਂਟ ਰਾਹੀਂ ਸਸ਼ਕਤ ਕਰਨਾ ਹੈ। ਇਸ ਬਾਰੇ ਜਾਣਕਾਰੀ ਦਿੰਦਿਆ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਕਿਹਾ ਕਿ ਉਕਤ ਟ?ਰੇਨਿੰਗ ਦੋ ਪੱਧਰਾਂ — ਬੇਸਿਕ ਕੰਪਿਊਟਰ ਲਿਟਰੇਸੀ ਅਤੇ ਐਡਵਾਂਸਡ ਟੈਲੀ — ਵਿੱਚ ਹੋਵੇਗੀ, ਨਾਲ ਹੀ ਪੈਸੇ ਦੇ ਪ੍ਰਬੰਧ ਅਤੇ ਮਾਰਕੀਟਿੰਗ ਓਰੀਏਂਟੇਸ਼ਨ ‘ਤੇ ਵੱਖ-ਵੱਖ ਸੈਸ਼ਨ ਕਰਵਾਏ ਜਾਣਗੇ। ਉਦੇਸ਼ ਇਹ ਹੈ ਕਿ ਭਾਗੀਦਾਰ ਇਹਨਾਂ ਹੁਨਰਾਂ ਨੂੰ ਆਪਣੀ ਜੀਵਨਯਾਪਨ ਅਤੇ ਕਾਰੋਬਾਰਿਕ ਯਤਨਾਂ ਨੂੰ ਮਜ਼ਬੂਤ ਕਰਨ ਲਈ ਲਾਗੂ ਕਰ ਸਕਣ। ਓਹਨਾਂ ਕਿਹਾ ਕਿ ਉਮੀਦਵਾਰਾਂ ਦੀ ਚੋਣ ਇੱਕ ਸਾਂਝੀ ਕਮੇਟੀ ਦੁਆਰਾ ਕੀਤੀ ਜਾਵੇਗੀ, ਜਿਸ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਅਤੇ ਫੁਲਕਾਰੀ (ਵੂਮੈਨ ਆਫ਼ ਅੰਮ੍ਰਿਤਸਰ) ਪ੍ਰਤੀਨਿਧੀ ਸ਼ਾਮਲ ਹੋਣਗੇ। ਇਹ ਪ੍ਰੋਗਰਾਮ ਇੱਕ ਸਾਲ ਤੱਕ ਚੱਲੇਗਾ ਅਤੇ ਪਾਇਲਟ ਦੀ ਸਫਲਤਾ ਦੇ ਆਧਾਰ ‘ਤੇ ਇਸ ਦੇ ਵਿਸਤਾਰ ‘ਤੇ ਵਿਚਾਰ ਕੀਤਾ ਜਾਵੇਗਾ। ਇਸ ਮੌਕੇ ‘ਤੇ ਡਿਪਟੀ ਕਮਿਸ਼ਨਰ, ਅੰਮ੍ਰਿਤਸਰ ਨੇ ਇਸ ਪਹਿਲ ਨੂੰ ਮਹਿਲਾਵਾਂ ਦੀ ਆਰਥਿਕ ਸਵਾਲੰਭਨਤਾ ਵੱਲ ਕਦਮ ਵਜੋਂ ਸਰਾਹਿਆ, ਜੋ ਸਰਕਾਰ ਦੇ ਸਮੁਦਾਇ-ਕੇਂਦਰਿਤ ਵਿਕਾਸ ਦੇ ਵੱਡੇ ਮਿਸ਼ਨ ਨਾਲ ਮੇਲ ਖਾਂਦਾ ਹੈ।

# ਹਰਿਆਣਾ ਵਿੱਚ ਰਾਜਵਿਆਪੀ ਜਾਗਰੁਕਤਾ ਮੁਹਿੰਮ ਦੇ ਨਾਲ ਮਨਾਇਆ ਗਿਆ: ਵਿਸ਼ਵ ਸਤਨਪਾਨ ਹਫਤਾ

ਕੌਮੀ ਪਤ੍ਰਿਕਾ

ਚੰਡੀਗੜ੍ਹ, 10 ਅਕਤੂਬਰ। ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਆਰਤੀ ਸਿੰਘ ਰਾਓ ਦੇ ਮਾਰਗਦਰਸ਼ਨ ਵਿੱਚ, ਕੌਮੀ ਸਿਹਤ ਮਿਸ਼ਨ (ਐਨਐਚਐਮ), ਹਰਿਆਣਾ ਨੇ ਸਤਨਪਾਨ ਦੇ ਮਹਤੱਵ ‘ਤੇ ਚਾਨਣ ਪਾਉਂਦੇ ਅਤੇ ਪੂਰੇ ਸੂਬੇ ਵਿੱਚ ਸ਼ਿਸ਼ੂਆਂ ਅਤੇ ਮਾਤਾਵਾਂ ਦੇ ਸਿਹਤ ਵਿੱਚ ਸੁਧਾ ਲਈ ਸਤਨਪਾਨ ਨੂੰ ਸਰੰਖਤ ਕਰਨ ਅਤੇ ਸਮਰਥਨ ਦੇਣ ਲਈ 1-7 ਅਗਸਤ ਨੂੰ ਵਿਸ਼ਵ ਸਤਨਪਾਨ ਹਫਤਾ ਵਜੋ ਮਨਾਇਆ ਜਾਵੇਗਾ। ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਕਿਹਾ ਕਿ ਇਸ ਮੁਹਿੰਮ ਦਾ ਉਦੇਸ਼ ਇਹ ਯਕੀਨੀ ਕਰਨਾ ਹੈ ਕਿ ਹਰੇਕ ਮਾਂ ਨੂੰ ਆਪਣੀ ਇੱਛਾ ਅਨੁਸਾਰ ਸਤਨਪਾਨ ਕਰਾਉਣ ਲਈ ਜਰੂਰੀ ਸਹਾਇਤਾ ਅਤੇ ਜਾਣਕਾਰੀ ਉਪਲਬਧ ਹੋਵੇ। ਰਾਜ ਨੇ ਸਤਨਪਾਨ ਨੂੰ ਪ੍ਰੋਤਸਾਹਨ ਦੇਣ ਦੇ ਯਤਨਾਂ ਨੂੰ ਤੇਜ ਕਰਨ ਲਈ 2016 ਤੋਂ ਮਦਰ ਏਬਸੋਲਿਯੂਟ ਅਫੈਕਸ਼ਨ (ਐਮਏਏ) ਪ੍ਰੋਗਰਾਮ ਲਾਗੂ ਕੀਤਾ ਹੈ। ਉਨ੍ਹਾਂ ਨੇ ਦਸਿਆ ਕਿ 29 ਜੁਲਾਈ ਨੂੰ, ਮੈਡੀਕਲ ਕਾਲਜਾਂ ਦੇ ਮਾਹਰਾਂ ਦੀ ਮਦਦ ਨਾਲ ਜਿਲ੍ਹਾ ਨੋਡਲ ਅਧਿਕਾਰੀਆਂ ਨੂੰ ਐਮਏਏ ਪ੍ਰੋਗਰਾਮ ਦੀ ਸਿਖਲਾਈ ਦਿੱਤੀ ਗਈ। 5 ਅਗਸਤ, 2025 ਨੂੰ ਪੀਜੀਆਈਐਮਈਆਰ, ਚੰਡੀਗੜ੍ਹ ਦੇ ਸਹਿਯੋਗ ਨਾਲ ਇੱਕ ਵੈਬੀਨਾਰ ਆਯੋਜਿਤ ਕੀਤਾ ਗਿਆ, ਜਿਸ ਵਿੱਚ ਬੀਮਾਰ ਨਵਜਾਤ ਸ਼ਿਸ਼ੂ ਦੇਖਭਾਲ ਇਕਾਈ (ਐਸਐਨਸੀਯੂ)/ਕਮਿਊਨਿਟੀ ਸਿਹਤ ਕੇਂਦਰ(ਸੀਐਚਸੀ)/ਪ੍ਰਾਥਮਿਕ ਸਿਹਤ ਕੇਂਦਰ (ਪੀਐਚਸੀ) ਦੇ ਮੈਡੀਕਲ ਅਧਿਕਾਰੀ ਨੂੰ ਉਨ੍ਹਮੁਖੀਕਰਣ ਅਤੇ ਸਿਖਲਾਈ ਦਿੱਤੀ ਗਈ। ਉਨ੍ਹਾਂ ਨੇ ਦਸਿਆ ਕਿ ਮਾਤਾਵਾਂ ਅਤੇ ਦੇਖਭਾਲ ਕਰਨ ਵਾਲਿਆਂ ਨੂੰ ਜਲਦੀ ਸਤਨਪਾਨ ਅਤੇ ਸਿਰਫ ਸਤਨਪਾਨ ਵਿੱਚ ਸ਼ਾਮਿਲ ਕਰਨ ਲਈ ਐਸਐਨਸੀਯੂ ਅਤੇ ਪ੍ਰੋਸਟਪਾਰਟਮ ਵਾਰਡ ਵਰਗੇ ਸਹੂਲਤ ਪੱਧਰ ‘ਤੇ ਵਿਸ਼ੇਸ਼ ਨਿਜੀ ਸੁਝਾਅ ਸੈਸ਼ਨ ਆਯੋਜਿਤ ਕੀਤੇ ਗਏ। ਆਸ਼ਾ ਵਰਕਰਸ ਵੱਲੋਂ ਕੁੱਲ ਮਿਲਾ ਕੇ 28,392 ਘਰ-ਘਰ ਜਾ ਕੇ ਸਤਨਪਾਨ ਦੀ ਜਲਦੀ ਸ਼ੁਰੂਆਤ ਨੂੰ ਪ੍ਰੋਤਸਾਹਨ ਦਿੱਤਾ ਗਿਆ। 439 ਪ੍ਰਸਵ ਸਥਾਨਾਂ ‘ਤੇ, ਸਤਨਪਾਨ ਦੀ ਜਲਦੀ ਸ਼ੁਰੂਆਤ, ਸਹਾਇਤਾ ਅਤੇ ਸਲਾਹ-ਮਸ਼ਵਰਾ ਯਕੀਨੀ ਕਰਨ ਲਈ ਨੋਡਲ ਅਧਿਕਾਰੀ ਨਿਯੁਕਤ ਕੀਤੇ ਗਏ। 84,599 ਮਾਤਾਵਾਂ, ਜਿਨ੍ਹਾਂ ਵਿੱਚ ਜਣੇਪਾ ਮਹਿਲਾਵਾਂ ਅਤੇ ਸਤਨਪਾਨ ਕਰਾਉਣ ਵਾਲੀ ਮਾਤਾਵਾਂ ਸ਼ਾਮਿਲ ਹਨ, ਨੂੰ ਜਲਦੀ ਸਤਨਪਾਨ ਸ਼ੁਰੂ ਕਰਨ ਅਤੇ ਸਿਰਫ ਸਤਨਪਾਨ ਕਰਾਉਣ ਲਈ ਸੁਝਾਅ ਦਿੱਤਾ ਗਿਆ। ਸਤਨਪਾਨ ਦੇ ਲਾਭਾਂ ਦੇ ਬਾਰੇ ਵਿੱਚ ਵਿਆਪਕ ਜਾਗਰੁਕਤਾ ਪੈਦਾ ਕਰਨ ਲਈ ਪ੍ਰਿੰਟ ਮੀਡੀਆ ਵਿੱਚ ਇਸ਼ਤਿਹਾਰ, ਸੋਸ਼ਲ ਮੀਡੀਆ ਕ੍ਰਿਏਟਿਵ ਅਤੇ ਪ੍ਰੈਸ ਰਿਲੀਜ਼ ਵਰਗੀ ਵਿਆਪਕ ਜਨਸੰਚਾਰ ਗਤੀਵਿਧੀਆਂ ਚਲਾਈਆਂ ਗਈਆਂ। ਮੰਤਰੀ ਨੇ ਦਸਿਆ ਕਿ ਸੂਬੇ ਨੇ ਪੀਜੀਆਈਐਮਐਸ-ਰੋਹਤਕ ਵਿੱਚ ਵਿਆਪਕ ਸਤਨਪਾਨ ਪ੍ਰਬੰਧਨ ਇਕਾਈ ਸਥਾਪਿਤ ਕਰਨ ਦੀ ਵੀ ਪਹਿਲ ਕੀਤੀ ਹੈ ਅਤੇ ਜਗਾਧਰੀ ਦੇ ਸਬ-ਡਿਵੀਜਨ ਹਸਪਤਾਲ ਅਤੇ ਆਮ ਹਸਪਤਾਲ, ਮੇਵਾਤ, ਅੰਬਾਲਾ ਕੈਂਟ, ਅੰਬਾਲਾ ਸ਼ਹਿਰ ਅਤੇ ਪੰਚਕੂਲਾ ਵਿੱਚ 5 ਸਤਨਪਾਨ ਪ੍ਰਬੰਧਨ ਇਕਾਈਆਂ ਕੰਮ ਰਹੀਆ ਹਨ। ਸੂਬੇ ਦੇ ਲਗਾਤਾਰ ਯਤਨਾਂ ਨੇ ਸਤਨਪਾਲ ਦੀ ਸ਼ੁਰੂਆਤ ਵਿੱਚ 90 ਫੀਸਦੀ ਤੋਂ ਵੱਧ ਦਾ ਪ੍ਰਮੁੱਖ ਟੀਚਾ ਹਾਸਲ ਕਰ ਲਿਆ ਹੈ।

## ਵਧੀਕ ਜ਼ਿਲ੍ਹਾ ਅਤੇ ਸੈਸ਼ਨ ਜੱਜ ਅੰਮ੍ਰਿਤਸਰ ਨੇ ਪੋਕਸੋ ਐਕਟ ਅਧੀਨ ਦੋ ਦੋਸੀਆਂ ਨੂੰ ਸੁਣਾਈ ਆਜੀਵਨ ਕੈਦ ਦੀ ਸਜ਼ਾ

ਅੰਮ੍ਰਿਤਸਰ 10 ਅਕਤੂਬਰ। ਮਾਨਯੋਗ ਜੱਜ ਸ਼?ਰੀਮਤੀ ਤ੍ਰਿਪਤਜੋਤ ਕੌਰ, ਵਧੀਕ ਜ਼ਿਲ੍ਹਾ ਅਤੇ ਸੈਸ਼ਨ ਜੱਜ ਅੰਮ੍ਰਿਤਸਰ(ਫਾਸਟ ਟੈ?ਕ) ਕੋਰਟ ਦੀ ਅਦਾਲਤ ਨੇ ਪੋਕਸੋ ਐਕਟ ਅਧੀਨ ਦੋ ਦੋਸ਼ੀਆਂ ਨੂੰ ਆਜੀਵਨ ਕਾਰਾਵਾਸ(ਕੁਦਰਤੀ ਮੌਤ ਤੱਕ) ਦੀ ਸਜ਼ਾ ਸੁਣਾਈ ਹੈ। ਇਸ ਸਬੰਧੀ ਮਾਨਯੋਗ ਅਦਾਲਤ ਦੇ ਫੈਸਲੇ ਅਨੁਸਾਰ ਅਨਿਲ ਕੁਮਾਰ ਉਰਫ ਬਿੱਲੀ ਪੁੱਤਰ ਵਿਨੋਦ ਕੁਮਾਰ ਅਤੇ ਸੋਹਮ ਪੁੱਤਰ ਰਾਮਦੇਵ ਨੂੰ ਐਫ ਆਈ ਆਰ ਨੰਬਰ 77/2023 ,ਥਾਣਾ ਮਹਿਲਾ ਅੰਮ੍ਰਿਤਸਰ ਅਧੀਨ 376-ਡੀ/376 ਡੀਏ ਆਈ ਪੀ ਐਸ ਅਤੇ 6 ਪੋਕਸੋ ਐਕਟ ਵਿਚ ਦੋ?ਸੀ ਠਹਿਰਾਇਆ ਗਿਆ ਹੈ ਅਤੇ ਇੰਨ੍ਹਾਂ ਦੋਵਾਂ ਦੋਸ਼ੀਆਂ ਨੂੰ ਉਮਰ ਕੈਦ ਭਾਵ ਕੁਦਰਤੀ ਮੌਤ ਤੱਕ ਦੀ ਸਜ਼ਾ ਸੁਣਾਈ ਹੈ ਅਤੇ ਇਸਦੇ ਨਾਲ 1 ਲੱਖ ਰੁਪਏ ਜੁਰਮਾਨੇ ਦੀ ਸਜ਼ਾ ਵੀ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਵਾਰਦਾਤ ਵਾਲੇ ਦਿਨ ਦੋਸ਼ੀ ਅਨਿਲ ਕੁਮਾਰ ਉਰਫ ਬਿੱਲੀ ਆਪਣੇ 4 ਦੋਸਤਾਂ ਨਾਲ ਛੱਤ ਤੇ ਆਪਣੇ ਬੱਚੇ ਦੇ ਜਨਮਦਿਨ ਦੀ ਪਾਰਟੀ ਮਨਾ ਰਹੇ ਸਨ ਅਤੇ ਸ਼ਰਾਬੀ ਹਾਲਤ ਵਿਚ ਸਨ। ਜਿਸ ਕਰਕੇ ਪੀੜਤਾ ਸੌ ਨਹੀ ਰਹੀ ਸੀ ਅਤੇ ਉਹ ਆਪਣੀ ਛੱਤ ਤੇ ਖੜ੍ਹੀ ਸੀ। ਉਕਤ ਮੁਲਜ਼ਮਾਂ ਨੇ ਉਸਨੂੰ ਬਹਾਨੇ ਨਾਲ ਬੁਲਾਇਆ ਅਤੇ ਉਸ ਨਾਲ ਸਮੂਹਿਕ ਬਲਾਤਕਾਰ ਕੀਤਾ।

## ਸਰਕਾਰੀ ਪ੍ਰਾਇਮਰੀ ਸਕੂਲ ਧਿੰਗੜ ਵਿਖੇ ਮਨਾਇਆ ਤੀਆਂ ਦਾ ਤਿਉਹਾਰ

ਧਿੰਗੜ/ਰਾਮਪੁਰਾ ਫੂਲ 10 ਅਕਤੂਬਰ। : ਬੀਤੇ ਦਿਨੀਂ ਮਿਤੀ ਨੂੰ ਸਰਕਾਰੀ ਪ੍ਰਾਇਮਰੀ ਸਕੂਲ ਧਿੰਗੜ ਜ਼ਿਲ੍ਹਾ ਬਠਿੰਡਾ ਵਿਖੇ ਇੰਚਾਰਜ਼ ਮੈਡਮ ਰੁਪਿੰਦਰ ਕੌਰ ਦੀ ਅਗਵਾਈ ਅਤੇ ਪਿੰਡ ਦੀਆਂ ਔਰਤਾਂ ਦੇ ਸਹਿਯੋਗ ਨਾਲ ਤੀਆਂ ਦਾ ਤਿਉਹਾਰ ਮਨਾਇਆ ਗਿਆ। ਜਿਸ ਵਿੱਚ ਸਕੂਲ ਦੀਆਂ ਬੱਚੀਆਂ ਨੇ ਤ੍ਰਿੰਝਣ ਦੀ ਝਲਕ, ਗਿੱਧਾ, ਸੱਭਿਆਚਾਰਕ ਗੀਤਾਂ ਤੇ ਪੇਸ਼ਕਾਰੀ ਅਤੇ ਸੰਧਾਰੇ ਦੀ ਰਸਮ ਨੂੰ ਬਹੁਤ ਹੀ ਸੋਹਣੇ ਢੰਗ ਨਾਲ ਪੇਸ਼ ਕੀਤਾ। ਇਸ ਤੋਂ ਇਲਾਵਾ ਪਿੰਡ ਦੀਆਂ ਔਰਤਾਂ ਅਤੇ ਸਕੂਲ ਦੀਆਂ ਅਧਿਆਪਕਾਵਾਂ ਨੇ ਗਿੱਧਾ, ਬੋਲੀਆਂ, ਰਾਹੀਂ ਖ਼ੂਬ ਰੰਗ ਬੰਨ੍ਹ?ਆ ਅਤੇ ਚਰਖੇ, ਪੱਖੀਆਂ, ਬਾਗ, ਫੁਲਕਾਰੀਆਂ ਦੀ ਝਲਕ ਅਤੇ ਪੁਰਾਤਨ ਪਹਿਰਾਵੇ ਪਹਿਨ ਕੇ ਪੰਜਾਬੀ ਸੱਭਿਆਚਾਰ ਨੂੰ ਬਾਖ਼ੂਬੀ ਪੇਸ਼ ਕੀਤਾ ਗਿਆ। ਇਹ ਅਜੋਕੀ ਪੀੜ੍ਹੀ ਨੂੰ ਸੱਭਿਆਚਾਰ ਨਾਲ ਜੋੜਨ ਦਾ ਇੱਕ ਸ਼ਲਾਘਾਯੋਗ ਉਪਰਾਲਾ ਹੈ। ਇਸ ਵਿੱਚ ਮੈਡਮ ਕਰਮਜੀਤ ਕੌਰ, ਨਿਰਮਲ ਕੌਰ, ਗੁਰਮੀਤ ਕੌਰ ਅਤੇ ਆਂਗਣਵਾੜੀ ਸਟਾਫ਼ ਦਾ ਵਿਸ਼ੇਸ਼ ਸਹਿਯੋਗ ਰਿਹਾ। ਅਧਿਆਪਕ ਨਿਰਮਲ ਸਿੰਘ ਰਾਈਆ ਵੱਲੋਂ ਸਟਾਲਾਂ ਦਾ ਪ੍ਰਬੰਧ ਅਤੇ ਦੇਖ-ਰੇਖ ਵਿੱਚ ਯੋਗ ਭੂਮਿਕਾ ਨਿਭਾਈ ਗਈ। ਹੋਰ ਕਿਹਾ ਕਿ ਬੇਸ਼ੱਕ ਹਰ ਪਿੰਡ, ਸ਼ਹਿਰ ਅਤੇ ਖਿੱਤੇ ਖੇਤਰ ਦੇ ਲੋਕ ਇਸ ਤਿਉਹਾਰ ਨੂੰ ਚਾਵਾਂ ਨਾਲ ਆਪਣੇ-ਆਪਣੇ ਢੰਗ ਤਰੀਕੇ ਤੇ ਵਸੀਲਿਆਂ ਅਨੁਸਾਰ ਮਨਾਉਂਦੇ ਹਨ, ਪਰ ਅਜੋਕੇ ਸਮੇਂ ਦੀ ਇਹ ਇਕ ਅਹਿਮ ਲੋੜ ਹੈ ਕਿ ਆਉਣ ਵਾਲੀਆਂ ਪੀੜ੍ਹੀਆਂ ਤੇ ਬੱਚਿਆਂ ਨੂੰ ਆਪਣੇ ਵਿਰਸੇ ਨਾਲ ਜੋੜਿਆ ਜਾਵੇ ਤੇ ਪੁਰਾਤਨ ਪਹਿਰਾਵਿਆਂ, ਪੁਰਾਤਨ ਖੇਡਾਂ, ਪੁਰਾਤਨ ਭਾਂਡਿਆਂ, ਪੁਰਾਤਨ ਚੀਜ਼ਾਂ ਤੋਂ ਜਾਣੂ ਕਰਵਾਇਆ ਜਾਵੇ।

# ਡਰੋਨ ਵਿਰੋਧੀ ਪ੍ਰਣਾਲੀ ਤਾਇਨਾਤ ਕਰਨ ਵਾਲਾ ਦੇਸ਼ ਦਾ ਪਹਿਲਾ ਸੂਬਾ ਬਣਿਆ ਪੰਜਾਬ : ਵਿਧਾਇਕ ਟੌਂਗ

ਕੌਮੀ ਪਤ੍ਰਿਕਾ

ਅੰਮ੍ਰਿਤਸਰ 10 ਅਕਤੂਬਰ। ਸਰਹੱਦ ਪਾਰੋਂ ਨਸ਼ਿਆਂ ਦੀ ਤਸਕਰੀ ਨੂੰ ਰੋਕਣ ਲਈ ਮਿਸਾਲੀ ਪਹਿਲਕਦਮੀ ਤਹਿਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ‘ਆਪ’ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਬੀਤੇ ਕੱਲ ਐਂਟੀ-ਡਰੋਨ ਪ੍ਰਣਾਲੀ (ਏ.ਡੀ.ਐਸ.) ‘ਬਾਜ਼ ਅੱਖ’ ਨੂੰ ਹਰੀ ਝੰਡੀ ਦਿਖਾਈ, ਜਿਸ ਤੋਂ ਬਾਅਦ ਪੰਜਾਬ ਅੰਤਰਰਾਸ਼ਟਰੀ ਸਰਹੱਦ ‘ਤੇ ਇਸ ਪ੍ਰਣਾਲੀ ਨੂੰ ਤਾਇਨਾਤ ਕਰਨ ਵਾਲਾ ਦੇਸ਼ ਦਾ ਪਹਿਲਾ ਸੂਬਾ ਬਣ ਗਿਆ। ਆਮ ਆਦਮੀ ਪਾਰਟੀ ਦੇ ਬਾਬਾ ਬਕਾਲਾ ਤੋਂ ਵਿਧਾਇਕ ਦਲਬੀਰ ਸਿੰਘ ਟੌਂਗ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਇਸ ਪਹਿਲ ਨਾਲ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਇੱਕ ਹੋਰ ਸ਼ਾਨਦਾਰ ਅਧਿਆਇ ਜੁੜ ਗਿਆ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਦੀ ਨਸ਼ਾ ਤਸਕਰਾਂ ਨਾਲ ਮਿਲੀਭੁਗਤ ਸੀ, ਜਿਸ ਕਾਰਨ ਇਸ ਸਰਾਪ ਨੇ ਸੂਬੇ ਵਿੱਚ ਆਪਣੇ ਪੈਰ ਪਸਾਰੇ। ਹਲਕਾ ਵਿਧਾਇਕ ਦਲਬੀਰ ਸਿੰਘ ਟੌਂਗ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ÷ਨਸ਼ਿਆਂ ਵਿਰੁੱਧ ਜੰਗ÷ (ਯੁੱਧ ਨਸ਼ਿਆਂ ਵਿਰੁੱਧ) ਮੁਹਿੰਮ ਤਹਿਤ ਪੰਜਾਬ ਨੇ ਅੱਜ ਸਰਹੱਦ ਪਾਰੋਂ ਨਸ਼ਿਆਂ ਦੀ ਤਸਕਰੀ ਰੋਕਣ ਲਈ ਆਰ-ਪਾਰ ਦੀ ਜੰਗ ਛੇੜੀ ਹੈ। ਉਨ੍ਹਾਂ ਕਿਹਾ ਕਿ ਪਾਕਿਸਤਾਨ ਨਾਲ ਪੰਜਾਬ ਦੀ 553 ਕਿਲੋਮੀਟਰ ਸਰਹੱਦ ਲੱਗਦੀ ਹੈ, ਜਿਸ ਨੂੰ ਨਸ਼ਿਆਂ ਅਤੇ ਹਥਿਆਰਾਂ ਦੀ ਤਸਕਰੀ ਲਈ ਸਭ ਤੋਂ ਸੰਵੇਦਨਸ਼ੀਲ ਖੇਤਰਾਂ ਵਿੱਚੋਂ ਇੱਕ ਮੰਨਿਆ ਜਾਂਦਾ ਹੈ। ਸ: ਟੌਂਗ ਨੇ ਕਿਹਾ ਕਿ ਸਰਹੱਦੀ ਸੁਰੱਖਿਆ ਨੂੰ ਮਜ਼ਬੂਤ ਕਰਨ ਅਤੇ ਡਰੋਨ-ਅਧਾਰਤ ਤਸਕਰੀ ਤੋਂ ਪੈਦਾ ਹੋਈਆਂ ਚੁਣੌਤੀਆਂ ਨਾਲ ਨਜਿੱਠਣ ਲਈ ਅੰਤਰਰਾਸ਼ਟਰੀ ਸਰਹੱਦ ‘ਤੇ ਨੌਂ ਐਂਟੀ-ਡਰੋਨ ਯੂਨਿਟ ਸਥਾਪਤ ਕੀਤੇ ਜਾ ਰਹੇ ਹਨ। ਵਿਧਾਇਕ ਦਲਬੀਰ ਸਿੰਘ ਟੌਂਗ ਨੇ ਕਿਹਾ ਕਿ ਇਨ੍ਹਾਂ ਯੂਨਿਟਾਂ ‘ਤੇ 51.4 ਕਰੋੜ ਰੁਪਏ ਖ਼ਰਚੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਭਾਵੇਂ ਸਾਡੇ ਦੇਸ਼ ਦੀਆਂ ਹਥਿਆਰਬੰਦ ਫੌਜਾਂ ਅਤੇ ਬੀਐਸਐਫ ਪਹਿਲਾਂ ਹੀ ਅਜਿਹੀਆਂ ਸਰਹੱਦ ਲੱਗਦੀ ਹੈ, ਜਿਸ ਨੂੰ ਨਸ਼ਿਆਂ ਅਤੇ ਹਥਿਆਰਾਂ ਦੀ ਤਸਕਰੀ ਲਈ ਸਭ ਤੋਂ ਸੰਵੇਦਨਸ਼ੀਲ ਖੇਤਰਾਂ ਵਿੱਚੋਂ ਇੱਕ ਮੰਨਿਆ ਜਾਂਦਾ ਹੈ। ਸ: ਟੌਂਗ ਨੇ ਕਿਹਾ ਕਿ ਸਰਹੱਦੀ ਸੁਰੱਖਿਆ ਨੂੰ ਮਜ਼ਬੂਤ ਕਰਨ ਅਤੇ ਡਰੋਨ-ਅਧਾਰਤ ਤਸਕਰੀ ਤੋਂ ਪੈਦਾ ਹੋਈਆਂ ਚੁਣੌਤੀਆਂ ਨਾਲ ਨਜਿੱਠਣ ਲਈ ਅੰਤਰਰਾਸ਼ਟਰੀ ਪ੍ਰਣਾਲੀਆਂ ਵਰਤ ਰਹੀਆਂ ਹਨ, ਪਰ ਪੰਜਾਬ ਦੇਸ਼ ਦਾ ਪਹਿਲਾ ਸੂਬਾ ਹੈ ਜਿਸ ਨੇ ਅੰਤਰਰਾਸ਼ਟਰੀ ਸਰਹੱਦ ‘ਤੇ ਐਂਟੀ-ਡਰੋਨ ਸਿਸਟਮ ਤਾਇਨਾਤ ਕੀਤਾ ਹੈ। ਦਲਬੀਰ ਸਿੰਘ ਟੌਂਗ ਨੇ ਕਿਹਾ ਕਿ ਇਸ ਨਾਲ ਸਰਹੱਦ ਰਾਹੀਂ ਸੂਬੇ ਵਿੱਚ ਦਾਖਲ ਹੋਣ ਵਾਲੇ ਕਿਸੇ ਵੀ ਡਰੋਨ ਨੂੰ ਤੁਰੰਤ ਬੇਅਸਰ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਐਂਟੀ-ਡਰੋਨ ਪ੍ਰਣਾਲੀ ਸੁਰੱਖਿਆ ਬਲਾਂ ਨੂੰ ਨਸ਼ਿਆਂ ਅਤੇ ਹਥਿਆਰਾਂ ਦੀ ਤਸਕਰੀ ਨਾਲ ਨਜਿੱਠਣ ਵਿੱਚ ਸਹਾਇਤਾ ਕਰੇਗੀ। ਦਲਬੀਰ ਸਿੰਘ ਟੌਂਗ ਨੇ ਕਿਹਾ ਕਿ ਇਹ ਸਿਸਟਮ ਉਨ੍ਹਾਂ ਖਾਸ ਸਰਹੱਦੀ ਥਾਵਾਂ ‘ਤੇ ਤਾਇਨਾਤ ਕੀਤੇ ਜਾਣਗੇ, ਜਿੱਥੇ ਡਰੋਨ ਗਤੀਵਿਧੀ ਜ਼ਿਆਦਾ ਦੇਖੀ ਗਈ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਪੰਜਾਬ ਪੁਲਿਸ ਕੋਲ ਡਰੋਨਾਂ ਨੂੰ ਬੇਅਸਰ ਕਰਨ ਲਈ ਅਜਿਹਾ ਕੋਈ ਸਿਸਟਮ ਨਹੀਂ ਸੀ, ਪਰ ਹੁਣ ਇਹ ਸਿਸਟਮ ਪੰਜਾਬ ਪੁਲਿਸ ਨੂੰ ਵਧੇਰੇ ਸਮਰੱਥ ਬਣਾਏਗਾ।

## ਪੰਜਾਬ ਦੇ ਸਕੂਲਾਂ ਨਾਲ ਜੁੜੀ ਵੱਡੀ ਖ਼ਬਰ ! ਜਲਦ ਹੋਣ ਜਾ ਰਿਹੈ ਸਖ਼ਤ ਐਕਸ਼ਨ

ਲੁਧਿਆਣਾ 12 ਅਗਸਤ। ਪੰਜਾਬ ਦਾ ਸਕੂਲ ਸਿੱਖਿਆ ਵਿਭਾਗ ਹੁਣ ਉਨ੍ਹਾਂ ਨਿੱਜੀ ਸਕੂਲਾਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੀ ਤਿਆਰੀ ਕਰ ਰਿਹਾ ਹੈ, ਜੋ ਪਿਛਲੇ 4 ਮਹੀਨਿਆਂ ਤੋਂ ਵਾਰ-ਵਾਰ ਬੇਨਤੀਆਂ ਕਰਨ ਦੇ ਬਾਵਜੂਦ ਨਿੱਜੀ ਪ੍ਰਕਾਸ਼ਕਾਂ ਦੀਆਂ ਕਿਤਾਬਾਂ ਦੀ ਸੂਚੀ ਨਹੀਂ ਭੇਜ ਰਹੇ। ਸਕੂਲਾਂ ਦੀ ਇਸ ਲਾਪ੍ਰਵਾਹੀ ਕਾਰਨ ਵਿਭਾਗ ਆਪਣੀ ਰਿਪੋਰਟ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਨੂੰ ਨਹੀਂ ਭੇਜ ਸਕਿਆ। ਵਿਭਾਗ ਦੇ ਪੱਤਰ ਨੂੰ ਦੇਖ ਕੇ ਅੰਦਾਜ਼ਾ ਲਗਾਇਆ ਜਾ ਸਕਦਾ ਹੈ ਕਿ ਅੰਮ੍ਰਿਤਸਰ, ਫ਼ਤਹਿਗੜ੍ਹ ਸਾਹਿਬ, ਜਲੰਧਰ ਅਤੇ ਮਾਨਸਾ ਜ਼ਿਲ੍ਹਿਆਂ ਨੂੰ ਛੱਡ ਕੇ ਕਿਸੇ ਵੀ ਜ਼ਿਲੇ ਦੇ ਸਕੂਲਾਂ ਨੇ ਉਨ੍ਹਾਂ ਨੂੰ ਨਿੱਜੀ ਪ੍ਰਕਾਸ਼ਕਾਂ ਦੀਆਂ ਕਿਤਾਬਾਂ ਦੀ ਸੂਚੀ ਵਿਭਾਗ ਨੂੰ ਨਹੀਂ ਸੌਂਪੀ, ਜੋ ਅੱਧਾ ਸੈਸ਼ਨ ਬੀਤ ਜਾਣ ਤੋਂ ਬਾਅਦ ਵੀ ਉਨ੍ਹਾਂ ਦੇ ਸਕੂਲਾਂ ‘ਚ ਬੱਚਿਆਂ ਨੂੰ ਪੜ੍ਹਾਈਆਂ ਜਾ ਰਹੀਆਂ ਹਨ। ਹੁਣ ਵਿਭਾਗ ਦੇ ਉੱਚ ਅਧਿਕਾਰੀ ਨੇ ਸਾਰੇ ਜ਼ਿਲਾ ਸਿੱਖਿਆ ਅਧਿਕਾਰੀਆਂ ਨੂੰ ਸਪੱਸ਼ਟ ਹੁਕਮ ਜਾਰੀ ਕੀਤੇ ਹਨ ਕਿ ਜੇਕਰ ਸੂਚੀ ਅਜੇ ਵੀ ਨਾ ਆਈ ਤਾਂ ਮਨੁੱਖੀ ਅਧਿਕਾਰ ਕਮਿਸ਼ਨ ਦੀ ਟੀਮ ਸਕੂਲਾਂ ਦਾ ਦੌਰਾ ਕਰੇਗੀ ਅਤੇ ਸੂਚੀ ਦਾ ਪਤਾ ਲਗਾਏਗੀ ਅਤੇ ਸਕੂਲ ਪ੍ਰਿੰਸੀਪਲਾਂ ਤੋਂ ਜਵਾਬ ਮੰਗੇਗੀ। ਤੁਹਾਨੂੰ ਦੱਸ ਦੇਈਏ ਕਿ ਵਿਭਾਗ ਨੇ ਅਪ੍ਰੈਲ ‘ਚ ਹੀ ਸਾਰੇ ਪ੍ਰਾਈਵੇਟ ਸਕੂਲਾਂ ਨੂੰ ਇਕ ਪੱਤਰ ਭੇਜਿਆ ਸੀ, ਜਿਸ ‘ਚ ਕਿਹਾ ਗਿਆ ਸੀ ਕਿ ਉਹ ਆਪਣੇ ਸਕੂਲਾਂ ‘ਚ ਬੱਚਿਆਂ ਨੂੰ ਪੜ੍ਹਾਈਆਂ ਜਾ ਰਹੀਆਂ ਪ੍ਰਾਈਵੇਟ ਪ੍ਰਕਾਸ਼ਕਾਂ ਦੀਆਂ ਕਿਤਾਬਾਂ ਦੀ ਸੂਚੀ ਭੇਜਣ ਪਰ ਕਿਸੇ ਵੀ ਸਕੂਲ ਨੇ ਇਸ ਨੂੰ ਗੰਭੀਰਤਾ ਨਾਲ ਨਹੀਂ ਲਿਆ। ਹੁਣ ਇਹ ਮਾਮਲਾ ਮਨੁੱਖੀ ਅਧਿਕਾਰ ਕਮਿਸ਼ਨ ‘ਚ ਵਿਚਾਰ ਅਧੀਨ ਹੈ ਇਸ ਲਈ ਵਿਭਾਗ ਫਿਰ ਤੋਂ ਸਰਗਰਮ ਹੋ ਗਿਆ ਹੈ।

# ਰੱਖੜੀ ਤੋਂ ਪਹਿਲਾਂ ਸਕੀ ਭੈਣ ਨੇ ਦਿੱਤੀ ਭਰਾ ਦੀ ਸੁਪਾਰੀ, 10 ਹਜ਼ਾਰ ‘ਚ ਕਰਵਾ ਦਿੱਤੀ ਹੱਤਿਆ

ਕੌਮੀ ਪਤ੍ਰਿਕਾ

ਨੈਸ਼ਨਲ ਡੈਸਕ 10 ਅਕਤੂਬਰ। ਮੱਧ ਪ੍ਰਦੇਸ਼ ਦੇ ਸਿੰਗਰੌਲੀ ਜ਼ਿਲ੍ਹੇ ‘ਚ 12 ਜੁਲਾਈ ਨੂੰ ਇੱਕ ਬੋਰੀ ਵਿੱਚ ਮਿਲੀ ਇੱਕ ਨੌਜਵਾਨ ਦੀ ਲਾਸ਼ ਦੀ ਗੱਥੀ ਪੁਲਸ ਨੇ ਆਖਰਕਾਰ ਸੁਲਝਾ ਲਈ ਹੈ। ਇਸ ਮਾਮਲੇ ‘ਚ ਹੋਏ ਖੁਲਾਸੇ ਬਹੁਤ ਹੈਰਾਨ ਕਰਨ ਵਾਲੇ ਹਨ। ਨੌਜਵਾਨ ਦਾ ਕਤਲ ਉਸਦੀ ਆਪਣੀ ਭੈਣ ਨੇ ਹੀ ਕੀਤਾ ਸੀ। ਭੈਣ ਨੇ ਆਪਣੇ ਸ਼ਰਾਬੀ ਤੇ ਹਿੰਸਕ ਭਰਾ ਤੋਂ ਤੰਗ ਆ ਕੇ 10 ਹਜ਼ਾਰ ਰੁਪਏ ਦਾ ਸੌਦਾ ਦੇ ਕੇ ਉਸਨੂੰ ਮਾਰ ਦਿੱਤਾ। ਪੁਲਸ ਨੇ ਇਸ ਮਾਮਲੇ ਵਿੱਚ ਤਿੰਨ ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਇਹ ਮਾਮਲਾ ਲੰਘਾਧੋਲ ਥਾਣਾ ਖੇਤਰ ਦਾ ਹੈ, ਜਿੱਥੇ ਤਾਲ ਪਿੰਡ ‘ਚ ਗੋਪੜ ਨਦੀ ਦੇ ਕੰਢੇ ਇੱਕ ਬੋਰੀ ਵਿੱਚ ਇੱਕ ਨੌਜਵਾਨ ਦੀ ਲਾਸ਼ ਮਿਲੀ। ਪੋਸਟਮਾਰਟਮ ਰਿਪੋਰਟ ‘ਚ ਖੁਲਾਸਾ ਹੋਇਆ ਕਿ ਉਸਦਾ ਗਲਾ ਘੁੱਟ ਕੇ ਕਤਲ ਕੀਤਾ ਗਿਆ ਸੀ।



ਲਾਸ਼ ਦੀ ਪਛਾਣ ਨਾ ਹੋਣ ਕਾਰਨ ਪੁਲਸ ਨੇ ਫੋਟੋ ਗੁਆਂਢੀ ਰਾਜਾਂ ਛੱਤੀਸਗੜ੍ਹ ਅਤੇ ਉੱਤਰ ਪ੍ਰਦੇਸ਼ ਨੂੰ ਭੇਜ ਦਿੱਤੀ। ਕਾਫ਼ੀ ਕੋਸ਼ਿਸ਼ਾਂ ਤੋਂ ਬਾਅਦ ਲਾਸ਼ ਦੀ ਪਛਾਣ ਛੱਤੀਸਗੜ੍ਹ ਦੇ ਮੁਕਰਿਲ ਪਿੰਡ ਦੇ ਰਹਿਣ ਵਾਲੇ ਲਾਲ ਬਹਾਦਰ ਸਿੰਘ ਵਜੋਂ ਹੋਈ। ਮ੍ਰਿਤਕ ਦੇ ਭਰਾ ਸ਼ਿਵਪ੍ਰਸਾਦ ਨੂੰ ਆਪਣੀ ਭੈਣ ਫੂਲਮਤੀ ਸਿੰਘ ‘ਤੇ ਸ਼ੱਕ ਸੀ। ਜਦੋਂ ਪੁਲਿਸ ਨੇ ਫੂਲਮਤੀ ਤੋਂ ਪੁੱਛਗਿੱਛ ਕੀਤੀ ਤਾਂ ਉਸਨੇ ਆਪਣਾ ਜੁਰਮ ਕਬੂਲ ਕਰ ਲਿਆ। ਉਸਨੇ ਦੱਸਿਆ ਕਿ ਉਸਦਾ ਭਰਾ ਸ਼ਰਾਬ ਪੀ ਕੇ ਉਸਨੂੰ ਅਤੇ ਉਸਦੀ ਮਾਂ ਨੂੰ ਕੁੱਟਦਾ ਸੀ। ਇਸ ਕਾਰਨ ਉਹ ਲੰਬੇ ਸਮੇਂ ਤੋਂ ਪਰੇਸ਼ਾਨ ਸੀ। ਉਸਨੇ ਆਪਣੇ ਜਾਣਕਾਰਾਂ ਸ਼ਿਵ ਕੈਲਾਸ਼ ਸਿੰਘ ਅਤੇ ਭੂਪਤ ਸਿੰਘ ਨੂੰ 10,000 ਰੁਪਏ ਦਿੱਤੇ ਅਤੇ ਉਨ੍ਹਾਂ ਨੂੰ ਆਪਣੇ ਭਰਾ ਨੂੰ ਮਾਰਨ ਲਈ ਮਨਾ ਲਿਆ। 8 ਜੁਲਾਈ ਨੂੰ ਜਦੋਂ ਲਾਲ ਬਹਾਦਰ ਸ਼ਰਾਬੀ ਸੀ, ਤਾਂ ਦੋਵਾਂ ਨੇ ਉਸਦਾ ਗਲਾ ਘੁੱਟ ਕੇ ਕਤਲ ਕਰ ਦਿੱਤਾ। ਫਿਰ ਉਨ੍ਹਾਂ ਨੇ ਲਾਸ਼ ਨੂੰ ਬੋਰੀ ਵਿੱਚ ਭਰ ਕੇ ਗੋਪੜ ਨਦੀ ਵਿੱਚ ਸੁੱਟ ਦਿੱਤਾ। ਪੁਲਸ ਨੇ ਤਿੰਨਾਂ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ ਅਤੇ ਮਾਮਲੇ ਦੀ ਜਾਂਚ ਜਾਰੀ ਹੈ।

## ਫਲਾਈਓਵਰ ‘ਤੇ ਚੱਲਦੀ ਕਾਰ ‘ਚ ਮਚੇ ਅੱਗ ਦੇ ਭਾਂਬੜ

ਖਰੜ 10 ਅਕਤੂਬਰ। ਇੱਥੇ ਖਰੜ ਫਲਾਈਓਵਰ ‘ਤੇ ਇਕ ਕਾਰ ਨੂੰ ਅਚਾਨਕ ਅੱਗ ਲੱਗ ਗਈ, ਜਿਸ ਮਗਰੋਂ ਕਾਰ ਅੱਗ ‘ਚ ਸੜ ਕੇ ਸੁਆਹ ਹੋ ਗਈ। ਹਾਲਾਂਕਿ ਇਸ ਹਾਦਸੇ ਦੌਰਾਨ ਕਿਸੇ ਤਰ੍ਹਾਂ ਦੇ ਜਾਨੀ ਨੁਕਸਾਨ ਤੋਂ ਬਚਾਅ ਰਿਹਾ। ਪ੍ਰਾਪਤ ਜਾਣਕਾਰੀ ਅਨੁਸਾਰ ਕਾਰ ਸਵਾਰ ਬਲਰਾਮ ਸਿੰਘ ਅੰਮ੍ਰਿਤਸਰ ਤੋਂ ਆਪਣੀ ਵਰਨਾ ਕਾਰ ‘ਤੇ ਸਵਾਰ ਹੋ ਕੇ ਚੰਡੀਗੜ੍ਹ ਜਾ ਰਿਹਾ ਸੀ। ਅਚਾਨਕ ਕੇ. ਐੱਫ਼. ਸੀ. ਦੇ ਸਾਹਮਣੇ ਫਲਾਈਓਵਰ ਦੇ ਉੱਪਰ ਗੱਡੀ ‘ਚ ਸ਼ਾਰਟ ਸਰਕਟ ਹੋਣ ਨਾਲ ਜਦੋਂ ਧੂੰਆਂ ਨਿਕਲਿਆ ਤਾਂ ਕਾਰ ਸਵਾਰ ਨੇ ਬਹਾਦਰੀ ਨਾਲ ਕਾਰ ਰੋਕ ਕੇ ਕਾਰ ਰੋਕੀ ਅਤੇ ਤੁਰੰਤ ਫਾਇਰ ਬ੍ਰਿਗੇਡ ਦੀ ਟੀਮ ਨੂੰ ਸੂਚਿਤ ਕੀਤਾ। ਫਾਇਰ ਬ੍ਰਿਗੇਡ ਦੇ ਫਾਇਰਮੈਨ ਵਰਿੰਦਰ ਸਿੰਘ, ਨਵਤੇਜ ਸਿੰਘ, ਸੁਖਪ੍ਰੀਤ ਸਿੰਘ ਹਾਦਸਾ ਗ੍ਰਸਤ ਕਾਰ ਕੋਲ ਪੁੱਜੇ ਅਤੇ ਉਨ੍ਹਾਂ ਅੱਗ ‘ਤੇ ਕਾਬੂ ਪਾਇਆ ਤਾਂ ਉਸ ਸਮੇਂ ਕਾਰ ਪੂਰੀ ਤਰ੍ਹਾਂ ਸੜ ਕੇ ਸੁਆਹ ਹੋ ਗਈ ਸੀ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689, 011-23315814

Mob. : 9971359517, 9312262300

E-mail address: qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਹਰ ਸ਼ੁੱਕਰਵਾਰ ਡੇਂਗੂ ਤੇ ਵਾਰ ਐਕਟੀਵਿਟੀ ਦੌਰਾਨ ਸੈਕਟਰ ਬਡਰੁੱਖਾਂ ਅਧੀਨ ਆਉਂਦੇ ਪਿੰਡਾਂ ਲੋਕਾਂ ਨੂੰ ਡੇਂਗੂ ਤੋਂ ਬਚਾਉ ਸਬੰਧੀ ਕੀਤਾ ਜਾਗਰੂਕ

ਕੌਮੀ ਪੱਤ੍ਰਿਕਾ

ਲੌਂਗੋਵਾਲ,10 ਅਕਤੂਬਰ: ਪੰਜਾਬ ਸਰਕਾਰ ਵੱਲੋਂ ਐਂਟੀ ਡੇਂਗੂ ਕੰਪੇਨ ਤਹਿਤ ਹਰ ਸ਼ੁੱਕਰਵਾਰ ਡੇਂਗੂ ਤੇ ਵਾਰ ਐਕਟੀਵਿਟੀ ਦੌਰਾਨ ਅੱਜ ਸੈਕਟਰ ਬਡਰੁੱਖਾਂ, ਅਧੀਨ ਪੈਂਦੇ ਪਿੰਡ ਬਡਰੁੱਖਾਂ, ਚੰਗਾਲ,ਅਕੋਈ ਸਾਹਿਬ ਵਿਖੇ ਸਿਵਲ ਸਰਜਨ ਸੰਗਰੂਰ ਡਾਕਟਰ ਅਮਰਜੀਤ ਕੌਰ ਮੈਡੀਕਲ ਅਫਸਰ ਡਾਕਟਰ ਮਨੀਤਾ ਬਾਂਸਲ ਬਲਾਕ ਲੌਂਗੋਵਾਲ ਅਤੇ ਜ਼ਿਲ੍ਹਾ ਐਪੀਡੀਮੋਲੋਜਿਸਟ ਡਾਕਟਰ ਉਪਾਸਨਾ ਬਿੰਦਰਾ ਦੇ ਦਿਸ਼ਾ ਨਿਰਦੇਸ਼ਾਂ ਅਤੇ ਸਿਹਤ ਸੁਪਰਵਾਈਜ਼ਰ ਸੁਖਪਾਲ ਸਿੰਘ ਦੀ ਯੋਗ ਅਗਵਾਈ ਹੇਠ ਸਿਹਤ ਕਰਮਚਾਰੀ ਮਨਜੀਤ ਸਿੰਘ , ਜਸਵੀਰ ਸਿੰਘ, ਹਰਜੀਤ ਸਿੰਘ ਨੇ ਘਰਾਂ ਵਿੱਚ ,ਸੱਥਾਂ ਵਿਚ ਅਤੇ ਪਿੰਡ ਦੀਆ ਸਾਂਝੀਆਂ ਥਾਵਾਂ ਤੇ ਇੱਕਠੇ ਹੋਏ ਲੋਕਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਡੇਂਗੂ ਇਕ ਵਾਇਰਲ ਬੁਖਾਰ ਹੈ ਜੋ ਕਿ ਏਡੀਜ਼ ਅਜਿਪਟੀ ਨਾਂ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ।ਇਸ ਬੁਖਾਰ ਦੇ ਮੁੱਖ ਲੱਛਣ ਤੇਜ ਸਿਰ ਦਰਦ ਅਤੇ ਬੁਖਾਰ,ਅੱਖਾਂ ਦੇ ਪਿਛਲੇ ਹਿੱਸੇ ਵਿੱਚ ਅਤੇ ਮਾਸ ਪੇਸ਼ੀਆਂ ਵਿਚ ਦਰਦ,ਜੀਅ ਕੱਚਾ ਹੋਣਾ ਅਤੇ ਉਲਟੀਆਂ ਆਉਣੀਆਂ ਅਤੇ ਜ਼ਿਆਦਾ ਹਾਲਤ ਖਰਾਬ ਹੋਣ ਤੇ ਨੱਕ, ਮੂੰਹ ਅਤੇ ਮਸੂੜਿਆਂ ਵਿੱਚੋਂ ਖੂਨ ਦਾ ਵਗਣਾ ਹੈ। ਇਸ ਮੌਕੇ ਲੋਕਾਂ ਨੂੰ ਦੱਸਿਆ ਕਿ ਡੇਂਗੂ ਬੁਖਾਰ ਦੀ ਭਰਮਾਰ ਨੂੰ ਅਸਾਨੀ ਨਾਲ ਜਿੱਤਿਆ ਜਾ ਸਕਦਾ ਹੈ ਜੇਕਰ ਅਸੀਂ ਇਲਾਜ ਨਾਲੋਂ ਪ੍ਰਹੇਜ਼ ਦੀਆਂ ਸਾਵਧਾਨੀਆਂ ਤੇ ਪੂਰਾ ਧਿਆਨ ਦਈਏ ਅਤੇ ਆਪਣੇ ਆਲੇ ਦੁਆਲੇ ਦੇ ਲੋਕਾਂ ਨੂੰ ਵੀ ਜਾਗਰੂਕ ਕਰੀਏ ਕਿ ਡੇਂਗੂ ਫੈਲਾਉਣ ਵਾਲੇ ਮੱਛਰ ਖੜੇ ਅਤੇ ਸਾਫ਼ ਪਾਣੀ ਵਿੱਚ ਪਲਦੇ ਹਨ ਜਿਵੇਂ ਕੂਲਰਾਂ ਵਿਚ, ਪਾਣੀ ਦੀਆਂ ਟੈਂਕੀਆਂ ਵਿਚ, ਗਮਲਿਆਂ ਵਿਚ, ਕਬਾੜ ਵਿਚ ਪਏ ਟੁੱਟੇ ਭੱਜੇ ਭਾਂਡਿਆਂ ਅਤੇ ਟਾਇਰਾ ਜਿਨਾਂ ਵਿੱਚ ਮੀਂਹ ਦਾ ਪਾਣੀ ਭਰ ਜਾਂਦਾ ਹੈ ਆਦਿ ਵਿੱਚ। ਇਸ ਲਈ ਆਪਣੇ ਘਰਾਂ ਦੇ ਆਲੇ ਦੁਆਲੇ ਪਾਣੀ ਇਕੱਠਾ ਨਾ ਹੋਣ ਦਿਓ,ਪਾਣੀ ਨਾਲ ਭਰੇ ਭਾਂਡਿਆਂ ਅਤੇ ਟੈਂਕੀਆ ਨੂੰ ਚੰਗੀ ਤਰ੍ਹਾਂ ਢੱਕ ਕੇ ਰੱਖੋ, ਹਫਤੇ ਵਿਚ ਇਕ ਵਾਰ ਕੂਲਰਾਂ ਦੇ ਪਾਣੀ ਅਤੇ ਫਰਿਜ ਦੇ ਪਿਛਲੇ ਹਿੱਸੇ ਵੇਸਟ ਪਾਣੀ ਵਾਲੀ ਟਰੇਅ ਨੂੰ ਚੰਗੀ ਤਰ੍ਹਾਂ ਸਾਫ਼ ਕਰੋ। ਡੇਂਗੂ ਫੈਲਾਉਣ ਵਾਲਾ ਮੱਛਰ ਦਿਨ ਸਮੇਂ ਕੱਟਦਾ ਹੈ ਇਸ ਲਈ ਪੂਰਾ ਸਰੀਰ ਢੱਕਣ ਵਾਲੇ ਕੱਪੜੇ ਪਾਉ ਤਾ ਜੋ ਮੱਛਰ ਨਾ ਕੱਟ ਸਕੇ। ਰਾਤ ਨੂੰ ਸੌਣ ਸਮੇਂ ਮੱਛਰ ਦਾਨੀ ਅਤੇ ਮੱਛਰ ਭਜਾਉਣ ਵਾਲੀਆਂ ਕਰੀਮਾਂ ਦੀ ਵਰਤੋਂ ਕਰੋ।ਤੇਜ਼ ਬੁਖਾਰ ਹੋਣ ਦੀ ਹਾਲਤ ਵਿੱਚ ਨੇੜੇ ਦੀ ਸਰਕਾਰੀ ਹਸਪਤਾਲ ਵਿੱਚੋ ਖੂਨ ਦੀ ਜਾਂਚ ਯਕੀਨੀ ਕਰਾਉ । ਡੇਂਗੂ ਬੁਖਾਰ ਹੋਣ ਦੀ ਹਾਲਤ ਵਿੱਚ ਪੂਰਾ ਅਰਾਮ ਕਰੋ ਜ਼ਿਆਦਾ ਮਾਤਰਾ ਵਿਚ ਤਰਲ ਪਦਾਰਥ ਲਵੋ ਅਤੇ ਸਿਰਫ ਪੈਰਾਸੀਟਾਮੋਲ ਹੀ ਲਵੋ ਅਤੇ ਜੇਕਰ ਫਿਰ ਵੀ ਬੁਖਾਰ ਨਹੀਂ ਠੀਕ ਹੋ ਰਿਹਾ ਤਾ ਨੇੜੇ ਦੀ ਸਰਕਾਰੀ ਸੰਸਥਾ (ਹਸਪਤਾਲ) ਵਿੱਚੋ ਇਸ ਦਾ ਇਲਾਜ ਕਰਵਾਉਣਾ ਚਾਹੀਦਾ ਹੈ। ਇਸ ਦੌਰਾਨ ਬੁਖਾਰ ਦੇ ਸ਼ੱਕੀ ਕੇਸਾਂ ਦੇ ਬਲੱਡ ਸੈਂਪਲ ਵੀ ਲਏ ਗਏ ਅਤੇ ਵਰੀਡ ਚੈਕਰ ਈਸ਼ਵਰ ਚੰਦ ਰਾਹੀਂ ਪਿੰਡ ਬਲੋਜ਼ਾ ਵਿਖੇ ਸਰਪੰਚ ਬੂਟਾ ਸਿੰਘ ਅਤੇ ਸਮੂਹ ਪੰਚਾਇਤ ਦੇ ਸਹਿਯੋਗ ਨਾਲ ਪਿੰਡ ਵਿੱਚ ਮੱਛਰਾਂ ਦੇ ਖਾਤਮੇ ਲਈ ਫੌਗਿੰਗ ਕਰਵਾਈ ਗਈ ।ਇਸ ਐਕਟੀਵਿਟੀ ਦੌਰਾਨ ਆਸ਼ਾ ਵਰਕਰ ਅੰਕੀ ਕੌਰ, ਗੁਰਪ੍ਰੀਤ ਕੌਰ ਸਬ ਸੈਂਟਰ ਚੰਗਾਲ ਅਤੇ ਆਸਾ ਵਰਕਰ ਮਨਜੀਤ ਕੌਰ, ਰਾਜਵਿੰਦਰ ਕੌਰ ਸਬ ਸੈਂਟਰ ਬਡਰੁੱਖਾਂ ਨੇ ਆਪਣਾ ਬਣਦਾ ਪੂਰਨ ਸਹਿਯੋਗ ਦਿੱਤਾ।

## ਜਿੱਥੇ ਨਿੱਕੇ ਹੁੰਦਿਆਂ ਖੇਡਿਆ...ਅੱਜ ਉਸੇ ਥਾਂ ਹੋਵੇਗਾ ਰਾਜਵੀਰ ਜਵੰਦਾ ਦਾ ਅੰਤਿਮ ਸਸਕਾਰ

ਜਗਰਾਓਂ 10 ਅਕਤੂਬਰ। ਪੰਜਾਬੀ ਗਾਇਕ ਰਾਜਵੀਰ ਜਵੰਦਾ ਦਾ ਬੀਤੇ ਦਿਨ ਦਿਹਾਂਤ ਹੋ ਗਿਆ, ਜਿਸ ਤੋਂ ਬਾਅਦ ਉਹਨਾਂ ਦੀ ਮ੍ਰਿਤਕ ਦੇਹ ਨੂੰ ਮੋਹਾਲੀ ਤੋਂ ਬਾਅਦ ਜੱਦੀ ਪਿੰਡ ਪੋਨਾ ਲਿਆਂਦਾ ਗਿਆ। ਅੱਜ ਪਿੰਡ ਪੋਨਾ ਵਿਖੇ ਹੀ ਰਾਜਵੀਰ ਦਾ ਅੰਤਿਮ ਸੰਸਕਾਰ ਸਵੇਰੇ 11 ਵਜੇ ਕੀਤਾ ਜਾਵੇਗਾ। ਜਿਸ ਥਾਂ 'ਤੇ ਰਾਜਵੀਰ ਦਾ ਅੰਤਿਮ ਸੰਸਕਾਰ ਕੀਤਾ ਜਾਵੇਗਾ, ਉਸੇ ਥਾਂ 'ਤੇ ਉਹਨਾਂ ਨੇ ਆਪਣਾ ਬਚਪਨ ਬਤੀਤ ਕੀਤਾ ਸੀ। ਇਹ ਥਾਂ ਉਹਨਾਂ ਦੇ ਜੱਦੀ ਘਰ ਤੋਂ ਲਗਭਗ 30 ਮੀਟਰ ਦੀ ਦੂਰੀ 'ਤੇ ਹੈ। ਉੱਥੇ ਇੱਕ ਯਾਦਗਾਰ ਵੀ ਬਣਾਈ ਜਾ ਸਕਦੀ ਹੈ। ਇਸ ਸਬੰਧ ਵਿਚ ਪਿੰਡ ਦੇ ਲੋਕਾਂ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਰਾਜਵੀਰ ਦਾ ਪਹਿਲਾਂ ਅੰਤਿਮ ਸੰਸਕਾਰ ਸ਼ਮਸ਼ਾਨਘਾਟ ਵਿਚ ਕਰਨਾ ਸੀ ਪਰ ਇਕੱਠ ਜ਼ਿਆਦਾ ਹੋਣ ਕਾਰਨ ਪੰਚਾਇਤ ਨੇ ਫ਼ੈਸਲਾ ਲਿਆ ਕਿ ਪਿੰਡ ਦੀ ਗਰਾਊਂਡ ਵਿਚ ਹੁਣ ਸਸਕਾਰ ਕੀਤਾ ਜਾਵੇਗਾ। ਇਸ ਥਾਂ 'ਤੇ ਹੀ ਉਹਨਾਂ ਦੀਆਂ ਅੰਤਿਮ ਰਸਮਾਂ ਵੀ ਕੀਤੀਆਂ ਜਾਣਗੀਆਂ। ਪਿੰਡ ਦੇ ਨੌਜਵਾਨਾਂ ਨੇ ਕਿਹਾ ਕਿ ਅਸੀਂ ਕਦੇ ਸੋਚਿਆ ਨਹੀਂ ਸੀ, ਜਿਸ ਥਾਂ 'ਤੇ ਅਸੀਂ ਖੇਡਦੇ ਹਾਂ, ਅੱਜ ਉਸੇ ਥਾਂ 'ਤੇ ਪੰਜਾਬੀ ਗਾਇਕ ਰਾਜਵੀਰ ਜਵੰਦਾ ਦਾ ਅੰਤਿਮ ਸਸਕਾਰ ਕੀਤਾ ਜਾਵੇਗਾ। ਇਹ ਸਮਾਂ ਬਹੁਤ ਦੁੱਖਦ ਹੈ।

## ਪਾਵਰਕਾਮ ਦੇ ਸਟੋਰਾਂ 'ਚੋਂ ਵੱਡੇ ਪੱਧਰ 'ਤੇ ਸਾਮਾਨ ਚੋਰੀ

ਭਵਾਨੀਗੜ੍ਹ, 10 ਅਕਤੂਬਰ। ਭਵਾਨੀਗੜ੍ਹ ਸ਼ਹਿਰ ਤੇ ਇਲਾਕੇ ਅੰਦਰ ਚੋਰੀ ਦੀਆਂ ਘਟਨਾਵਾਂ ਰੁਕ ਨਹੀਂ ਰਹੀਆਂ। ਬੀਤੀ ਰਾਤ ਵੀ ਚੋਰਾਂ ਨੇ ਪਾਵਰਕਾਮ ਸਬ ਡਵੀਜ਼ਨ ਭਵਾਨੀਗੜ੍ਹ ਦੇ ਦਫਤਰ ਨੂੰ ਨਿਸ਼ਾਨਾ ਬਣਾਉਂਦੇ ਹੋਏ ਸਟੋਰਾਂ 'ਚੋਂ ਵੱਡੀ ਪੱਧਰ 'ਤੇ ਵਿਭਾਗ ਦਾ ਸਾਮਾਨ ਚੋਰੀ ਕਰ ਲਿਆ। ਸਹਾਇਕ ਕਾਰਜਕਾਰੀ ਇੰਜੀਨੀਅਰ ਵੰਡ ਉਪ ਮੰਡਲ ਭਵਾਨੀਗੜ੍ਹ ਇੰਜ. ਜਗਦੀਪ ਸਿੰਘ ਨੇ ਦੱਸਿਆ ਕਿ ਇੱਥੇ ਪੀ.ਐੱਸ.ਪੀ.ਸੀ.ਐੱਲ. ਸਬ ਡਵੀਜ਼ਨ ਦੇ ਪੁਰਾਣੇ ਦਫਤਰ ਵਿਖੇ ਲੰਘੀ 8-9 ਅਕਤੂਬਰ ਦੀ ਦਰਮਿਆਨੀ ਰਾਤ ਨੂੰ ਅਣਪਛਾਤੇ ਚੋਰ ਜੇ.ਈਜ਼. ਦੇ ਸਟੋਰਾਂ ਦੇ ਜਿੰਦੇ ਤੋੜ ਕੇ ਲੱਗਭਗ 8 ਕੁਇੰਟਲ ਕੰਡਕਟਰ, 250 ਮੀਟਰ ਕੇਬਲ ਸਮੇਤ ਹੋਰ ਕੀਮਤੀ ਸਾਮਾਨ ਚੋਰੀ ਕਰ ਲੈ ਗਏ। ਅਧਿਕਾਰੀ ਨੇ ਦੱਸਿਆ ਕਿ ਘਟਨਾ ਸਬੰਧੀ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਸੂਚਨਾ ਦੇ ਕੇ ਪੁਲਸ ਨੂੰ ਮਾਮਲੇ ਦੀ ਜਾਂਚ ਉਪਰੰਤ ਦੋਸ਼ੀਆਂ ਵਿਰੁੱਧ ਕਾਰਵਾਈ ਕਰਨ ਦੀ ਮੰਗ ਕੀਤੀ ਗਈ ਹੈ।

# ਪਾਰਦਰਸ਼ਿਤਾ ਵਧਾਉਣ ਦੀ ਦਿਸ਼ਾ ਵਿੱਚ ਹਰਿਆਣਾ ਸਰਕਾਰ ਦਾ ਇੱਕ ਹੋਰ ਵੱਡਾ ਕਦਮ

ਚੰਡੀਗੜ੍ਹ, 10 ਅਕਤੂਬਰ: ਹਰਿਆਣਾ ਸਰਕਾਰ ਨੇ ਪਬਲਿਕ ਸੇਵਾ ਵੰਡ ਵਿੱਚ ਪਾਰਦਰਸ਼ਿਤਾ ਵਧਾਉਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਣ ਕਦਮ ਚੁੱਕਿਆ ਹੈ। ਹਰਿਆਣਾ ਸੇਵਾ ਦਾ ਅਧਿਕਾਰ ਆਯੋਗ ਤਹਿਤ ਨੋਟੀਫਾਇਡ ਸੇਵਾਵਾਂ ਦੀ ਨਿਗਰਾਨੀ ਦੇ ਮਕਸਦ ਨਾਲ ਵਿਊ ਓਨਲੀ ਲਾਗਿਨ ਸਹੂਲਤ ਪ੍ਰਦਾਨ ਕਰਨ ਦਾ ਫੈਸਲਾ ਕੀਤਾ ਹੈ। ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਨੇ ਸਾਰੇ ਪ੍ਰਸ਼ਾਸਨਿਕ ਸਕੱਤਰਾਂ, ਵਿਭਾਗ ਪ੍ਰਮੁੱਖਾਂ, ਬੋਰਡਾਂ ਅਤੇ ਨਿਗਮਾਂ ਦੇ ਪ੍ਰਬੰਧ ਨਿਦੇਸ਼ਕਾਂ, ਡਿਵੀਜਨਲ ਕਮਿਸ਼ਨਰਾਂ ਅਤੇ ਡਿਪਟੀ ਕਮਿਸ਼ਨਰਾਂ ਨੂੰ ਇੱਕ ਪੱਤਰ ਲਿਖ ਕੇ ਆਯੋਗ ਨੂੰ ਵਿਊ ਓਨਲੀ ਲਾਗਿਨ ਸਹੂਲਤ ਪ੍ਰਦਾਨ ਕਰਨ ਦੇ ਨਿਰਦੇਸ਼ ਦਿੱਤੇ ਹਨ। ਇਸ ਸਹੂਲਤ ਨਾਲ ਆਯੋਗ ਹਰਿਆਣਾ ਸੇਵਾ ਦਾ ਅਧਿਕਾਰ ਐਕਟ, 2014 ਦੇ ਤਹਿਤ ਨੋਟੀਫਾਇਡ ਅਤੇ ਵਿਭਾਗ ਦੇ ਪੋਰਟਲ ਜਾਂ ਅੰਤੋਂਦੇਯ ਸਰਲ, ਵਿਭਾਗ ਦੇ ਐਮਆਈਐਸ ਸਿਸਟਮ ਜਾਂ ਹੋਰ ਡਿਜੀਟਲ ਇੰਟਰਫੇਸ ਵਰਗੇ ਏਕੀਕ੍ਰਿਤ ਪਲੇਟਫਾਰਮਾਂ ਰਾਹੀਂ ਪ੍ਰਦਾਨ ਕੀਤੀ ਸਾਰੀ ਸੇਵਾਵਾਂ ਦੀ ਡਿਜੀਟਲ ਨਿਗਰਾਨੀ ਕਰਨ ਵਿੱਚ ਸਮਰੱਥਾ ਹੋਵੇਗਾ। ਇਸ ਪਹੁੰਚ ਰਾਹੀਂ ਆਯੋਗ ਨਿਗਰਾਨੀ ਅਤੇ ਨਿਗਰਾਨੀ ਉਦੇਸ਼ਾਂ ਲਈ ਸੇਵਾ ਵੰਡ ਦੀ ਮੌਜੂਦਾ ਸਮੇਂ ਆਧਾਰ 'ਤੇ ਸਮੀਖਿਆ ਕਰ ਸਕੇਗਾ, ਜਿਸ ਨਾਲ ਤਸਦੀਕ, ਸੁਣਵਾਈ ਜਾਂ ਨਿਰੀਖਣ ਦੌਰਾਨ ਪਾਰਦਰਸ਼ਿਤਾ, ਕੁਸ਼ਲਤਾ ਅਤੇ ਸਮੇਂ 'ਤੇ ਹੱਲ ਯਕੀਨੀ ਹੋਵੇਗਾ। ਇਹ ਵਿਵਸਥਾ ਆਯੋਗ ਨੂੰ ਨਿਰਧਾਰਿਤ ਸਮੇਂ ਸੀਮਾ ਅੰਦਰ ਵਿਭਾਗ ਦੇ ਕੰਮਾਂ ਦੀ ਪੁਸ਼ਟੀ ਕਰਨ ਦੀ ਮੰਜੂਰੀ ਦੇ ਕੇ ਜਵਾਬਦੇਹੀ ਨੂੰ ਵੀ ਪ੍ਰੋਤਸਾਹਨ ਦਵੇਗੀ।


**NAME CHANGE**

I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

**NAME CHANGE**

I, S BHASKARA VIJAY KUMAR residing at-H NO-6-225/6, PADMANABHANAGAR, VENKATAPURAM, NEAR RAMALAYAM, VISAKHAPATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

**NAME CHANGE**

I, SWETA RAI BHUTIA Wife of No. 5458488P Rank-NK Name-TSHERING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

**NAME CHANGE**

I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

**NAME CHANGE**

I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

**NAME CHANGE**

I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

**NAME CHANGE**

I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**PUBLIC NOTICE**

It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

**PUBLIC NOTICE**

It is for general information that 1 INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR -2211-005020356. The actual name of mine is INDU CHAUHAN which may be amended accordingly

**PUBLIC NOTICE**

It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

**NAME CHANGE**

I, hitherto known as ASHISH KUMAR RATHOR S/O PURAN LAL R/O Q-48, RAJEEV NAGAR BEGUM PUR, NORTH WEST DELHI, DELHI-110086, have changed my name and shall hereafter be known as RAZA AHMED.

**NAME CHANGE**

It is for general information that I ASHISH KUMAR SINHA S/o KHAGEN CHANDRA SINHA R/o House No. 67, Alipur Road, Near Kasturi Ram College, Kureni, North West Delhi, Delhi - 110040, declare that name of my wife and my minor Daughter has been wrongly written as PINKI SINHA and ANUGYA SINHA in my minor Daughter namely ANUGYA aged 16 year in her 10th Class Educational Documents. The actual name of my wife and my minor daughter are PINKI KUMARI and ANUGYA, which may be amended accordingly.

**PUBLIC NOTICE**

It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

**NAME CHANGE**

I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

**NAME CHANGE**

I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

**NAME CHANGE**

I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

**NAME CHANGE**

I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

**NAME CHANGE**

I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

**NAME CHANGE**

I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

**NAME CHANGE**

I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

**NAME CHANGE**

ਯੂਨੀਅਨ ਦਾ ਇਹ ਫ਼ੈਸਲਾ ਲਗਾਤਾਰ ਵਾਅਦੇ ਕਰਨ ਦੇ ਬਾਵਜੂਦ ਸਰਕਾਰ ਵੱਲੋਂ ਉਨ੍ਹਾਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਹੱਲ ਕਰਨ ਵਿੱਚ ਲਗਾਤਾਰ ਅਸਫ਼ਲ ਰਹਿਣ ਕਾਰਨ ਲਿਆ ਗਿਆ ਹੈ। ਸਭ ਤੋਂ ਮਹੱਤਵਪੂਰਨ ਗੱਲ ਇਹ ਹੈ ਕਿ ਕਰਮਚਾਰੀਆਂ ਨੇ ਗੰਭੀਰ ਸੁਰੱਖਿਆ ਚਿੰਤਾਵਾਂ ਦਾ ਵੀ ਹਵਾਲਾ ਦਿੱਤਾ। ਜਿਸ ਵਿੱਚ ਤਾਜ਼ਾ ਘਟਨਾ ਦਾ ਜ਼ਿਕਰ ਕੀਤਾ ਗਿਆ, ਜਦੋਂ ਇੱਕ ਸਿਆਸੀ ਰੈਲੀ ਵਿੱਚ ਗੋਲੀਬਾਰੀ ਹੋਈ ਸੀ। ਸੁਰੱਖਿਆ ਮੁੱਦਿਆਂ ਦਾ ਹਵਾਲਾ ਦਿੰਦੇ ਹੋਏ ਯੂਨੀਅਨ ਨੇ ਐਲਾਨ ਕੀਤਾ ਕਿ ਜਦੋਂ ਤੱਕ ਉਨ੍ਹਾਂ ਦੇ ਮਸਲੇ ਹੱਲ ਨਹੀਂ ਹੁੰਦੇ ਉਹ ਕਿਸੇ ਵੀ ਸਿਆਸੀ ਰੈਲੀ ਵਿੱਚ ਵਾਹਨ ਨਹੀਂ ਲੈ ਕੇ ਜਾਣਗੇ।

ਪੀ ਆਰ ਟੀ ਸੀ ਪ੍ਰਬੰਧਨ ਨੂੰ ਸੌਂਪੇ ਪੱਤਰ ਵਿੱਚ ਕਿਹਾ ਗਿਆ ਹੈ ਕਿ ਠੇਕਾ ਕਰਮਚਾਰੀ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰਦੇ ਹਨ ਅਤੇ ਸਿਆਸੀ ਰੈਲੀਆਂ ਲਈ ਬੱਸਾਂ ਦੀ ਵਰਤੋਂ ਵਿੱਚ ਸਹਿਯੋਗ ਨਹੀਂ ਕਰਨਗੇ।

ਯੂਨੀਅਨ ਦਾ ਇਹ ਫ਼ੈਸਲਾ ਪਿਛਲੇ ਹਫ਼ਤੇ ਤਰਨ ਤਾਰਨ ਵਿੱਚ ਵਾਪਰੀ ਇੱਕ ਹਿੰਸਕ ਘਟਨਾ ਤੋਂ ਬਾਅਦ ਆਇਆ ਹੈ। ਕਥਿਤ ਤੌਰ 'ਤੇ ਨੌਜਵਾਨਾਂ ਦੇ ਇੱਕ ਸਮੂਹ ਨੇ ਪੰਜਾਬ ਰੋਡਵੇਜ਼ ਦੀ ਬੱਸ 'ਤੇ ਹਮਲਾ ਕੀਤਾ ਸੀ, ਜੋ ਆਮ ਆਦਮੀ ਪਾਰਟੀ (ਆਪ) ਦੇ ਵਰਕਰਾਂ ਨੂੰ ਮੁੱਖ ਮੰਤਰੀ ਭਗਵੰਤ ਮਾਨ ਦੀ ਰੈਲੀ ਵਿੱਚ ਲੈ ਕੇ ਜਾ ਰਹੀ ਸੀ।

# ਐਚਡੀਐਫਸੀ ਬੈਂਕ ਨੇ ਛੋਟੇ ਕਾਰੋਬਾਰਾਂ ਲਈ ਭਾਰਤ ਦਾ ਪਹਿਲਾ ਇੰਸਟਾਂਟ ਡਿਜੀਟਲ ਸਟੋਰਫ੍ਰੰਟ ਕਿਊਆਰ, 'ਮਾਈ ਬਿਜ਼ਨੇਸ ਕਿਊ ਆਰ' ਲਾਂਚ ਕੀਤਾ ਗਿਆ

**ਅੰਮ੍ਰਿਤਸਰ, 10 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਦੇ ਪ੍ਰਮੁੱਖ ਪ੍ਰਾਈਵੇਟ ਖੇਤਰ ਦੀ ਬੈਂਕ, ਐਚਡੀਐਫਸੀ ਬੈਂਕ ਨੇ (ਜੀਐਫਐਫ) 2025 ਵਿੱਚ 'ਮਾਈ ਬਿਜ਼ਨੇਸ' ਕਿਊਆਰ' ਦੇ ਲਾਂਚ ਦੀ ਘੋਸ਼ਣਾ ਕੀਤੀ। 'ਮਾਈ ਬਿਜ਼ਨੇਸ ਕਿਊਆਰ' ਛੋਟੇ ਕਾਰੋਬਾਰਾਂ ਲਈ ਭਾਰਤ ਦਾ ਪਹਿਲਾ ਕਾਮਰਸ ਆਈਡੈਂਟਿਟੀ ਕਿਊਆਰ ਹੈ। ਇਸ ਬੈਂਕ ਦੀ ਪ੍ਰਸਿੱਧ ਸਮਾਰਟਹਬ ਵਪਾਰ ਵਪਾਰਕ ਐਪ ਦੇ ਵਿਸਤਾਰ ਦੇ ਰੂਪ ਵਿੱਚ ਵਪਾਰੀਫਾਈ ਦੇ ਨਾਲ ਸਾਂਝੇ ਵਿੱਚ ਲਾਂਚ ਕੀਤਾ ਗਿਆ ਹੈ, ਜਿਸਦਾ ਉਪਯੋਗ ਦੇਸ਼ ਵਿੱਚ 20 ਲੱਖ ਤੋਂ ਵੱਧ ਵਪਾਰੀ ਹਨ। ਐਚਡੀਐਫਸੀ ਬੈਂਕ ਦੇ ਪ੍ਰਮੁੱਖ ਭੁਗਤਾਨ ਅਤੇ ਪ੍ਰਤੱਖ ਬੈਂਕਿੰਗ ਚੈਨਲ, ਰਜਨੀਸ਼ ਪ੍ਰਭੂ ਨੇ ਇਸ ਅਫਸਰ 'ਤੇ ਬੋਲਦੇ ਹੋਏ



ਕਿਹਾ: ÷ਐਚਡੀਐਫਸੀ ਬੈਂਕ ਵਿੱਚ, ਸਾਡੀ ਵਿਜ਼ਨ ਹਰ ਵਪਾਰੀ ਦੀ ਸਹਾਇਤਾ ਲਈ ਸਹਾਇਤਾ ਕਰਦਾ ਹੈ ਅਤੇ ਗਾਹਕਾਂ ਦਾ ਵਿਸ਼ਵਾਸ ਵਧਾਉਂਦਾ ਹੈ। ਵਪਾਰਕ ਐਪ ਦੇ ਨਾਲ, ਅਸੀਂ ਵਪਾਰੀਆਂ ਲਈ ਡਿਜੀਟਲ ਭੁਗਤਾਨ ਸਵਿਕ੍ਰਿਤੀ ਨੂੰ ਸਧਾਰਨ ਬਣਾਇਆ ਹੈ ਅਤੇ ਹੁਣ ਮਾਈਜ਼ਨੇਸ ਕਿਊਆਰ ਦੇ ਨਾਲ, ਅਸੀਂ ਇੱਕ ਹੱਲ ਪੇਸ਼ ਕਰਦੇ ਹਾਂ ਜੋ ਵਪਾਰੀਆਂ ਨੂੰ ਡਿਜੀਟਲ ਆਰਥਿਕਤਾ ਵਿੱਚ ਤੁਹਾਡੇ ਕਾਰੋਬਾਰ ਦੇ ਵਿਕਾਸ ਲਈ ਲਾਭ ਪ੍ਰਦਾਨ ਕਰਨ ਲਈ ਇੱਕ ਆਧਾਰ ਪ੍ਰਦਾਨ ਕਰਦਾ ਹੈ। ਜੀਐਫਐਫ ਵਿੱਚ ਇਸ ਨੂੰ ਸਧਾਰਨ ਰੂਪ ਵਿੱਚ ਲਾਂਚ ਕੀਤਾ ਗਿਆ ਹੈ, ਤਕਨੀਕੀ ਹੱਲਾਂ ਦੇ ਮਾਧਿਅਮ ਤੋਂ ਛੋਟੇ ਕਾਰੋਬਾਰਾਂ ਨੂੰ ਮਦਦ ਕਰਨ ਵਿੱਚ ਮਦਦ ਕਰਨ ਦੀ ਸਮਰੱਥਾ ਵਿਕਸਿਤ ਕੀਤੀ ਗਈ ਹੈ। ਵਪਾਰੀ ਫਾਈ ਦੇ ਸੰਸਥਾਪਕ ਰੂਬੀ ਜੈਨ ਨੇ ਇਹ ਉਪਲਬਧਤਾ 'ਤੇ ਟਿੱਪਣੀ ਕੀਤੀ ਹੈ, ÷ਵਿਆਪਰੀਫਾਈ ਵਿੱਚ, ਸਾਡਾ ਮਨੋਹਰ ਛੋਟਾ। ਕਾਰੋਬਾਰ ਨੂੰ ਇੱਕ ਸਧਾਰਨ ਡਿਜੀਟਲ ਪਛਾਣ ਪ੍ਰਦਾਨ ਕਰਨਾ ਹੈ ਜਿਸ ਦੁਆਰਾ ਗਾਹਕਾਂ ਨੂੰ ਖੋਜਿਆ ਜਾ ਸਕਦਾ ਹੈ, ਸੁਰੱਖਿਅਤ ਕੀਤੇ ਅਤੇ ਜੁੜ ? ਸਕੇ। ਐਚਡੀਐਫਸੀ ਬੈਂਕ ਦੇ ਨਾਲ ਮਿਲਕਰ, ਅਸੀਂ ਭਾਰਤ ਦੇ ਵਪਾਰੀਆਂ ਲਈ ਉਦਯੋਗਾਂ ਵਿੱਚ ਪਹਿਲੀ ਵਾਰ ਕਾਮਰਸ ਆਈਡੈਂਟਿਟੀ ਕਿਊਆਰ ਲਾ ਰਹੇ ਹਾਂ, ਜੋ ਇੱਕ ਮਾਧਿਅਮ ਨਾਲ ਉਨ੍ਹਾਂ ਦੀ ਪਛਾਣ, ਖੋਜ, ਵਿਕਾਸ ਅਤੇ ਵਪਾਰ ਦੇ ਨਾਲ ਇੱਕ ਲਾਤਾ ਹੈ। ਇਹ ਲੱਖਾਂ ਲਾਭਦਾਇਕ ਸਾਧਨਾਂ ਨੂੰ ਯਕੀਨੀ ਬਣਾਉਣਾ ਨਹੀਂ ਹੈ ਜੋ ਯਕੀਨੀ ਤੌਰ 'ਤੇ ਸਥਾਨਕ ਕਾਰੋਬਾਰ ਦੇ ਸਮਾਨ ਡਿਜੀਟਲ ਇਕੋਸਿਸਟਮ ਵਿੱਚ ਗਾਹਕਾਂ ਨੂੰ ਪਹਿਲਾਂ ਤੋਂ ਹੀ ਰਹਿ ਰਿਹਾ ਹੈ।

ਇਹ ਅਨੂਠਾ ਕਿਊਆਰ ਭਾਰਤ ਦੀ ਦੋ ਡਿਜੀਟਲ ਆਦਤਾਂ - ਕਿਊਆਰ ਭੁਗਤਾਨ ਅਤੇ ਚੈਟ - ਕੋ ਮਿਲਕਰ ਇੱਕ ਵਪਾਰਕ ਆਧਾਰਿਤ ਆਨਲਾਈਨ ਅਨੁਭਵ ਪ੍ਰਦਾਨ ਕਰਦਾ ਹੈ। ਮਾਈ ਬਿਜ਼ਨੇਸ ਕਿਊਆਰ ਦੇ ਨਾਲ, ਵਪਾਰੀ ਇੱਕ ਡਿਜੀਟਲ ਬਿਜ਼ਨੇਸ ਪ੍ਰੋਫਾਈਲ ਬਣਾ ਸਕਦੇ ਹਨ ਜੋ ਆਨਲਾਈਨ ਕਾਮਰਸ-ਰੇਡੀ ਸਟੋਰਫ੍ਰੰਟ ਦੇ ਰੂਪ ਵਿੱਚ ਵੀ ਕੰਮ ਕਰਦਾ ਹੈ। ਗਾਹਕ ਵਪਾਰੀ ਦੀ ਪੇਸ਼ੇਵਰ ਪ੍ਰੋਫਾਈਲ ਕੋਸਟਾਈਨ ਤੁਹਾਡੀ ਫ਼ੋਨ ਸੰਪਰਕਾਂ ਵਿੱਚ ਸਕੈਨ ਅਤੇ ਸੇਵ ਕਰ ਸਕਦੇ ਹਨ।

'ਮਾਈ ਬਿਜ਼ਨੇਸ ਕਿਊਆਰ' ਖੋਜ ਇੰਜਨ ਅਨੁਕੂਲਿਤ ਸੂਚੀਆਂ ਦੇ ਮਾਧਿਅਮ ਨਾਲ ਵਪਾਰਕ ਅਤੇ ਹੋਰ ਬਹੁਤ ਜ਼ਿਆਦਾ ਖੋਜ ਕਰਨ ਦੇ ਯੋਗ ਹਨ, ਲਾਭਦਾਇਕ ਗਾਹਕ ਉਤਪਾਦਾਂ ਅਤੇ ਸੇਵਾਵਾਂ ਲਈ ਪੂਰੀ ਤਰ੍ਹਾਂ, ਸੁਰੱਖਿਅਤ ਢੰਗ ਨਾਲ ਨਿਯਮਾਂ ਅਤੇ ਭੁਗਤਾਨ ਕਰੋ ਹੋ ਸਕਦਾ ਹੈਂ।

# ਪਾਕਿਸਤਾਨ ਦੇ ਆਈ.ਐਸ.ਆਈ. ਸਮਰਥਿਤ ਬੀ.ਕੇ.ਆਈ. ਅੱਤਵਾਦੀ ਮਾਡਿਊਲ ਨਾਲ ਜੁੜੇ ਦੋ ਕਾਰਕੁੰਨ 2.5 ਕਿਲੋਗ੍ਰਾਮ ਆਰ.ਡੀ.ਐਕਸ ਅਧਾਰਤ ਆਈ.ਈ.ਡੀ. ਸਮੇਤ ਕਾਬੂ

**ਚੰਡੀਗੜ੍ਹ, 10 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਦੇ ਮੱਦੇਨਜ਼ਰ ਚੱਲ ਰਹੀ ਮੁਹਿੰਮ ਦੌਰਾਨ ਪਾਕਿਸਤਾਨ ਦੇ ਆਈ.ਐਸ.ਆਈ. ਸਮਰਥਿਤ ਅੱਤਵਾਦੀ ਨੈੱਟਵਰਕ ਵਿਰੁੱਧ ਵੱਡੀ ਸਫਲਤਾ ਹਾਸਲ ਕਰਦਿਆਂ ਕਾਊਂਟਰ ਇੰਟੈਲੀਜੈਂਸ (ਸੀ.ਆਈ.) ਜਲੰਧਰ ਨੇ ਬੱਬਰ ਖਾਲਸਾ ਇੰਟਰਨੈਸ਼ਨਲ (ਬੀ.ਕੇ.ਆਈ.) ਅੱਤਵਾਦੀ ਮਾਡਿਊਲ ਦੇ ਦੋ ਕਾਰਕੁੰਨਾਂ ਨੂੰ, ਲਗਭਗ 2.5 ਕਿਲੋਗ੍ਰਾਮ ਆਰ.ਡੀ.ਐਕਸ-ਅਧਾਰਤ ਆਈ.ਈ.ਡੀ. ਅਤੇ ਇੱਕ ਰਿਮੋਟ ਕੰਟਰੋਲ ਸਮੇਤ ਗ੍ਰਿਫਤਾਰ ਕਰਕੇ ਗਿਰੋਹ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਅੱਜ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਇੱਥੇ ਦਿੱਤੀ।




ਇਹ ਮਾਡਿਊਲ ਬੀ.ਕੇ.ਆਈ. ਦੇ ਮਾਸਟਰਮਾਈਂਡ ਹਰਵਿੰਦਰ ਸਿੰਘ ਉਰਫ ਰਿੰਦਾ ਦੇ ਨਿਰਦੇਸ਼ਾਂ 'ਤੇ ਯੂ.ਕੇ.-ਅਧਾਰਤ ਹੈਂਡਲਰਾ ਨਿਸ਼ਾਨ ਜੌੜੀਆਂ ਅਤੇ ਆਦੇਸ਼ ਜਮਾਰਾਏ ਦੁਆਰਾ ਚਲਾਇਆ ਜਾ ਰਿਹਾ ਸੀ।

ਗ੍ਰਿਫਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਗੁਰਜਿੰਦਰ ਸਿੰਘ ਉਰਫ ਰਿੰਕੂ ਵਾਸੀ ਪਿੰਡ ਅਠਵਾਲ (ਗੁਰਦਾਸਪੁਰ) ਅਤੇ ਦੀਵਾਨ ਸਿੰਘ ਉਰਫ ਨਿੱਕੂ ਵਾਸੀ ਨਿੱਕੋ ਸਰਾਂ ਕਲਾਂ (ਗੁਰਦਾਸਪੁਰ), ਵਜੋਂ ਹੋਈ ਹੈ। ਪੁਲਿਸ ਟੀਮਾਂ ਨੇ ਉਨਾਂ ਦੀ ਕਾਲੇ ਰੰਗ ਦੀ ਹੀਰੋ ਸਪਲੈਂਡਰ ਮੋਟਰਸਾਈਕਲ ਨੂੰ ਵੀ ਜ਼ਬਤ ਕੀਤਾ ਹੈ, ਜਿਸ 'ਤੇ ਉਹ ਸਵਾਰ ਸਨ।

ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਕਾਬੂ ਕੀਤੇ ਗਏ ਦੋਵੇਂ ਵਿਅਕਤੀਆਂ ਨੂੰ ਉਨਾਂ ਦੇ ਯੂ.ਕੇ.-ਅਧਾਰਤ ਸੰਚਾਲਕਾਂ ਨਿਸ਼ਾਨ ਜੌੜੀਆਂ ਅਤੇ ਆਦੇਸ਼ ਜਮਾਰਾਏ ਤੋਂ ਸਿੱਧੇ ਨਿਰਦੇਸ਼ ਮਿਲ ਰਹੇ ਸਨ। ਉਨਾਂ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਬਰਾਮਦ ਕੀਤਾ ਗਿਆ ਆਰਡੀਐਕਸ-ਅਧਾਰਤ ਆਈਈਡੀ ਮਿੱਥੇ ਹੋਏ ਅੱਤਵਾਦੀ ਹਮਲੇ ਲਈ ਵਰਤਿਆ ਜਾਣਾ ਸੀ।

ਕਾਰਵਾਈ ਸੰਬੰਧੀ ਵੇਰਵੇ ਸਾਂਝੇ ਕਰਦੇ ਹੋਏ, ਡੀਜੀਪੀ ਨੇ ਕਿਹਾ ਕਿ ਭਰੋਸੇਯੋਗ ਸੂਤਰਾਂ ਤੋਂ ਮਿਲੀ ਪੁਖ਼ਤਾ ਇਤਲਾਹ 'ਤੇ ਸੀ.ਆਈ. ਜਲੰਧਰ ਦੀਆਂ ਟੀਮਾਂ ਨੇ ਖੁਫੀਆ ਕਾਰਵਾਈ ਤਹਿਤ ਜਲੰਧਰ ਦੇ ਗੁਰੂ ਨਾਨਕਪੁਰਾ ਖੇਤਰ ਤੋਂ ਦੋਵਾਂ ਸ਼ੱਕੀਆਂ ਨੂੰ ਉਦੋਂ ਗ੍ਰਿਫਤਾਰ ਕੀਤਾ, ਜਦੋਂ ਉਹ ਖੇਪ ਨੂੰ ਕਿਸੇ ਹੋਰ ਟਿਕਾਣੇ 'ਤੇ ਪਹੁੰਚਾਉਣ ਜਾ ਰਹੇ ਸਨ।

ਉਨਾਂ ਕਿਹਾ ਕਿ ਇਸ ਮਾਮਲੇ ਵਿੱਚ ਅਗਲੇਰੇ-ਪਿਛਲੇਰੇ ਸਬੰਧ ਸਥਾਪਤ ਕਰਨ ਅਤੇ ਉਨਾਂ ਵਿਅਕਤੀਆਂ, ਜਿਨਾਂ ਨੂੰ ਖੇਪ ਡਿਲੀਵਰ ਕੀਤੀ ਜਾਣੀ ਸੀ ,ਦੀ ਪਛਾਣ ਕਰਨ ਲਈ ਹੋਰ ਜਾਂਚ ਜਾਰੀ ਹੈ। ਜ਼ਿਕਰਯੋਗ ਹੈ ਕਿ ਪੁਲਿਸ ਸਟੇਸ਼ਨ ਐਸ.ਐਸ.ਓ.ਸੀ., ਅੰਮ੍ਰਿਤਸਰ ਵਿਖੇ ਗੈਰ-ਕਾਨੂੰਨੀ ਗਤੀਵਿਧੀਆਂ (ਰੋਕਥਾਮ) ਐਕਟ (ਯੂ.ਏ.ਪੀ.ਏ.) ਦੀ ਧਾਰਾ 10, 13, 15, 17, 18, 18-ਬੀ ਅਤੇ 20 ਅਤੇ ਵਿਸਫੋਟਕ ਪਦਾਰਥ ਐਕਟ ਦੀ ਧਾਰਾ 4 ਅਤੇ 5 ਤਹਿਤ ਐਫਆਈਆਰ ਨੰਬਰ 58 ਮਿਤੀ 08.10.2025 ਨੂੰ ਕੇਸ ਦਰਜ ਕੀਤੀ ਗਈ ਹੈ।

# ਕੋਟਕ ਦੀ ਨਵੀਂ ਪੇਸ਼ਕਸ਼ ਕੋਟਕ ਗੋਲਡ ਸਿਲਵਰ ਪੈਸਿਵ ਐਫਓਐਫ ਤੋਂ ਡੂਅਲ ਮੇਟਲ ਦੀ ਸਮਰੱਥਾ ਨੂੰ ਅਨਲੌਕ ਕਰੋ

**ਚੰਡੀਗੜ੍ਹ, 10 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਕੋਟਕ ਮਹਿੰਦਰਾ ਸੇਮਟ ਦੀ ਐਮਟਮੈਂਟ ਕੰਪਨੀ ਲਿਮਟਿਡ (ਕੇਐਮਸੀ) ਨੇ ਕੋਟਕ ਗੋਲਡ ਸਿਲਵਰ ਪੈਸਿਵ ਐਫਓਐਫ (ਐਫਓਐਫ ਜਾਂ ਫੰਡ ਆਫ ਫੰਡ) ਲਾਂਚ ਕੀਤੀ ਹੈ। ਇਹ ਇੱਕ ਓਪਨ-ਐਂਡੇਡ ਫੰਡ ਆਫ ਫੰਕਸ਼ਨ ਸਕੀਮ ਹੈ ਜੋ ਕੋਟਕ ਗੋਲਡ ਈਟੀਐਫ ਅਤੇ ਕੋਟਕ ਸਿਲਵਰ ਈਟੀਐਫ ਵਿੱਚ ਨਿਵੇਸ਼ ਕਰੇਗੀ। ਇਸ ਇਨੋਵੇਟਿਵ ਫੰਕਸ਼ਨ ਦਾ ਉਦੇਸ਼ ਨਿਵੇਸ਼ਕਾਂ ਨੂੰ ਸੋਨਾ ਅਤੇ ਚੰਦ-ਦੋਵਾਂ ਵਿੱਚ ਐਕਸਪੋਜ਼ਰ ਪ੍ਰਦਾਨ ਕਰ ਲੰਮੀ ਮਿਆਦ ਵਿੱਚ ਨਿਵੇਸ਼ ਨੂੰ ਵਧਾਉਣ ਦਾ ਮੌਕਾ ਮਿਲਦਾ ਹੈ। ਇਹ ਸਕੀਮ ਆਮ ਲੋਕਾਂ ਲਈ ਨਿਵੇਸ਼ ਕਰਨ ਲਈ 6 ਅਕਤੂਬਰ 2025 ਨੂੰ ਖੁੱਲ੍ਹਾਗੀ ਅਤੇ 20 ਅਕਤੂਬਰ 2025 ਨੂੰ ਬੰਦ ਹੋਵੇਗਾ। ਨਾਨਾ ਅਤੇ ਚੰਦ ਵਰਗੇ ਕੀਮਤੀ ਧਾਤ ਇਤਿਹਾਸਕ ਤੌਰ 'ਤੇ ਮੁੱਲ ਸੁਰੱਖਿਅਤ ਰੱਖਣ ਦਾ ਸਾਧਨ ਹਨ ਅਤੇ ਸੋਈ ਮੁਦਰਾ ਅਵਮੁੱਲ ਦੇ ਵਿਰੁੱਧ ਬਚਾਅ ਦੇ ਕਾਰਜ ਕਰਦੇ ਹਨ। ਵਿਸ਼ਵ ਭਰ ਕੇਂਦਰੀ ਬੈਂਕ ਜਿੱਥੇ ਤੁਹਾਡੇ ਸਵੱਛ ਭੰਡਾਰ ਵਿੱਚ ਵਾਧਾ ਹੋ ਰਿਹਾ ਹੈ ਅਤੇ ਉਦਯੋਗਿਕ ਅਤੇ ਵਿੱਤੀ ਸਹਾਇਤਾ ਰਾਸ਼ੀ ਵਿੱਚ ਵਾਧਾ ਹੋ ਰਿਹਾ ਹੈ। ਉਹੀਂ, ਕੋਟਕ ਗੋਲਡ ਸਿਲਵਰ ਪੈਸਿਵ ਐਫਓਐਫ ਐਸੇਟ ਕਲਾਸ ਵਿੱਚ ਇੱਕ ਲਾਭਦਾਇਕ ਅਤੇ ਵਿਭਿੰਨ ਪ੍ਰਵੇਸ਼ ਦੇ ਮੌਕੇ ਮਿਲਦੇ ਹਨ। ਕੋਟਕ ਗੋਲਡ ਸਿਵਰ ਪੈਸਿਵ ਐਫ ਕੋਟਕ ਗੋਲਡ ਈਟੀਐਫ ਅਤੇ ਕੋਟਕ ਸਿ ਈਟੀਐਫ ਵਿੱਚ ਨਿਵੇਸ਼, ਪੰਜੀਵਰ ਸਾਂਝੇ ਫੰਡਾਂ ਵਿੱਚ ਕਾਸਟ-ਐਫਸ਼ਿਅੰਟ ਵਿਧੀ ਤੋਂ ਨਿਵੇਸ਼ ਦਾ ਮੌਕਾ ਮਿਲੇਗਾ। ਜੋ ਆਵੰਟਨ ਇੱਕ ਇਨ-ਹਾਉਸ ਕੁਆਂਟੀਵ ਮਾਡਲ ਦਾ ਅਧਾਰ ਹੈ, ਜੋ ਸੋਨਾ ਅਤੇ ਚੰਡੇਟ ਦੀ ਕੀਮਤ ਦੀ ਚਲਦੀ ਹੈ, ਸੰਤੁਲਨ ਬਿਠਾਤਾ ਹੈ। ਉਹ ਮਨੁੱਖੀ ਪਾਰਟੀਪਾਤ ਦੀ ਸੰਭਾਵਨਾ ਖਤਮ ਹੋ ਜਾਂਦੀ ਹੈ। ਇਹ ਮਾਡਲ ਸਮੇਂ-ਸਮੇਂ 'ਤੇ ਡਾਇਨਾਮਿਕ ਰੀ-ਬੈਲੇਂਸਿੰਗ ਕਰਦਾ ਹੈ, ਨਿਵੇਸ਼ ਅਨੁਸ਼ਾਸਿਤ ਅਤੇ ਡੇਟਾ-ਅਧਾਰਿਤ ਢੰਗ ਦੁਆਰਾ ਕੀਤਾ ਜਾਂਦਾ ਹੈ। ਕੋਟਕ ਮਹਿੰਦਰਾ ਏਸੇਟ ਮੇਰੀ ਕੰਪਨੀ ਲਿਮਟਿਡ ਦੇ ਪ੍ਰਬੰਧਕ ਨਿਲੇਸ਼ ਸ਼ਾਹ ਨੇ ਕਿਹਾ, ਏਸੇਟ ਅਲੋਕੇਸ਼ਨ ਵੀ ਹੈ ਜਿਵੇਂ ਹਰ ਹਰਚ ਲਈ ਸਹੀ ਖਿਡਾਰੀ ਦਾ ਚੋਣ ਕਰਨਾ। ਜਮ੍ਹਾ ਕਰ ਰਹੇ ਹਨ, ਚੰਦ ਦੀ ਉਦਯੋਗਿਕ ਅਹਮੀਅਤ ਹੈ ਅਤੇ ਇਕਵਿਟੀ ਮਾਰਕੀਟਸ ਵਿੱਚ ਉਤਾਰ-ਚੜ੍ਹਾਵ ਹੈ, ਤਾਂ ਨਿਵੇਸ਼ਕਾਂ ਨੂੰ ਇਸ ਵਿੱਚ ਧਾਤ ਦਾ ਵੱਧ ਤੋਂ ਵੱਧ ਲਾਭ ਉਠਾਉਣਾ ਚਾਹੀਦਾ ਹੈ।

# ਪੰਜਾਬੀ ਮਾਂ ਬੋਲੀ ਦੇ ਮਾਣਯੋਗ ਕਲਾਕਾਰ ਰਾਜਵੀਰ ਜਵੰਦਾ ਦੇ ਦੇਹਾਂਤ 'ਤੇ ਡੂੰਘਾ ਦੁੱਖ ਪ੍ਰਗਟ : ਭਗਵੰਤ ਮਾਨ



**ਲੁਧਿਆਣਾ, 10 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮਸ਼ਹੂਰ ਗਾਇਕ ਰਾਜਵੀਰ ਜਵੰਦਾ ਦੇ ਦੇਹਾਂਤ ਤੇ ਮੁੱਖ ਮੰਤਰੀ ਪੰਜਾਬ ਸ. ਭਗਵੰਤ ਮਾਨ ਨੇ ਕਿਹਾ ਕਿ ਪੰਜਾਬੀ ਸੰਗੀਤ ਜਗਤ ਦੇ ਪ੍ਰਸਿੱਧ ਅਤੇ ਮਾਣਯੋਗ ਗਾਇਕ ਰਾਜਵੀਰ ਜਵੰਦਾ ਦੇ ਦੇਹਾਂਤ ਦੀ ਖ਼ਬਰ ਨੇ ਸਾਰੇ ਪੰਜਾਬ ਨੂੰ ਗਮਗੀਨ ਕਰ ਦਿੱਤਾ ਹੈ। ਉਨ੍ਹਾਂ ਦੀ ਕਲਾ ਅਤੇ ਪੰਜਾਬੀਅਤ ਲਈ ਯੋਗਦਾਨ ਸਦਾ ਜੀਵੰਤ ਹੈ।

ਰਾਜਵੀਰ ਜਵੰਦਾ ਦੇ ਪਿਤਰਕ ਪਿੰਡ ਪੋਨਾ (ਜਗਰਾਓਂ) ਪਹੁੰਚ ਕੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ। ਇਸ ਮੌਕੇ ਗਹਿਰੇ ਦੁੱਖ ਦਾ ਇਜ਼ਹਾਰ ਕਰਦਿਆਂ ਕਿਹਾ ਗਿਆ ਕਿ ਰਾਜਵੀਰ ਜਵੰਦਾ ਦਾ ਜਾਣਾ ਨਾ ਸਿਰਫ਼ ਪਰਿਵਾਰ ਲਈ, ਸਗੋਂ ਪੂਰੇ ਸੰਗੀਤ ਜਗਤ ਲਈ ਨਾਂ ਪੁਰਾ ਹੋਣ ਵਾਲਾ ਘਾਟਾ ਹੈ।

ਵਾਹਿਗੁਰੂ ਅਕਾਲ ਪੁਰਖ ਚਰਨਾਂ ਵਿਚ ਇਸ ਮਹਾਨ ਆਤਮਾ ਨੂੰ ਥਾਂ ਬਖ਼ਸ਼ੇ ਤੇ ਪਰਿਵਾਰ ਨੂੰ ਇਹ ਵੱਡਾ ਘਾਟਾ ਸਹਿਣ ਦੀ ਸ਼ਕਤੀ ਪ੍ਰਦਾਨ ਕਰੇ।

ਰਾਜਵੀਰ ਜਵੰਦਾ ਦਾ ਪੰਜਾਬ ਅਤੇ ਪੰਜਾਬੀਅਤ ਪ੍ਰਤੀ ਅਮੋਲ ਯੋਗਦਾਨ ਹਮੇਸ਼ਾਂ ਯਾਦ ਰਹੇਗਾ ਅਤੇ ਨਵੀ ਪੀੜ੍ਹੀ ਲਈ ਪ੍ਰੇਰਨਾਦਾਇਕ ਰਹੇਗਾ।

ਉਨ੍ਹਾਂ ਦੀ ਆਵਾਜ਼, ਉਨ੍ਹਾਂ ਦੀ ਸਾਦਗੀ ਅਤੇ ਪੰਜਾਬੀ ਸਭਿਆਚਾਰ ਪ੍ਰਤੀ ਉਨ੍ਹਾਂ ਦੀ ਸਮਰਪਣਤਾ ਹਮੇਸ਼ਾ ਲੋਕਾਂ ਦੇ ਦਿਲਾਂ ਵਿੱਚ ਜੀਉਂਦੀ ਰਹੇਗੀ।

# ਪੰਜ ਤੱਤਾਂ ਵਿੱਚ ਵਿਲੀਨ ਹੋਇਆ ਰਾਜਵੀਰ ਜਵੰਦਾ

## ਜਿੱਥੋਂ ਗਾਇਕੀ ਦਾ ਸੁਫ਼ਨਾ ਦੇਖਿਆ, ਉਸ ਸਕੂਲ ਦੇ ਮੈਦਾਨ 'ਤੇ ਹੋਇਆ ਸਸਕਾਰ; ਅੰਤਿਮ ਯਾਤਰਾ ਵਿਚ ਵੱਡੀ ਗਿਣਤੀ ਪ੍ਰਸ਼ੰਸਕ ਸ਼ਾਮਲ ਹੋਏ

**ਜਗਰਾਉਂ, 10 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਗਾਇਕ ਰਾਜਵੀਰ ਜਵੰਦਾ ਦਾ ਅੱਜ ਨਜ਼ਦੀਕੀ ਪਿੰਡ ਪੋਨਾ ਵਿਚ ਅੰਤਿਮ ਸੰਸਕਾਰ ਕਰ ਦਿੱਤਾ ਗਿਆ ਜਿਸ ਥਾਂ ਗਾਇਕ ਦਾ ਅੰਤਿਮ ਸੰਸਕਾਰ ਹੋਇਆ ਉਹ ਸਕੂਲ ਦੇ ਬਿਲਕੁਲ ਨਾਲ ਲੱਗਦੀ ਉਹੀ ਥਾਂ ਹੈ ਜਿੱਥੇ ਬਣੀ ਸਟੇਜ 'ਤੇ ਉਸ ਨੇ ਪਹਿਲੀ ਵਾਰ ਗਾਇਆ ਸੀ। ਆਪਣੀ ਗਾਇਕੀ ਰਾਹੀਂ ਦੁਨੀਆਂ ਭਰ ਵਿੱਚ ਧੁੰਮਾਂ ਪਾਉਣ ਵਾਲੇ ਰਾਜਵੀਰ ਜਵੰਦਾ ਦੀ ਅੰਤਿਮ ਯਾਤਰਾ ਸਮੇਂ ਮਾਹੌਲ ਬੇਹੱਦ ਗ਼ਮਗੀਨ ਹੋਇਆ। ਇਸ ਮੌਕੇ ਕਈ ਨਾਮੀਂ ਗਾਇਕ ਤੇ ਕਲਾਕਾਰ ਪੁੱਜੇ। ਇਸ ਤੋਂ ਇਲਾਵਾ ਸਿਆਸੀ ਤੇ ਸਮਾਜਿਕ ਆਗੂ ਵੀ ਵੱਡੀ ਗਿਣਤੀ ਵਿੱਚ ਰਾਜਵੀਰ ਜਵੰਦਾ ਦੀ ਅੰਤਿਮ ਯਾਤਰਾ ਵਿੱਚ ਸ਼ਾਮਲ ਹੋਏ। ਇਸ ਤੋਂ ਪਹਿਲਾਂ ਮੁੱਖ ਮੰਤਰੀ ਭਗਵੰਤ ਮਾਨ ਨੇ ਮਰਹੂਮ ਗਾਇਕ ਦੇ ਘਰ ਜਾ ਕੇ ਪਰਿਵਾਰ ਨਾਲ ਦੁੱਖ ਵੰਡਾਇਆ।



ਅੰਤਿਮ ਯਾਤਰਾ ਵਿੱਚ ਗਾਇਕ ਸਤਿੰਦਰ ਸਰਤਾਜ, ਬੱਬੂ ਮਾਨ, ਐਮੀ ਵਿਰਕ, ਮੁਹੰਮਦ ਸਦੀਕ, ਕਰਮਜੀਤ ਅਨਮੋਲ, ਸਰਦਾਰ ਸੋਹੀ, ਕੰਵਰ ਗਰੇਵਾਲ, ਮਨਕੀਰਤ ਔਲਖ, ਰਣਜੀਤ ਬਾਵਾ, ਜੱਸ ਬਾਜਵਾ, ਗਾਇਕਾ ਗੁਰਲੇਜ਼ ਅਖ਼ਤਰ, ਕੁਲਵਿੰਦਰ ਬਿੱਲਾ, ਰਾਵਿੰਦਰ ਗਰੇਵਾਲ, ਸੁਖਵਿੰਦਰ ਸੁੱਖੀ, ਹਿੰਮਤ ਸੰਧੂ, ਮਰਹੂਮ ਦੀਪ ਸਿੱਧੂ ਦੇ ਭਰਾ ਐਡਵੋਕੇਟ ਮਨਦੀਪ ਸਿੱਧੂ, ਰੇਸ਼ਮ ਅਨਮੋਲ ਤੋਂ ਇਲਾਵਾ ਸਾਬਕਾ ਸੰਸਦ ਮੈਂਬਰ ਅਮਰੀਕ ਸਿੰਘ ਆਲੀਵਾਲ, ਸੀਨੀਅਰ ਕਾਂਗਰਸੀ ਆਗੂ ਮੇਜਰ ਸਿੰਘ ਭੈਣੀ, ਵਿਧਾਇਕਾ ਸਰਵਜੀਤ ਕੌਰ ਮਾਣੂੰਕੇ, ਐਕਸੀਅਨ ਗੁਰਪ੍ਰੀਤਮਹਿੰਦਰ ਸਿੱਧੂ, ਐਡਵੋਕੇਟ ਸੰਦੀਪ ਗੋਇਲ, ਹਰਮੀਤ ਸੰਘਾ, ਸਾਬਕਾ ਸਰਪੰਚ ਗੁਰਵਿੰਦਰ ਸਿੰਘ ਪੋਨਾ, ਸਰਪੰਚ ਹਰਪ੍ਰੀਤ ਸਿੰਘ ਰਾਜੂ, ਸਾਬਕਾ ਚੇਅਰਮੈਨ ਚੰਦ ਸਿੰਘ ਡੱਲਾ, ਸਵਰਨ ਸਿੰਘ ਤਿਹਾੜਾ, ਦੀਦਾਰ ਸਿੰਘ ਮਲਕ, ਨਿਰਭੈ ਸਿੰਘ ਸਿੱਧੂ ਆਦਿ ਵੀ ਹਾਜ਼ਰ ਸਨ।

ਜਵੰਦਾ 27 ਸਤੰਬਰ ਨੂੰ ਬੱਦੀ ਨੇੜੇ ਹੋਏ ਸੜਕ ਹਾਦਸੇ ਵਿਚ ਗੰਭੀਰ ਜ਼ਖ਼ਮੀ ਹੋ ਗਿਆ ਸੀ ਉਹ ਪਿਛਲੇ 11 ਦਿਨਾਂ ਤੋਂ ਮੁਹਾਲੀ ਦੇ ਫੋਰਟਿਸ ਹਸਪਤਾਲ ਵਿਚ ਜ਼ਿੰਦਗੀ ਤੇ ਮੌਤ ਦੀ ਲੜਾਈ ਲੜ ਰਿਹਾ ਸੀ। ਰਾਜਵੀਰ ਨੇ ਬੁੱਧਵਾਰ ਸਵੇਰੇ 10:55 ਵਜੇ ਆਖਰੀ ਸਾਹ ਲਏ। ਜਵੰਦਾ ਨਿਵਾਸ ਤੋਂ ਪਿੰਡ ਦੇ ਸਰਕਾਰੀ ਸਕੂਲ ਤੱਕ ਦੀ ਅੰਤਿਮ ਯਾਤਰਾ ਵਿਚ ਸੰਗੀਤ ਜਗਤ ਦੀਆਂ ਨਾਮਵਰ ਹਸਤੀਆਂ ਅਤੇ ਕਲਾ ਪ੍ਰੇਮੀਆਂ ਸਮੇਤ ਹਜ਼ਾਰਾਂ ਪ੍ਰਸ਼ੰਸਕ ਸ਼ਾਮਲ ਹੋਏ। ਇਸ ਤੋਂ ਪਹਿਲਾਂ ਮੁੱਖ ਮੰਤਰੀ ਭਗਵੰਤ ਮਾਨ, ਕੁਲਵਿੰਦਰ ਬਿੱਲਾ, ਬੱਬੂ ਮਾਨ, ਕੰਵਰ ਗਰੇਵਾਲ, ਪੁਖਰਾਜ ਭੱਲਾ, ਕਰਮਜੀਤ ਅਨਮੋਲ ਅਤੇ ਮਲਕੀਤ ਰੌਣੀ ਸਮੇਤ ਸੰਗੀਤ ਤੇ ਫ਼ਿਲਮ ਉਦਯੋਗ ਦੇ ਦਰਜਨਾਂ ਕਲਾਕਾਰਾਂ ਨੇ ਰਾਜਵੀਰ ਨੂੰ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਸ਼ਰਧਾਂਜਲੀ ਭੇਟ ਕੀਤੀ।

ਲੁਧਿਆਣਾ (ਦਿਹਾਤੀ) ਜ਼ਿਲ੍ਹੇ ਵਿੱਚ ਕਾਂਸਟੇਬਲ ਵਜੋਂ ਸੇਵਾ ਦੌਰਾਨ ਰਾਜਵੀਰ ਜਵੰਦਾ ਨਾਲ ਕੰਮ ਕਰਨ ਵਾਲੇ ਕੁਝ ਪੁਲੀਸ ਮੁਲਾਜ਼ਮਾਂ ਨੂੰ ਗਾਇਕ ਦੇ ਦੋਸਤਾਂ ਅਤੇ ਰਿਸ਼ਤੇਦਾਰਾਂ ਨਾਲ ਭਾਵਨਾਤਮਕ ਸਾਂਝ ਪਾਉਂਦੇ ਦੇਖਿਆ ਗਿਆ।

ਡੀਐਸਪੀ (ਡੀ) ਇੰਦਰਜੀਤ ਸਿੰਘ ਬੋਪਾਰਾਏ ਨੇ ਰਾਜਵੀਰ ਦੇ ਸੰਗੀਤ ਪ੍ਰਤੀ ਪਿਆਰ ਤੋਂ ਇਲਾਵਾ ਨੌਕਰੀ ਪ੍ਰਤੀ ਉਸ ਦੀ ਵਚਨਬੱਧਤਾ ਨੂੰ ਯਾਦ ਕੀਤਾ। ਬੋਪਾਰਾਏ ਨੇ ਕਿਹਾ, "ਰਾਜਵੀਰ ਅਤੇ ਉਸ ਦੇ ਸਵਰਗੀ ਪਿਤਾ ਕਰਮ ਸਿੰਘ ਨੇ ਲੁਧਿਆਣਾ (ਦਿਹਾਤੀ) ਜ਼ਿਲ੍ਹੇ ਵਿੱਚ ਮੇਰੇ ਨਾਲ ਕੰਮ ਕੀਤਾ ਸੀ ਅਤੇ ਦੋਵੇਂ ਪੁਲੀਸ ਕਰਮਚਾਰੀਆਂ ਵਜੋਂ ਆਪਣੀਆਂ ਨੌਕਰੀਆਂ ਪ੍ਰਤੀ ਸਮਰਪਿਤ ਸਨ।"

# ਕੰਟਰੋਲ ਰੇਖਾ ਨੇੜੇ ਚਾਰ ਬਾਰੂਦੀ ਸੁਰੰਗਾਂ, ਇੱਕ ਮੋਰਟਾਰ ਸ਼ੈੱਲ ਫਟਿਆ

**ਮੇਂਢਰ/ਜੰਮੂ, 10 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਅਧਿਕਾਰੀਆਂ ਨੇ ਕਿਹਾ ਕਿ ਵੀਰਵਾਰ ਸਵੇਰੇ ਮਾਨਕੋਟ ਖੇਤਰ ਦੇ ਸਾਗਰਾ ਪਿੰਡ ਵਿੱਚ ਇੱਕ ਧਰਤੀ-ਮੂਵਰ ਜ਼ਮੀਨ ਦੀ ਖੁਦਾਈ ਕਰ ਰਿਹਾ ਸੀ ਤਾਂ ਜ਼ਮੀਨ ਹੇਠ ਦੱਬਿਆ ਮੋਰਟਾਰ ਸ਼ੈੱਲ ਫਟ ਗਿਆ। ਇਸ ਧਮਾਕੇ ਵਿੱਚ ਖੁਦਾਈ ਕਰਨ ਵਾਲਾ ਡਰਾਈਵਰ ਵਾਲ ਵਾਲ ਬਚ ਗਿਆ ਅਤੇ ਕਿਸੇ ਵੀ ਤਰ੍ਹਾਂ ਦਾ ਜਾਨੀ ਨੁਕਸਾਨ ਹੋਣ ਤੋਂ ਬਚਾਅ ਰਿਹਾ।

ਧਮਾਕੇ ਤੋਂ ਬਾਅਦ ਮਾਮਲੇ ਦੀ ਜਾਂਚ ਲਈ ਇੱਕ ਪੁਲੀਸ ਟੀਮ ਨੂੰ ਮੌਕੇ 'ਤੇ ਭੇਜਿਆ ਗਿਆ ਹੈ। ਅਧਿਕਾਰੀਆਂ ਨੇ ਕਿਹਾ ਕਿ ਸਰਹੱਦ ਪਾਰ ਗੋਲੀਬਾਰੀ ਦੌਰਾਨ ਮੋਰਟਾਰ ਸ਼ੈੱਲ ਸਪੱਸ਼ਟ ਤੌਰ 'ਤੇ ਅਣ-ਫਟਿਆ ਰਿਹਾ।

ਉਧਰ ਇੱਕ ਹੋਰ ਘਟਨਾ ਵਿੱਚ ਬੁੱਧਵਾਰ ਨੂੰ ਬਾਲਾਕੋਟ ਖੇਤਰ ਵਿੱਚ ਚਾਰ ਬਾਰੂਦੀ ਸੁਰੰਗਾਂ ਫਟੀਆਂ ਸਨ। ਅਧਿਕਾਰੀਆਂ ਨੇ ਉਨ੍ਹਾਂ ਕਿਹਾ ਕਿ ਧਮਾਕਿਆਂ ਦੌਰਾਨ ਕਿਸੇ ਵੀ ਤਰ੍ਹਾਂ ਦਾ ਨੁਕਸਾਨ ਹੋਣ ਤੋਂ ਬਚਾਅ ਰਿਹਾ।

# ਸਾਹਿਤ ਸਭਾ ਕਲਾ ਸੰਗਮ ਨੀਲੋਂ ਨੂੰ ਸਾਹਿਤਕਾਰਾਂ ਨੇ ਨਵਾਂ ਰੂਪ ਦਿੱਤਾ ਵੱਡੀ ਗਿਣਤੀ ਵਿੱਚ ਸਾਹਿਤਕਾਰਾਂ ਲਈ ਕੀਤੀ ਸ਼ਿਰਕਤ

**ਮਾਛੀਵਾੜਾ ਸਾਹਿਬ, 10 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਿਛਲੇ ਕੁੱਝ ਦਿਨਾਂ ਤੋਂ ਸਹਿਤਕ ਹਲਕਿਆਂ ਵਿੱਚ ਚਰਚਿਤ ਵਿਅਕਤੀਆਂ ਨੇ ਕਲਾ ਸੰਗਮ ਨੀਲੋਂ ਪੁਲ਼ ਨੂੰ ਮੁੜ ਸੁਰਜੀਤ ਕਰਨ ਲਈ ਸਰਗਰਮੀਆਂ ਸ਼ੁਰੂ ਕੀਤੀਆਂ। ਅੱਜ ਇਨਾਂ ਸਰਗਰਮੀਆਂ ਨੂੰ ਉਸ ਵੇਲੇ ਬੂਰ ਪਿਆ ਜਦੋਂ ਕਲਾ ਸੰਗਮ ਨੀਲੋਂ ਵਿੱਚ ਇਲਾਕੇ ਦੇ ਸਾਹਿਤਕਾਰ ਹੀ ਨਹੀਂ ਦੂਰ ਦੁਰਾਡਿਓਂ ਵੀ ਪੰਜਾਬੀ ਮਾਂ ਬੋਲੀ ਦੇ ਪਿਆਰੇ ਨੀਲੋਂ ਪੁਲ ਵਿੱਚ ਸਥਿਤ ਸੰਤ ਕ੍ਰਿਪਾਲ ਸਿੰਘ ਸੇਵਾ ਪੰਥੀ ਸਕੂਲ ਦੇ ਵਿੱਚ ਇਕੱਤਰਤਾ ਕਰਦੇ ਹਨ। ਇਸ ਇਕੱਤਰਤਾ ਦੇ ਵਿੱਚ ਬਹੁਤ ਸੁਲਝੇ ਹੋਏ ਪੁਰਾਣੇ ਤੇ ਨਵੇਂ ਸਾਹਿਤਕਾਰ ਸੱਜਣ ਹਾਜ਼ਰ ਹੁੰਦੇ ਹਨ ਜਿਸ ਦੇ ਵਿੱਚ ਕਲਾ ਸੰਗਮ ਨੀਲੋਂ ਪੁਲ਼ ਨੂੰ ਮੁੜ ਸੁਰਜੀਤ ਕਰਨ ਦੇ ਲਈ ਵਿਚਾਰਾਂ ਹੋਈਆਂ।

ਬਹੁਤ ਵਧੀਆ ਤਰੀਕੇ ਦੇ ਨਾਲ ਕਾਰਵਾਈ ਚੱਲੀ ਤੇ ਸਭਾ ਦੀ ਗੱਲਬਾਤ ਬੁੱਧ ਸਿੰਘ ਨੀਲੋਂ ਨੇ ਸ਼ੁਰੂ ਕੀਤੀ ਉਪਰੰਤ ਸਰਦਾਰ ਪੰਛੀ,ਗੁਰਦਿਆਲ ਦਲਾਲ, ਗੁਰਸੇਵਕ ਸਿੰਘ ਪ੍ਰਧਾਨ ਪੰਜਾਬੀ ਸਾਹਿਤ ਸਭਾ ਭੈਣੀ ਸਾਹਿਬ, ਪੱਤਰਕਾਰ ਤੇ ਲੇਖਕ ਬਲਬੀਰ ਸਿੰਘ ਬੱਬੀ,ਲਖਬੀਰ ਸਿੰਘ ਮਾਂਗਟ ਭਮਾਂ ਅਮਰੀਕਾ, ਅਨਿਲ ਫਤਿਹਗੜ੍ਹ ਜੱਟਾਂ, ਬਲਵੰਤ ਮਾਂਗਟ, ਦਲਵੀਰ ਸਿੰਘ ਕਲੇਰ, ਜ਼ੋਰਾਵਰ ਸਿੰਘ ਪੰਛੀ, ਇੰਦਰਜੀਤ ਕੌਰ ਲੋਟੇ ਤੇ ਹੋਰ ਸਾਹਿਤਕ ਸ਼ਖ਼ਸ਼ੀਅਤਾਂ ਨੇ ਕਲਾ ਸੰਗਮ ਬਾਰੇ ਵਿਚਾਰ ਚਰਚਾ ਕੀਤੀ।

ਹਾਜ਼ਰੀਨ ਵੱਲੋਂ ਸਰਬ ਸੰਮਤੀ ਦੇ ਨਾਲ ਨਵੀਂ ਚੋਣ ਕੀਤੀ ਗਈ।ਜਿਸ ਵਿੱਚ ਅਨਿਲ ਫ਼ਤਹਿਗੜ੍ਹ ਜੱਟਾ ਪ੍ਰਧਾਨ, ਜਨਰਲ ਸਕੱਤਰ ਬੁੱਧ ਸਿੰਘ ਨੀਲੋ, ਪ੍ਰੈੱਸ ਸਕੱਤਰ ਬਲਬੀਰ ਸਿੰਘ ਬੱਬੀ, ਸੀਨੀਅਰ ਮੀਤ ਪ੍ਰਧਾਨ ਕਰਨੈਲ ਸਿਵੀਆ, ਮੀਤ ਪ੍ਰਧਾਨ ਦੀਪ ਦਿਲਬਰ,ਮੀਤ ਪ੍ਰਧਾਨ ਜੋਰਾਵਰ ਸਿੰਘ ਪੰਛੀ, ਵਿੱਤ ਸਕੱਤਰ ਕਮਲਜੀਤ ਨੀਲੋਂ ਸਹਾਇਕ ਸਕੱਤਰ ਬਲਵੰਤ ਮਾਂਗਟ, ਕਾਰਜਕਰਨੀ ਮੈਂਬਰਾਂ ਦੇ ਵਿੱਚ ਗੁਰਸੇਵਕ ਸਿੰਘ ਢਿੱਲੋਂ ਸ਼੍ਰੀ ਭੈਣੀ ਸਾਹਿਬ,ਇੰਦਰਜੀਤ ਕੌਰ ਲੋਟੇ, ਪ੍ਰੀਤ ਸਿੰਘ ਸੰਦਲ, ਲਖਵੀਰ ਸਿੰਘ ਮਾਂਗਟ, ਅਮਰਜੀਤ ਸਿੰਘ ਸ਼ੇਰਪੁਰੀ ਆਦਿ ਨੂੰ ਇਸ ਸਭਾ ਦੀ ਨਵੀ ਬਾਡੀ ਵਿੱਚ ਸ਼ਾਮਿਲ ਕੀਤਾ। ਦੂਜੇ ਸੈਸ਼ਨ ਦੇ ਵਿੱਚ ਕਵੀ ਦਰਬਾਰ ਹੋਇਆ ਜਿਸ ਵਿੱਚ ਕਲਾ ਸੰਗਮ ਨੀਲੋਂ ਨਾਲ ਜੁੜੇ ਹੋਏ ਪੁਰਾਣੇ ਉਸਤਾਦ ਸ਼ਾਇਰ ਸਰਦਾਰ ਪੰਛੀ ਆਪਣੀ ਸਿਹਤ ਠੀਕ ਨਾ ਹੁੰਦਿਆਂ ਵੀ ਵਿਸ਼ੇਸ਼ ਤੌਰ ਪੁੱਜੇ ਤੇ ਮੈਂਬਰਾਂ ਨੂੰ ਅਸ਼ੀਰਵਾਦ ਦਿੱਤਾ ਉਪਰੰਤ ਕਮਲਜੀਤ ਸਿੰਘ ਨੀਲੋਂ, ਬਲਬੀਰ ਸਿੰਘ ਬੱਬੀ,ਇੰਦਰਜੀਤ ਕੌਰ ਲੋਟੇ, ਬਲਵੰਤ ਮਾਂਗਟ, ਮੇਜਰ ਸਿੰਘ ਤੱਖੀ,ਦਲਵੀਰ ਕਲੇਰ, ਸਤਿਨਾਮ ਸਿੰਘ ਕੋਮਲ, ਦੀਪ ਦਿਲਬਰ, ਗੁਰਪ੍ਰੀਤ ਸਿੰਘ ਜਮਾਲਪੁਰੀ, ਮੀਤ ਪਾਣੀਪਤ, ਪੰਮੀ ਹਬੀਬ, ਅਮਰਜੀਤ ਸ਼ੇਰਪੁਰੀ, ਜੋਰਾਵਰ ਸਿੰਘ ਪੰਛੀ, ਜਵਾਲਾ ਸਿੰਘ ਥਿੰਦ, ਬਲਵੰਤ ਚਿਰਾਗ, ਅਮਨ ਅਜ਼ਾਦ ਅਨਿਲ ਫਤਿਹਗੜ੍ਹ ਜੱਟਾਂ, ਲਖਵੀਰ ਸਿੰਘ ਮਾਂਗਟ, ਬੁੱਧ ਸਿੰਘ ਨੀਲੋਂ, ਗੁਰਦਿਆਲ ਦਲਾਲ, ਰਣਵੀਰ ਸਿੰਘ, ਕੁਲਵਿੰਦਰ ਸਿੰਘ ਮਾਨੂੰਪੁਰੀ, ਲਖਵੀਰ ਸਿੰਘ ਲੱਭਾ, ਜਗਵੀਰ ਸਿੰਘ ਵਿੱਕੀ, ਮਲਕੀਤ ਸਿੰਘ ਮਾਲੜਾ, ਕਰਮਜੀਤ ਸਿੰਘ ਬਾਸੀ,ਕਰਨੈਲ ਸਿੰਘ ਸਿਵੀਆ, ਪ੍ਰੀਤ ਸਿੰਘ ਸੰਦਲ, ਪਰਮਜੀਤ ਸਿੰਘ ਮੁੰਡੀਆਂ, ਭਜਨ ਸਿੰਘ ਤੇ ਹੋਰ ਸਾਹਿਤਕ ਸੱਜਣਾਂ ਨੇ ਆਪੋ ਆਪਣੀਆਂ ਕਵਿਤਾਵਾਂ ਪੇਸ਼ ਕੀਤੀਆਂ ਤੇ ਹਾਜ਼ਰੀਨ ਨੇ ਭਰਪੂਰ ਆਨੰਦ ਮਾਣਿਆ।

## ਸੰਪਾਦਕੀ

### ਆਖ਼ਿਰ ਕਦੋਂ ਰੁਕੇਗੀ ਗਾਜ਼ਾ ਦੀ ਜੰਗ

ਬੀਤੇ ਕਈ ਦਿਨਾਂ ਤੋਂ ਅਮਰੀਕੀ ਯਤਨਾਂ ਸਦਕਾ ਮਿਸਰ ਦੇ ਸ਼ਰਮ ਅਲ-ਸ਼ੇਖ ਵਿੱਚ ਸ਼ਾਂਤੀ ਵਾਰਤਾ ਸ਼ੁਰੂ ਹੋਣ ਨਾਲ ਦੋ ਸਾਲਾਂ ਬਾਅਦ ਗਾਜ਼ਾ ਦੀ ਜੰਗ ਆਖ਼ਿਰਕਾਰ ਰੁਕਣ ਦੀ ਆਸ ਪੈਦਾ ਹੋ ਗਈ ਹੈ। ਇਹ ਜੰਗ 10 ਅਕਤੂਬਰ 2023 ਨੂੰ ਹਮਾਸ ਲੜਾਕਿਆਂ ਵੱਲੋਂ ਇਜ਼ਰਾਈਲੀ ਖੇਤਰ ਵਿੱਚ ਕੀਤੇ ਖੌਫ਼ਨਾਕ ਹਮਲੇ ਤੋਂ ਬਾਅਦ ਸ਼ੁਰੂ ਹੋਈ ਸੀ। ਇਸ ਹਮਲੇ ਵਿੱਚ ਕਰੀਬ 1200 ਲੋਕ ਮਾਰੇ ਗਏ ਸਨ ਜਿਨ੍ਹਾਂ 'ਚੋਂ ਬਹੁਤੇ ਆਮ ਨਾਗਰਿਕ ਸਨ ਅਤੇ ਕਰੀਬ 250 ਲੋਕਾਂ ਨੂੰ ਬੰਦੀ ਬਣਾ ਲਿਆ ਗਿਆ ਸੀ। ਉਸ ਘਟਨਾ ਨੂੰ ਯਹੂਦੀਆਂ ਦੇ ਕਤਲੇਆਮ ਤੋਂ ਬਾਅਦ ਦੀ ਸਭ ਤੋਂ ਵੱਡੀ ਘਟਨਾ ਦੇ ਤੌਰ 'ਤੇ ਦੇਖਿਆ ਜਾਂਦਾ ਹੈ। ਇਸ ਤੋਂ ਬਾਅਦ ਇਜ਼ਰਾਈਲ ਵੱਲੋਂ ਕੀਤੀ ਬਦਲੇ ਦੀ ਕਾਰਵਾਈ ਵਿੱਚ ਹੁਣ ਤੱਕ 67000 ਫਲਸਤੀਨੀ ਮਾਰੇ ਜਾ ਚੁੱਕੇ ਹਨ ਜਿਨ੍ਹਾਂ 'ਚੋਂ ਬਹੁਤੇ ਆਮ ਲੋਕ ਸਨ ਅਤੇ ਗਾਜ਼ਾ ਦੀ ਕਰੀਬ 22 ਲੱਖ ਆਬਾਦੀ ਦਾ ਬਹੁਤਾ ਹਿੱਸਾ ਬੇਘਰ ਹੋ ਗਿਆ ਹੈ ਤੇ ਭੁੱਖਮਰੀ ਦੇ ਕੰਢੇ 'ਤੇ ਪਹੁੰਚ ਗਿਆ ਹੈ। ਸੰਯੁਕਤ ਰਾਸ਼ਟਰ ਦੀ ਮਨੁੱਖੀ ਅਧਿਕਾਰ ਕੌਂਸਲ ਵੱਲੋਂ ਨਿਯੁਕਤ ਸੀਨੀਅਰ ਅਜ਼ਾਦਾਨਾ ਤਫ਼ਤੀਸ਼ਕਾਰਾਂ ਨੇ ਹਾਲ ਹੀ ਵਿੱਚ ਸਿੱਟਾ ਕੱਢਿਆ ਸੀ ਕਿ ਗਾਜ਼ਾ ਵਿੱਚ ਇਜ਼ਰਾਈਲ ਦੀਆਂ ਕਾਰਵਾਈਆਂ ਫ਼ਲਸਤੀਨੀਆਂ ਦਾ ਕਤਲੇਆਮ ਹੈ। ਇਜ਼ਰਾਈਲ ਅਤੇ ਹਮਾਸ ਨੇ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਵੱਲੋਂ ਪ੍ਰਸਤਾਵਿਤ 20 ਸੂਤਰੀ ਯੋਜਨਾ ਪ੍ਰਤੀ ਵਡੇਰੇ ਰੂਪ ਵਿੱਚ ਸਹਿਮਤੀ ਜਤਾਈ ਹੈ। ਇਸ ਸਦਕਾ ਬੰਦੀਆਂ ਦੀ ਛੇਤੀ ਰਿਹਾਈ ਹੋਣ ਦੀ ਆਸ ਬੱਝ ਗਈ ਹੈ। ਉਂਝ, ਹਮਾਸ ਤੋਂ ਹਥਿਆਰ ਕਿਵੇਂ ਛੁਡਵਾਏ ਜਾਣ ਅਤੇ ਇਸ ਨੂੰ ਗਾਜ਼ਾ ਵਿੱਚ ਸ਼ਾਸਨ ਤੋਂ ਬਾਹਰ ਕਿਵੇਂ ਰੱਖਿਆ ਜਾਵੇ, ਇਹ ਅਜਿਹੇ ਵਿਵਾਦ ਦੇ ਨੁਕਤੇ ਹਨ ਜਿਨ੍ਹਾਂ ਉੱਪਰ ਗੱਲਬਾਤ ਦੀ ਸਫਲਤਾ ਨਿਰਭਰ ਕਰੇਗੀ। ਭਾਰਤ ਨੇ ਝਟਪਟ ਟਰੰਪ ਦੀ ਯੋਜਨਾ ਦਾ ਸਵਾਗਤ ਕਰਦਿਆਂ ਇਸ ਨੂੰ ਫਲਸਤੀਨੀ ਅਤੇ ਇਜ਼ਰਾਈਲੀਆਂ ਲਈ ਲੰਮੇਰੇ ਅਤੇ ਹੰਢਣਸਾਰ ਅਮਨ, ਸੁਰੱਖਿਆ ਤੇ ਵਿਕਾਸ ਦਾ ਵਧੀਆ ਰਾਹ ਕਰਾਰ ਦਿੱਤਾ ਹੈ। ਦਿੱਲੀ ਦੀ ਇਹ ਸਰਗਰਮ ਪ੍ਰਤੀਕਿਰਿਆ ਪਿਛਲੇ ਕੁਝ ਸਾਲਾਂ ਦੌਰਾਨ ਗਾਜ਼ਾ ਵਿੱਚ ਜੰਗਬੰਦੀ ਨਾਲ ਮੁਤੱਲਕ ਸੰਯੁਕਤ ਰਾਸ਼ਟਰ ਦੇ ਮਤਿਆਂ ਉੱਪਰ ਹੁੰਦੀ ਵੋਟਿੰਗ 'ਚੋਂ ਵਾਰ-ਵਾਰ ਗੈਰ-ਹਾਜ਼ਰ ਰਹਿਣ ਦੇ ਰੁਝਾਨ ਤੋਂ ਬਿਲਕੁੱਲ ਉਲਟ ਨਜ਼ਰ ਆਉਂਦੀ ਹੈ। ਅਜੇ ਪਿਛਲੇ ਮਹੀਨੇ ਹੀ ਭਾਰਤ ਨੇ ਸੰਯੁਕਤ ਰਾਸ਼ਟਰ ਦੇ ਅਜਿਹੇ ਮਤੇ ਦੇ ਹੱਕ ਵਿੱਚ ਵੋਟ ਪਾਈ ਸੀ ਜਿਸ ਵਿੱਚ ਫ਼ਲਸਤੀਨ ਮੁੱਦੇ ਦੇ ਸ਼ਾਂਤਮਈ ਨਿਬੇੜੇ ਅਤੇ ਦੋ ਮੁਲਕੀ ਫਾਰਮੂਲੇ ਨੂੰ ਲਾਗੂ ਕੀਤੇ ਜਾਣ ਦੀ ਪ੍ਰੋੜਤਾ ਕੀਤੀ ਗਈ ਸੀ। ਅਜਿਹੀ ਤਬਦੀਲੀ ਉਦੋਂ ਨਜ਼ਰ ਆਈ ਸੀ ਜਦੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 9 ਸਤੰਬਰ ਨੂੰ ਕਤਰ 'ਤੇ ਕੀਤੇ ਹਵਾਈ ਹਮਲੇ ਦੀ ਨਿੰਦਾ ਕੀਤੀ ਸੀ, ਹਾਲਾਂਕਿ ਉਨ੍ਹਾਂ ਇਜ਼ਰਾਈਲ ਦਾ ਹਮਲਾਵਰ ਵਜੋਂ ਨਾਂ ਲੈਣ ਤੋਂ ਗੁਰੇਜ਼ ਕੀਤਾ ਸੀ। ਮੋਦੀ ਵੱਲੋਂ ਟਰੰਪ ਦੀ ਗਾਜ਼ਾ ਯੋਜਨਾ ਦੀ ਹਮਾਇਤ ਜ਼ਾਹਿਰਾ ਤੌਰ 'ਤੇ ਭਾਰਤ ਅਤੇ ਅਮਰੀਕਾ ਦੇ ਸਬੰਧਾਂ ਨੂੰ ਲੀਹ 'ਤੇ ਲਿਆਉਣ ਦੀ ਕੋਸ਼ਿਸ਼ ਜਾਪਦੀ ਹੈ। ਆਮ ਤੌਰ 'ਤੇ ਦਿੱਲੀ ਇਜ਼ਰਾਈਲ ਪ੍ਰਤੀ ਨਰਮਗੋਸ਼ਾ ਰਹੀ ਹੈ ਕਿਉਂਕਿ ਪਹਿਲਗਾਮ ਹਮਲੇ ਤੋਂ ਬਾਅਦ ਇਸ ਨੇ ਭਾਰਤ ਦੇ ਰੱਖਿਆ ਦੇ ਹੱਕ ਦੀ ਪ੍ਰੋੜਤਾ ਕੀਤੀ ਸੀ। ਭਾਰਤ ਨੂੰ ਆਸ ਹੈ ਕਿ ਪੱਛਮੀ ਏਸ਼ੀਆ ਦੇ ਗੜਬੜ ਵਾਲੇ ਖ਼ਿੱਤੇ ਵਿਚ ਜਦੋਂ ਸ਼ਾਂਤੀ ਬਹਾਲ ਹੋਈ ਤਾਂ ਇਸ ਦੀ ਸਮਤੋਲ ਭਰੀ ਚਾਲ ਦਾ ਫ਼ਾਇਦਾ ਹੋਵੇਗਾ।

### ਜੈਪੁਰ ਦੇ ਹਸਪਤਾਲ ਵਿਚ ਵਾਪਰਿਆ ਅਗਨੀਕਾਂਡ ਤੋਂ ਸਬਕ

ਬੀਤੇ ਦਿਨੀਂ ਜੈਪੁਰ ਦੇ ਸਵਾਈ ਮਾਨ ਸਿੰਘ ਹਸਪਤਾਲ ਵਿੱਚ ਵਾਪਰੇ ਅਗਨੀ ਕਾਂਡ ਵਿੱਚ ਛੇ ਜਾਨਾਂ ਅਜਾਈਂ ਚਲੀਆਂ ਗਈਆਂ। ਅੱਧੀ ਰਾਤ ਨੂੰ ਹਸਪਤਾਲ ਦੇ ਟਰਾਮਾ ਆਈ ਸੀ ਯੂ ਵਿੱਚ ਲੱਗੀ ਅੱਗ ਭਿਆਨਕ ਰੂਪ ਧਾਰਨ ਕਰ ਗਈ। ਪਰਿਵਾਰਾਂ ਨੇ ਦੋਸ਼ ਲਾਇਆ ਕਿ ਡਾਕਟਰ ਮੌਕੇ ਤੋਂ ਦੌੜ ਗਏ ਅਤੇ ਗੇਟ ਨੂੰ ਤਾਲਾ ਲੱਗਾ ਹੋਇਆ ਸੀ। ਫਾਇਰ ਅਲਾਰਮ ਵੱਜਿਆ ਹੀ ਨਹੀਂ, ਅੱਗ ਬੁਝਾਊ ਯੰਤਰ ਨਕਾਰਾ ਪਏ ਰਹੇ ਅਤੇ ਮੌਕੇ 'ਤੇ ਤਾਇਨਾਤ ਇਕਲੌਤਾ ਫਾਇਰਮੈਨ ਬੇਵੱਸ ਹੋ ਕੇ ਰਹਿ ਗਿਆ। ਲੋਕਾਂ ਨੇ ਸ਼ੀਸ਼ੇ ਦੀਆਂ ਖਿੜਕੀਆਂ ਤੋੜ ਕੇ ਆਪਣੇ ਪਿਆਰਿਆਂ ਨੂੰ ਬੈੱਡਸ਼ੀਟਾਂ ਲਪੇਟ ਕੇ ਬਾਹਰ ਕੱਢਿਆ। ਪਤਾ ਲੱਗਿਆ ਹੈ ਕਿ ਅੱਧਾ ਘੰਟਾ ਪਹਿਲਾਂ ਸ਼ਾਰਟ ਸਰਕਟ ਹੋਇਆ ਸੀ ਪਰ ਸਟਾਫ ਨੇ ਇਸ ਨੂੰ ਇਹ ਕਹਿ ਕੇ ਤਵੱਜੋ ਨਾ ਦਿੱਤੀ ਕਿ ਇਹ ਆਮ ਘਟਨਾ ਹੈ ਤੇ ਠੀਕ ਹੋ ਜਾਵੇਗੀ। ਅਜਿਹੀਆਂ ਘਟਨਾਵਾਂ ਪਹਿਲਾਂ ਵੀ ਕਈ ਵਾਰ ਵਾਪਰ ਚੁੱਕੀਆਂ ਹਨ। ਮਈ 2024 ਵਿੱਚ ਦਿੱਲੀ ਦੇ ਇੱਕ ਹਸਪਤਾਲ ਵਿੱਚ ਅੱਗ ਲੱਗਣ ਕਰ ਕੇ ਸੱਤ ਨਵਜਨਮੇ ਬੱਚਿਆਂ ਦੀ ਮੌਤ ਹੋ ਗਈ ਸੀ। ਉਸ ਹਸਪਤਾਲ ਦੇ ਲਾਇਸੈਂਸ ਦੀ ਮਿਆਦ ਪੁੱਗ ਚੁੱਕੀ ਸੀ, ਫਿਰ ਵੀ ਉਹ ਧੜੱਲੇ ਨਾਲ ਚੱਲ ਰਿਹਾ ਸੀ। ਇਸ ਤੋਂ ਸੱਤ ਮਹੀਨੇ ਬਾਅਦ ਝਾਂਸੀ ਮੈਡੀਕਲ ਕਾਲਜ ਵਿੱਚ ਲੱਗੀ ਅੱਗ ਤੋਂ ਇਹ ਗੱਲ ਬੇਪਰਦ ਹੋਈ ਕਿ ਕਿਵੇਂ ਵੱਡੀਆਂ ਸਰਕਾਰੀ ਸੰਸਥਾਵਾਂ ਵਿੱਚ ਵੀ ਅੱਗ ਲੱਗਣ ਤੋਂ ਬਾਅਦ ਲੋਕਾਂ ਦੇ ਨਿਕਲਣ ਦੀ ਕੋਈ ਵਿਵਸਥਾ ਨਹੀਂ ਹੁੰਦੀ ਅਤੇ ਕੰਮਕਾਜੀ ਲੇਖਾ-ਜੋਖਾ ਘੱਟ ਹੀ ਕੀਤਾ ਜਾਂਦਾ ਹੈ। ਟਾਲਣਯੋਗ ਇਨ੍ਹਾਂ ਖੌਫ਼ਨਾਕ ਘਟਨਾਵਾਂ ਦੀ ਲੜੀ ਵਿੱਚ ਹੁਣ ਜੈਪੁਰ ਦਾ ਨਾਂ ਵੀ ਜੁੜ ਗਿਆ ਹੈ। ਇਨ੍ਹਾਂ ਘਟਨਾਵਾਂ ਦੇ ਕਾਰਨ ਅਕਸਰ ਮਿਲਦੇ ਜੁਲਦੇ ਹੁੰਦੇ ਹਨ; ਜਿਵੇਂ ਵੇਲਾ ਵਿਹਾਅ ਚੁੱਕੀ ਵਾਇਰਿੰਗ, ਆਈ ਸੀ ਯੂ ਵਿੱਚ ਆਕਸੀਜਨ ਦੀ ਬਹੁਤਾਤ, ਨਕਾਰਾ ਪਏ ਅਲਾਰਮ, ਬਾਹਰ ਨਿਕਲਣ ਦੇ ਰਸਤਿਆਂ ਦਾ ਬੰਦ ਹੋਣਾ ਅਤੇ ਸਰਕਾਰੀ ਢਿੱਲ-ਮੱਠ। ਆਮ ਤੌਰ 'ਤੇ ਸੁਰੱਖਿਆ ਅਭਿਆਸ ਅਤੇ ਬਿਜਲਈ ਲੇਖੇ-ਜੋਖੇ ਮਹਿਜ਼ ਕਾਗਜ਼ੀ ਹੁੰਦੇ ਹਨ। ਰਾਜਸਥਾਨ ਸਰਕਾਰ ਨੇ ਜੈਪੁਰ ਅਗਨੀ ਕਾਂਡ ਦੀ ਜਾਂਚ ਕਰਾਉਣ ਦਾ ਐਲਾਨ ਕੀਤਾ ਹੈ ਜਿਵੇਂ ਅਕਸਰ ਸਰਕਾਰਾਂ ਕਰਦੀਆਂ ਹਨ ਪਰ ਅਸਲ ਗੱਲ ਨੇਮਾਂ ਦੇ ਪਾਲਣ ਦੀ ਹੁੰਦੀ ਹੈ ਜੋ ਲੋਕਾਂ ਦਾ ਰੋਸ ਮੱਠਾ ਪੈਣ ਤੋਂ ਬਾਅਦ ਵੀ ਜਿਉਂ ਦਾ ਤਿਉਂ ਰਹਿੰਦਾ ਹੈ। ਹਸਪਤਾਲ ਲੋਕਾਂ ਦੀਆਂ ਜਾਨਾਂ ਬਚਾਉਣ ਲਈ ਬਣਾਏ ਜਾਂਦੇ ਹਨ। ਹਰੇਕ ਸੂਬੇ ਨੂੰ ਹਸਪਤਾਲਾਂ ਦੇ ਸਾਲਾਨਾ ਸੁਰੱਖਿਆ ਅੰਕਾਂ, ਜਾਂਚਾਂ ਦੇ ਵੇਰਵੇ ਦਰਜ ਕਰਨ, ਸਾਜ਼ੋ-ਸਾਮਾਨ ਅਤੇ ਐਮਰਜੈਂਸੀ ਡਰਿੱਲ ਰਿਕਾਰਡਾਂ ਦੀ ਨਿਰਖ-ਪਰਖ ਨੂੰ ਪ੍ਰਕਾਸ਼ਿਤ ਕਰਨ ਦੇ ਪਾਬੰਦ ਕੀਤਾ ਜਾਣਾ ਚਾਹੀਦਾ ਹੈ। ਲਾਇਸੈਂਸ ਦੇ ਨਵੀਨੀਕਰਨ ਲਈ ਅਗਨੀ ਸੁਰੱਖਿਆ ਸਰਟੀਫਿਕੇਟ ਲੈਣਾ ਲਾਜ਼ਮੀ ਹੋਣਾ ਚਾਹੀਦਾ ਅਤੇ ਨੇਮਾਂ ਦੀ ਪਾਲਣਾ ਨਾ ਕਰਨ ਦਾ ਮਤਲਬ ਫੌਰੀ ਬੰਦ ਕਰਨਾ ਹੋਣਾ ਚਾਹੀਦਾ ਹੈ। ਹਰੇਕ ਹਸਪਤਾਲ ਵਿੱਚ ਆਨ ਡਿਊਟੀ ਫਾਇਰ ਅਫਸਰ ਹੋਣਾ ਚਾਹੀਦਾ ਹੈ ਜਿਸ ਕੋਲ, ਜੇ ਪ੍ਰੋਟੋਕਾਲਾਂ ਦਾ ਪਾਲਣ ਨਾ ਕੀਤਾ ਜਾ ਰਿਹਾ ਹੋਵੇ, ਤਾਂ ਕੰਮ ਕਾਜ ਰੋਕਣ ਦਾ ਅਖ਼ਤਿਆਰ ਹੋਵੇ। ਜੈਪੁਰ ਦੀ ਤਰਾਸਦੀ ਕੋਈ ਹਾਦਸਾ ਨਹੀਂ ਸਗੋਂ ਵਾਰ-ਵਾਰ ਦਿੱਤੀਆਂ ਜਾਂਦੀਆਂ ਚਿਤਾਵਨੀਆਂ ਨੂੰ ਅਣਡਿੱਠ ਕਰਨ ਦਾ ਜਮ੍ਹਾ ਜੋੜ ਹੈ। ਜਿੰਨੀ ਦੇਰ ਤੱਕ ਸਾਡੇ ਦੇਸ਼ ਅੰਦਰ ਹਸਪਤਾਲਾਂ ਵਿੱਚ ਵਾਪਰਦੇ ਅਗਨੀ ਕਾਂਡਾਂ ਨੂੰ ਬਦਨਸੀਬੀ ਦੀ ਘਟਨਾ ਬਜਾਏ ਅਪਰਾਧਿਕ ਲਾਪਰਵਾਹੀ ਨਹੀਂ ਮੰਨਿਆ ਜਾਂਦਾ, ਓਨੀ ਦੇਰ ਤੱਕ ਦਿੱਲੀ, ਝਾਂਸੀ ਅਤੇ ਜੈਪੁਰ ਹੀ ਨਹੀਂ ਸਗੋਂ ਹਰ ਉਸ ਜਗ੍ਹਾ ਵਾਰ-ਵਾਰ ਇਹ ਅਗਨੀ ਕਾਂਡ ਵਾਪਰਦੇ ਰਹਿਣਗੇ।

# ਭਾਰਤ ਚੋਣ ਕਮਿਸ਼ਨ ਵੱਲੋਂ "ਬੁੱਕ ਏ ਕਾਲ ਵਿਦ ਬੀ.ਐਲ.ਓ."ਸੇਵਾ ਦੀ ਸ਼ੁਰੂਆਤ- ਵੋਟਰਾਂ ਲਈ ਇੱਕ ਹੋਰ ਸੁਵਿਧਾਜਨਕ ਕਦਮ

**ਮਲੇਰਕੋਟਲਾ, 10 ਅਕਤੂਬਬ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਚੋਣ ਕਮਿਸ਼ਨ ਵੱਲੋਂ ਵੋਟਰਾਂ ਦੀ ਸੁਵਿਧਾ ਲਈ ਨਵਾਂ ਮਡਿਊਲ 'ਬੁੱਕ ਏ ਕਾਲ ਵਿਦ ਬੀ.ਐਲ.ਓ.' (Book a Call with BLO) ਸ਼ੁਰੂ ਕੀਤਾ ਗਿਆ ਹੈ। ਇਸ ਸੇਵਾ ਰਾਹੀਂ ਵੋਟਰ ਆਪਣੀਆਂ ਵੋਟਰ ਸੂਚੀ ਸਬੰਧੀ ਸਮੱਸਿਆਵਾਂ ਦਾ ਹੱਲ ਆਪਣੇ ਬੂਥ ਲੈਵਲ ਅਫ਼ਸਰ (BLO) ਨਾਲ ਸਿੱਧੀ ਗੱਲਬਾਤ ਕਰਕੇ ਕਰ ਸਕਣਗੇ।

ਡਿਪਟੀ ਕਮਿਸ਼ਨਰ ਕਮ ਜ਼ਿਲ੍ਹਾ ਚੋਣ ਅਫ਼ਸਰ ਵਿਰਾਜ ਐਸ. ਤਿੜਕੇ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਸੇਵਾ ਭਾਰਤ ਚੋਣ ਕਮਿਸ਼ਨ ਦੇ ਵੋਟਰ ਸਰਵਿਸ ਪੋਰਟਲ (https://voters.eci.gov.in) Ó'ਤੇ ਉਪਲਬਧ ਹੈ। ਉਨ੍ਹਾਂ ਕਿਹਾ ਕਿ ਹੁਣ ਆਮ ਨਾਗਰਿਕ ਵੋਟਰ ਕਾਰਡ ਨਾਲ ਜੁੜੇ ਮਸਲੇ ਜਿਵੇਂ ਨਵੀਂ ਐਂਟਰੀ, ਸੋਧ, ਪਤਾ ਬਦਲਣਾ ਆਦਿ ਸਬੰਧੀ ਬੀ.ਐਲ.ਓ. ਨਾਲ ਸਿੱਧਾ ਸੰਪਰਕ ਕਰ ਸਕਦੇ ਹਨ।

ਉਨ੍ਹਾਂ ਦੱਸਿਆ ਕਿ ਪੋਰਟਲ 'ਤੇ ÒBook a Call with BLOÓ ਓਪਸ਼ਨ 'ਤੇ ਕਲਿੱਕ ਕਰਨ ਉਪਰੰਤ, ਵੋਟਰ ਆਪਣੇ ਰਜਿਸਟਰਡ ਮੋਬਾਈਲ ਨੰਬਰ ਜਾਂ ਵੋਟਰ ਕਾਰਡ ਨੰਬਰ ਦਰਜ ਕਰੇਗਾ। ਇਸ ਤੋਂ ਬਾਅਦ ਓਟੀਪੀ ਪ੍ਰਮਾਣੀਕਰਨ ਤੋਂ ਬਾਅਦ ਕਾਲ ਬੇਨਤੀ ਸਬੰਧਤ ਬੀ.ਐਲ.ਓ. ਤੱਕ ਪਹੁੰਚ ਜਾਵੇਗੀ। ਬੀ.ਐਲ.ਓ. ਪ੍ਰਾਰਥੀ ਨੂੰ ਕਾਲ ਕਰਕੇ ਉਸਦੇ ਮਸਲੇ ਦਾ ਹੱਲ ਕਰੇਗਾ ਅਤੇ ਫਿਰ ਸਿਸਟਮ 'ਤੇ ਸਥਿਤੀ Connected' ਜਾਂ Unavailable' ਵਜੋਂ ਅਪਡੇਟ ਕਰੇਗਾ।



ਉਨ੍ਹਾਂ ਕਿਹਾ ਕਿ ਇਹ ਪੂਰਾ ਪ੍ਰਕਿਰਿਆ ਡਿਜ਼ਿਟਲ ਪਲੇਟਫਾਰਮ ECINet ਨਾਲ ਸੰਬੰਧਤ ਹੈ, ਜਿਸ ਨਾਲ ਪਾਰਦਰਸ਼ੀਤਾ ਤੇ ਤੁਰੰਤ ਸੇਵਾ ਯਕੀਨੀ ਬਣੇਗੀ।

ਬੀ.ਐਲ.ਓ. ਵੱਲੋਂ ਪ੍ਰਤਿਕ੍ਰਿਆ ਦੇਣ ਮਗਰੋਂ, ਸਿਸਟਮ ਸਬੰਧਤ ਪ੍ਰਾਰਥੀ ਨੂੰ ਸੁਚਨਾ ਭੇਜੇਗਾ ਕਿ ਉਸਦੀ ਬੇਨਤੀ ਦਾ ਨਿਵੇੜਾ ਕਰ ਦਿੱਤਾ ਗਿਆ ਹੈ।

ਜ਼ਿਲ੍ਹਾ ਚੋਣ ਅਫ਼ਸਰ ਵਿਰਾਜ ਐਸ. ਤਿੜਕੇ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਨਵੀਂ ਆਨਲਾਈਨ ਸੇਵਾ ਦਾ ਪੂਰਾ ਲਾਭ ਉਠਾਉਣ। ਉਨ੍ਹਾਂ ਕਿਹਾ ਕਿ ਭਾਰਤ ਚੋਣ ਕਮਿਸ਼ਨ ਵਲੋਂ ਦਿੱਤੀਆਂ ਸਾਰੀਆਂ ਸੇਵਾਵਾਂ ਦਾ ਉਦੇਸ਼ ਵੋਟਰਾਂ ਤੱਕ ਸਹੂਲਤ ਅਤੇ ਪਾਰਦਰਸ਼ੀ ਪ੍ਰਕਿਰਿਆ ਪਹੁੰਚਾਉਣਾ ਹੈ।

ਉਨ੍ਹਾਂ ਅਵਾਮ ਨੂੰ ਭਾਰਤ ਚੋਣ ਕਮਿਸ਼ਨ ਦੇ ਅਧਿਕਾਰਕ ਸੋਸ਼ਲ ਮੀਡੀਆ ਪਲੇਟਫਾਰਮਾਂ ਫੇਸਬੁੱਕ (Faceboo♠), ਇੰਸਟਾਗ੍ਰਾਮ (Instagram), ਐਕਸ/ਟਵੀਟਰ (X/Twitter) ਅਤੇ ਯੂ- ਟਿਊਬ (YouTube) ਫਾਲੋ ਕਰਨ ਦੀ ਅਪੀਲ ਕੀਤੀ, ਤਾਂ ਜੋ ਚੋਣਾਂ ਸਬੰਧੀ ਨਵੀਨਤਮ ਜਾਣਕਾਰੀਆਂ, ਨਿਰਦੇਸ,ਗਾਇਡ ਲਾਈਨਜ਼ ਅਤੇ ਜਾਗਰੂਕਤਾ ਸੰਦੇਸ਼ ਸਮੇਂ-ਸਮੇਂ 'ਤੇ ਪ੍ਰਾਪਤ ਹੁੰਦੇ ਰਹਿਣ।

# ਪੰਜਾਬ ਸਰਕਾਰ ਵੱਲੋਂ ਜਿਹਦਾ ਖੇਤ, ਓਹਦੀ ਰੇਤ ਮੁਹਿੰਮ ਤਹਿਤ ਫਾਜ਼ਿਲਕਾ ਦੇ 10 ਪਿੰਡਾਂ ਨੂੰ ਕੀਤਾ ਨੋਟੀਫਾਈ

**ਫਾਜ਼ਿਲਕਾ,10 ਅਕਤੂਬਬ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ, ਮਾਈਨਿੰਗ ਅਤੇ ਜਿਓਲਾਜੀ ਵਿਭਾਗ ਵੱਲੋਂ ਜਾਰੀ ਨੋਟਿਫਿਕੇਸ਼ਨ ਰਾਹੀਂ ਹੜ੍ਹਾਂ ਦੌਰਾਨ ਦਰਿਆਵਾਂ ਨਾਲ ਲੱਗਦੇ ਪਿੰਡਾਂ ਵਿੱਚ ਵਾਹੀਯੋਗ ਜਮੀਨਾਂ ਵਿੱਚ ਆਈ ਮਿੱਟੀ/ਰੇਤ/ਦਰਿਆਈ ਪਦਾਰਥ ਨੂੰ ਲਿਫਟ/ਡੀ-ਮਿਲਟ ਕਰਵਾਉਣ ਦੀ ਛੋਟ ਦਿੱਤੀ ਗਈ ਹੈ।

ਇਸ ਸਬੰਧੀ ਪੰਜਾਬ ਸਰਕਾਰ ਵੱਲੋਂ ÷ਜਿਹਦਾ ਖੇਤ, ਓਹਦੀ ਰੇਤ ਮੁਹਿੰਮ ÷ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ।

ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜਾਰੀ ਮੁਹਿੰਮ ਤਹਿਤ ਜ਼ਿਲ੍ਹਾ ਫਾਜ਼ਿਲਕਾ ਵਿੱਚ ਸਤਲੁਜ਼ ਕਰੀਕ ਨਾਲ ਲੱਗਦੇ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਵਾਹੀਯੋਗ ਜ਼ਮੀਨ ਵਿੱਚ ਮਿੱਟੀ/ਰੇਤ/ਦਰਿਆਈ ਪਦਾਰਥ ਨੂੰ ਲਿਫਟ/ਡੀ-ਸਿਲਟ ਕਰਨ ਲਈ ਬਲਾਕ ਫਾਜ਼ਿਲਕਾ ਦੇ ਪਿੰਡ ਹਸਤਾਂ ਕਲਾਂ, ਪਿੰਡ ਮਹਾਤਮ ਨਗਰ, ਪਿੰਡ ਤੇਜਾ ਰਹੇਲਾ, ਪਿੰਡ ਚੱਕ ਰੁਹੇਲਾ, ਪਿੰਡ ਮੁਹਾਰ ਜਮਸ਼ੇਰ, ਪਿੰਡ ਘੁਰਕਾ, ਪਿੰਡ ਦੋਨਾ ਸਿਕੰਦਰੀ, ਪਿੰਡ ਵੱਲੇ ਸ਼ਾਹ ਹਿਠਾੜ, ਪਿੰਡ ਵੱਲੇ ਸ਼ਾਹ ਉਤਾੜ, ਪਿੰਡ ਮੁਹਾਰ ਖੀਵਾ ਨੂੰ ਨੋਟੀਫਾਈ ਕੀਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਇਨਾਂ ਪਿੰਡਾਂ ਵਿੱਚ ਪ੍ਰਭਾਵਿਤ ਜ਼ਮੀਨ ਮਾਲਕਾਂ ਨੂੰ 31 ਦਸੰਬਰ 2025 ਤੱਕ ਹੜ੍ਹਾਂ ਕਾਰਨ ਉਨ੍ਹਾਂ ਦੀਆਂ ਵਾਹੀਯੋਗ ਜ਼ਮੀਨਾਂ ਵਿੱਚ ਆਈ ਮਿੱਟੀ/ਰੇਤ/ਦਰਿਆਈ ਪਦਾਰਥ ਨੂੰ ਲਿਫਟ/ਡੀ-ਸਿਲਟ ਕਰਨ ਲਈ ਕਿਸੇ ਵੀ ਪਰਮਿਟ/ਐਨ.ਓ.ਸੀ ਦੀ ਲੋੜ ਤੋਂ ਬਿਨਾਂ ਆਪਣੇ ਪੱਧਰ 'ਤੇ ਹਟਾਉਣ ਅਤੇ ਚੁੱਕਣ ਦੀ ਦਰਿਆਈ ਪਦਾਰਥ ਨੂੰ ਲਿਫਟ/ਡੀ-ਆਗਿਆ ਪੰਜਾਬ ਸਰਕਾਰ ਦੀਆਂ ਜਾਰੀ ਹਦਾਇਤਾਂ ਅਨੁਸਾਰ ਦਿੱਤੀ ਜਾਂਦੀ ਹੈ।

# ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਭਿਖਾਰੀਵਾਲ ਤੋਂ \ਬਖਸ਼ੀਵਾਲ ਤੱਕ ਸੰਪਰਕ ਸੜਕ ਦਾ ਨੀਂਹ ਪੱਥਰ ਰੱਖਿਆ



**ਗੁਰਦਾਸਪੁਰ,10 ਅਕਤੂਬਬ**
**-ਕੌਮੀ ਪੱਤ੍ਰਿਕਾ ਬਿਊਰੋ-**

ਡੇਰਾ ਬਾਬਾ ਨਾਨਕ ਤੋਂ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਅੱਜ ਹਲਕੇ ਦੇ ਪਿੰਡ ਭਿਖਾਰੀਵਾਲ ਤੋਂ ਬਖਸ਼ੀਵਾਲ ਤੱਕ ਦੀ ਲਿੰਕ ਸੜਕ ਨੂੰ ਮੁਰੰਮਤ ਕਰਨ ਦੇ ਕਾਰਜ ਦਾ ਨੀਂਹ ਪੱਥਰ ਰੱਖਿਆ ਗਿਆ। 1.62 ਕਿਲੋਮੀਟਰ ਲੰਬੀ ਇਸ ਸੜਕ ਉੱਪਰ 27.10 ਲੱਖ ਦੀ ਲਾਗਤ ਆਵੇਗੀ।

ਇਸ ਮੌਕੇ ਇਲਾਕਾ ਵਾਸੀਆਂ ਨਾਲ ਗੱਲ ਕਰਦਿਆਂ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਵਿੱਚ ਵਿਕਾਸ ਕਾਰਜ ਜੰਗੀ ਪੱਧਰ 'ਤੇ ਜਾਰੀ ਹਨ, ਜਿਸ ਤਹਿਤ ਅੱਜ ਪਿੰਡ ਭਿਖਾਰੀਵਾਲ ਤੋਂ ਬਖਸ਼ੀਵਾਲ ਤੱਕ ਸੰਪਰਕ ਸੜਕ ਦਾ ਨੀਂਹ ਪੱਥਰ ਰੱਖਿਆ ਗਿਆ। ਉਹਨਾਂ ਕਿਹਾ ਕਿ ਇਹ ਸੜਕ ਕਾਫੀ ਲੰਬੇ ਸਮੇਂ ਤੋਂ ਟੁੱਟੀ ਹੋਈ ਸੀ ਜਿਸ ਕਾਰਨ ਰਾਹਗੀਰਾਂ ਅਤੇ ਇਲਾਕਾ ਵਾਸੀਆਂ ਨੂੰ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੇਂਡੂ ਸੰਪਰਕ ਸੜਕਾਂ ਦੀ ਮੁਰੰਮਤ ਲਈ ਵਿਸ਼ੇਸ਼ ਗਰਾਂਟ ਜਾਰੀ ਕੀਤੀ ਗਈ ਹੈ ਜਿਸ ਤਹਿਤ ਹਲਕੇ ਦੀਆਂ ਹੋਰ ਸੰਪਰਕ ਸੜਕਾਂ ਦੀ ਮੁਰੰਮਤ ਵੀ ਕੀਤੀ ਜਾਵੇਗੀ। ਉਹਨਾਂ ਕਿਹਾ ਕਿ ਸੜਕਾਂ ਦੀ ਮੁਰੰਮਤ ਸਮੇਂ ਕੰਮ ਦੀ ਗੁਣਵੰਤਾ ਦਾ ਖਾਸ ਖਿਆਲ ਰੱਖਿਆ ਜਾ ਰਿਹਾ ਹੈ ਅਤੇ ਸੜਕ ਨੂੰ ਬਣਾਉਣ ਵਾਲਾ ਠੇਕੇਦਾਰ ਪੰਜ ਸਾਲ ਤੱਕ ਉਸ ਸੜਕ ਦੀ ਦੇਖ ਰੇਖ ਦਾ ਜਿੰਮੇਵਾਰ ਹੋਵੇਗਾ।

ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਸਮਝਣ ਅਤੇ ਉਹਨਾਂ ਦਾ ਹੱਲ ਕਰਨ ਵਾਲੀ ਸਰਕਾਰ ਹੈ, ਜਦਕਿ ਰਵਾਇਤੀ ਪਾਰਟੀਆਂ ਦੇ ਆਗੂ ਸਿਰਫ ਆਪਣੇ ਬਾਰੇ ਹੀ ਸੋਚਦੇ ਸਨ। ਉਹਨਾਂ ਕਿਹਾ ਕਿ ਆਜ਼ਾਦੀ ਦੇ 78 ਸਾਲ ਬਾਅਦ ਵੀ ਜੇਕਰ ਲੋਕ ਬੁਨਿਆਦੀ ਸਹੂਲਤਾਂ ਤੋਂ ਸੱਖਣੇ ਹਨ ਤਾਂ ਇਸ ਲਈ ਮੁੱਖ ਤੌਰ 'ਤੇ ਰਿਵਾਇਤੀ ਪਾਰਟੀਆਂ ਦੇ ਆਗੂ ਜਿੰਮੇਵਾਰ ਹਨ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸੂਬੇ ਦੇ ਸਰਬਪੱਖੀ ਵਿਕਾਸ ਦਾ ਤਹੱਈਆ ਕੀਤਾ ਹੋਇਆ ਹੈ ਅਤੇ ਵਿਕਾਸ ਪੱਖੋਂ ਹੁਣ ਸਾਡਾ ਸੂਬਾ ਇੱਕ ਵਾਰ ਫਿਰ ਰੰਗਲਾ ਪੰਜਾਬ ਬਣੇਗਾ।

# ਕਾਸਮੈਟਿਕ ਗੁਡਜ਼ ਤੇ ਸਰਾਫਾ ਵਪਾਰੀਆਂ ਨਾਲ ਕੀਤੀਆਂ ਮੀਟਿੰਗਾਂ

**ਬਠਿੰਡਾ, 10 ਅਕਤੂਬਬ**
**-ਕੌਮੀ ਪੱਤ੍ਰਿਕਾ ਬਿਊਰੋ-**



ਆਗਾਮੀ ਤਿਉਹਾਰਾਂ ਦੇ ਸੀਜ਼ਨ ਦੇ ਮੱਦੇਨਜ਼ਰ ਪੰਜਾਬ ਸਰਕਾਰ ਦੇ ਟੈਕਸ ਵਿੱਚ ਵਾਧੇ ਅਤੇ ਵਪਾਰੀਆਂ ਨੂੰ ਸਹੀ ਢੰਗ ਨਾਲ ਬਿੱਲ ਜਾਰੀ ਕਰਨ ਲਈ ਪ੍ਰੇਰਿਤ ਕਰਨ ਸਬੰਧੀ ਸ੍ਰੀਮਤੀ ਪ੍ਰਭਦੀਪ ਕੌਰ, ਸਹਾਇਕ ਕਮਿਸ਼ਨਰ ਰਾਜ ਕਰ ਵੱਲੋਂ ਕਾਸਮੈਟਿਕ ਗੁਡਜ਼ ਅਤੇ ਸਰਾਫਾ ਵਪਾਰੀਆਂ ਨਾਲ ਸਥਾਨਕ ਦਫਤਰ ਜੀ.ਐਸ.ਟੀ. ਵਿਭਾਗ ਵਿਖੇ ਮੀਟਿੰਗਾਂ ਕੀਤੀਆਂ ਗਈਆਂ।

ਇਸ ਦੌਰਾਨ ਸਹਾਇਕ ਕਮਿਸ਼ਨਰ ਵੱਲੋਂ ਐਸੋਸੀਏਸ਼ਨ ਮੈਂਬਰਾਂ ਨੂੰ ਤਿਉਹਾਰਾਂ ਦੇ ਸੀਜ਼ਨ ਦੌਰਾਨ ਸਹੀ ਟੈਕਸ ਭਰਨ ਸਬੰਧੀ ਪ੍ਰੇਰਿਤ ਕੀਤਾ ਗਿਆ ਅਤੇ ਉਨ੍ਹਾਂ ਜਿਥੇ ਵਪਾਰੀਆਂ ਦੀਆਂ ਸਮੱਸਿਆਵਾਂ ਸੁਣਿਆ ਉਥੇ ਹੀ ਉਨ੍ਹਾਂ ਦੀ ਹਰ ਸੰਭਵ ਸਮੱਸਿਆ ਦਾ ਹੱਲ ਕਰਨ ਲਈ ਭਰੋਸਾ ਵੀ ਦਿਵਾਇਆ।

ਇਸ ਦੌਰਾਨ ਸ੍ਰੀਮਤੀ ਪ੍ਰਭਦੀਪ ਕੌਰ ਵੱਲੋਂ ਪੰਜਾਬ ਸਰਕਾਰ ਵੱਲੋਂ ਚਲਾਈ ÷ਵਨ ਟਾਈਮ ਸੈਟਲਮੈਂਟ ਸਕੀਮ÷ ਸਬੰਧੀ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਪਾਰੀਆਂ ਦੇ ਬਕਾਇਆ ਪਏ ਪ੍ਰੀ-ਜੀ.ਐਸ.ਟੀ. ਐਰੀਅਰ ਦੀ ਸੈਟਲਮੈਂਟ ਲਈ ਵਨ ਟਾਈਮ ਸੈਟਲਮੈਂਟ ਸਕੀਮ ਲਾਗੂ ਕੀਤੀ ਗਈ ਹੈ।

ਇਸ ਸਕੀਮ ਅਧੀਨ, 1 ਕਰੋੜ ਰੁਪਏ ਤੱਕ ਦੀ ਵਾਧੂ ਡਿਮਾਂਡ 'ਤੇ ਸਰਕਾਰ ਵੱਲੋਂ ਜੁਰਮਾਨਾ ਅਤੇ ਵਿਆਜ ਪੂਰੀ ਤਰ੍ਹਾਂ ਮਾਫ਼ ਕਰ ਦਿੱਤਾ ਗਿਆ ਹੈ, ਜਦਕਿ ਟੈਕਸ ਰਕਮ ਦਾ 50 ਫੀਸਦੀ ਹਿੱਸਾ ਮਾਫ਼ ਕੀਤਾ ਗਿਆ ਹੈ। ਇਸ ਲਈ ਜੇਕਰ ਕਿਸੇ ਵੀ ਵਪਾਰੀ ਦੀ ਕੋਈ ਪੁਰਾਣੀ ਡਿਮਾਂਡ ਪੈਂਡਿੰਗ ਹੈ, ਉਹ ਇਸ ਸਕੀਮ ਦਾ ਲਾਭ ਲੈ ਸਕਦਾ ਹੈ।

ਕਾਸਮੈਟਿਕ ਵਪਾਰੀਆਂ ਨੇ ਦੱਸਿਆ ਕਿ ਆਨਲਾਈਨ ਸੇਲਜ਼ ਕਾਰਨ ਉਨ੍ਹਾਂ ਦੀ ਵਿਕਰੀ ਵਿੱਚ ਕਾਫ਼ੀ ਗਿਰਾਵਟ ਆਈ ਹੈ, ਜਿਸ ਨਾਲ ਮਾਰਕੀਟ ਮੰਦੀ ਦਾ ਸਾਹਮਣਾ ਕਰ ਰਹੀ ਹੈ।

ਇਸ ਦੇ ਬਾਵਜੂਦ, ਉਨ੍ਹਾਂ ਵੱਲੋਂ ਇਹ ਵਿਸ਼ਵਾਸ ਦਿਵਾਇਆ ਕਿ ਜੀ.ਐਸ.ਟੀ. ਟੈਕਸ ਦਰਾਂ ਵਿੱਚ ਕਮੀ ਹੋਣ ਕਾਰਨ ਉਹ ਪਿਛਲੇ ਸਾਲ ਨਾਲ ਤੁਲਨਾ ਕਰਦੇ ਹੋਏ ਇਸ ਵਾਰ ਟੈਕਸ ਵਾਧਾ ਦਰਜ ਕਰਨਗੇ।

ਮੀਟਿੰਗ ਦੌਰਾਨ ਸਰਾਫਾ ਵਪਾਰੀਆਂ ਵੱਲੋਂ ਦੱਸਿਆ ਕਿ ਸੋਨੇ ਦੇ ਰੇਟ ਲਗਾਤਾਰ ਵੱਧ ਰਹੇ ਹਨ, ਜਿਸ ਕਰਕੇ ਮਾਰਕਿਟ ਵਿੱਚ ਮੰਦੀ ਹੈ। ਹਾਲਾਂਕਿ, ਉਨ੍ਹਾਂ ਵੱਲੋਂ ਵਿਸ਼ਵਾਸ ਦਵਾਇਆ ਕਿ ਆਉਣ ਵਾਲੇ ਵਿਆਹ-ਸ਼ਾਦੀ ਦੇ ਸੀਜ਼ਨ ਨਾਲ ਟੈਕਸ ਵਿੱਚ ਵਾਧਾ ਦਰਜ ਹੋਵੇਗਾ।

ਇਸ ਮੌਕੇ ਰਾਜ ਕਰ ਅਫਸਰ ਸ੍ਰੀ ਰਾਕੇਸ਼ ਕੁਮਾਰ ਗਰਗ, ਰਾਜ ਕਰ ਅਫਸਰ ਸ੍ਰੀ ਅਨਿਲ ਸੇਤਿਆ, ਸ੍ਰੀ ਗੌਰਵ ਮਿੱਤਲ ਅਤੇ ਐਸੋਸੀਏਸ਼ਨ ਵੱਲੋਂ ਕਾਸਮੈਟਿਕ ਐਸੋਸੀਏਸ਼ਨ ਦੇ ਪ੍ਰਧਾਨ ਗੋਸ਼ ਕੁਮਾਰ ਅਤੇ ਸਰਾਫਾ ਐਸੋਸੀਏਸ਼ਨ ਦੇ ਪ੍ਰਧਾਨ ਦਰਵਜੀਤ ਠਾਕੁਰ ਆਦਿ ਹਾਜ਼ਰ ਸਨ।

# ਸਿਵਲ ਸਰਜਨ ਫਾਜ਼ਿਲਕਾ ਵੱਲੋਂ ਵੱਖ ਵੱਖ ਪ੍ਰੋਗ੍ਰਾਮਾਂ ਸਬੰਧੀ ਜਿਲ੍ਹੇ ਦੀ ਸਮੂਹ ਮਾਸ ਮੀਡੀਆ ਵਿੰਗ ਦੀ ਕੀਤੀ ਮੀਟਿੰਗ



**ਫਾਜ਼ਿਲਕਾ,10 ਅਕਤੂਬਬ**
**-ਕੌਮੀ ਪੱਤ੍ਰਿਕਾ ਬਿਊਰੋ-**

ਡਾਕਟਰ ਰੋਹਿਤ ਗੋਇਲ ਸਿਵਲ ਸਰਜਨ ਫ਼ਾਜ਼ਿਲਕਾ ਦੀ ਨਿਗਰਾਨੀ, ਡਾਕਟਰ ਅਰਪਿਤ ਗੁਪਤਾ ਸਹਾਇਕ ਸਿਵਲ ਸਰਜਨ ਦੀ ਅਗਵਾਈ ਅਤੇ ਡਾਕਟਰ ਰਿੰਕੂ ਚਾਵਲਾ ਦੀ ਪ੍ਰਧਾਨਗੀ ਵਿੱਚ ਜਿਲ੍ਹੇ ਦੇ ਮਾਸ ਮੀਡੀਆ ਵਿੰਗ ਦੀ ਮਹੀਨਾਵਾਰ ਮੀਟਿਗ ਕੀਤੀ ਗਈ। ਇਸ ਸਮੇਂ ਪਲਸ ਪੋਲੀਓ ਮੁਹਿੰਮ, ਨਸ਼ਾ ਮੁਕਤੀ ਅਭਿਆਨ, ਡੇਂਗੂ ਮਲੇਰੀਆ ਅਤੇ ਹੋਰ ਸਿਹਤ ਪ੍ਰੋਗ੍ਰਾਮਾਂ ਸਬੰਧੀ ਵਿਚਾਰ ਵਿਟਾਂਦਰਾ ਕੀਤਾ ਗਿਆ। ਡਾਕਟਰ ਰੋਹਿਤ ਗੋਇਲ ਨੇ ਕਿਹਾ ਕਿ ਸਿਹਤ ਵਿਭਾਗ ਵੱਲੋਂ ਚੱਲ ਰਹੀਆਂ ਲੋਕ ਭਲਾਈ ਸਕੀਮਾਂ ਬਾਰੇ ਫੀਲਡ ਸਟਾਫ ਰਾਹੀਂ ਲੋਕਾਂ ਨੂੰ ਵੱਧ ਤੋਂ ਵੱਧ ਜਾਗਰੂਕ ਕੀਤਾ ਜਾਵੇ। ਇਸ ਦੇ ਨਾਲ ਹੀ ਸਿਹਤ ਦਿਵਸ ਅਤੇ ਪੰਦਰਵਾੜੇ ਪਿੰਡ ਪੱਧਰ 'ਤੇ ਮਨਾਏ ਜਾਣ ਤਾਂ ਜੋ ਲੋਕਾਂ ਤੱਕ ਇਸ ਦਾ ਲਾਭ ਪਹੁੰਚ ਸਕੇ ਡਾਕਟਰ ਰਿੰਕੂ ਚਾਵਲਾ ਨੇ ਕਿਹਾ ਕਿ 12 ਅਕਤੂਬਰ ਤੋਂ ਸ਼ੁਰੂ ਹੋ ਰਹੀ ਪਲਸ ਪੋਲੀਓ ਮੁਹਿੰਮ ਦੌਰਾਨ 0 ਤੋਂ 5 ਸਾਲ ਤੱਕ ਦੇ ਹਰੇਕ ਬੱਚੇ ਨੂੰ ਪੋਲੀਓ ਰੋਕੂ ਬੂੰਦਾਂ ਪਿਆਈਆਂ ਜਾਣ ਤਾਂ ਕਿ ਇਸ ਨਾਮੁਰਾਦ ਬਿਮਾਰੀ ਤੋਂ ਬਚਾਅ ਕੀਤਾ ਜਾ ਸਕੇ। ਉਹਨਾਂ ਨੇ ਕਿਹਾ ਕਿ ਇਸ ਮੁਹਿੰਮ ਸਬੰਧੀ ਬਲਾਕਾਂ ਤੇ ਮੁਕੰਮਲ ਇੰਤਜ਼ਾਮ ਕਰ ਲਏ ਜਾਣ। ਡਾਕਟਰ ਅਰਪਿਤ ਗੁਪਤਾ ਨੇ ਕਿਹਾ ਕਿ ਬਰਸਾਤ ਦੇ ਮੌਸਮ ਨੂੰ ਵੇਖਦਿਆਂ ਲੋਕਾਂ ਨੂੰ ਘਰਾਂ ਦੇ ਆਲੇ ਦੁਆਲੇ ਸਫ਼ਾਈ ਰੱਖਣ, ਸਾਫ਼ ਪਾਣੀ ਅਤੇ ਸਾਫ਼ ਸੰਤੁਲਿਤ ਭੋਜਨ ਖਾਣ ਲਈ ਜਾਗਰੂਕ ਕੀਤਾ ਜਾਵੇ।

ਡੇਂਗੂ ਅਤੇ ਮਲੇਰੀਆ ਵਿਰੋਧੀ ਅਤੇ ਜਾਗਰੂਕਤਾ ਗਤੀਵਿਧੀਆਂ ਵਿੱਚ ਤੇਜੀ ਲਿਆਂਦੀ ਜਾਵੇ। ਇਸ ਸਮੇਂ ਜ਼ਿਲ੍ਹਾ ਮਾਸ ਮੀਡੀਆ ਅਫਸਰ ਵਿਨੋਦ ਖੁਰਾਣਾ, ਡਿਪਟੀ ਮਾਸ ਮੀਡੀਆ ਅਫਸਰ ਮਨਬੀਰ ਸਿੰਘ, ਬੀ.ਈ.ਈ ਦਿਵੇਸ਼ ਕੁਮਾਰ, ਬੀ.ਈ.ਈ ਹਰਮੀਤ ਸਿੰਘ, ਸੁਸ਼ੀਲ ਕੁਮਾਰ, ਬੀ.ਸੀ.ਸੀ ਫੈਸੀਲਿਟੇਟਰ ਸੁਖਦੇਵ ਸਿੰਘ ਹਾਜ਼ਰ ਸਨ।

# ਵਿਧਾਇਕ ਫਾਜ਼ਿਲਕਾ ਨੇ 2 ਕਰੋੜ 40 ਲੱਖ ਤੋਂ ਵਧੇਰੇ ਦੀ ਲਾਗਤ ਨਾਲ ਪਿੰਡਾਂ ਦੀਆਂ ਵੱਖ-ਵੱਖ ਸੜਕਾਂ ਦਾ ਰੱਖਿਆ ਨੀਂਹ ਪੱਥਰ



**ਫਾਜ਼ਿਲਕਾ,10 ਅਕਤੂਬਬ**
**-ਕੌਮੀ ਪੱਤ੍ਰਿਕਾ ਬਿਊਰੋ-**

ਫਾਜ਼ਿਲਕਾ ਦੇ ਵਿਧਾਇਕ ਨਰਿੰਦਰ ਪਾਲ ਸਿੰਘ ਸਵਨਾ ਨੇ 2 ਕਰੋੜ 40 ਲੱਖ 20 ਹਜਾਰ ਦੀ ਲਾਗਤ ਨਾਲ ਪਿੰਡਾਂ ਦੀਆਂ ਵੱਖ-ਵੱਖ ਸੜਕਾਂ ਦਾ ਨੀਂਹ ਪੱਥਰ ਰੱਖਿਆ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲਗਾਤਾਰ ਪਿੰਡਾਂ ਦੇ ਵਿਕਾਸ ਲਈ ਪ੍ਰੋਜੈਕਟ ਉਲੀਕ ਰਹੀ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਦੀ ਸੜਕਾਂ ਤੇ ਫਿਰਨੀ ਦਾ ਸੁਧਾਰ ਕਰਨ ਲਈ ਪੰਜਾਬ ਸਰਕਾਰ ਵਚਨਬੱਧ ਹੈ।ਵਿਧਾਇਕ ਸ੍ਰੀ ਸਵਨਾ ਨੇ ਦੱਸਿਆ ਕਿ 1 ਕਰੋੜ 46 ਲੱਖ ਦੀ ਲਾਗਤ ਨਾਲ ਕਬੂਲਸ਼ਾਹ ਖੁਬਣ ਤੋਂ ਪਿੰਡ ਆਜਮ ਵਾਲਾ ਤੱਕ, 48 ਲੱਖ ਦੀ ਲਾਗਤ ਨਾਲ ਪਿੰਡ ਸਾਬੂਆਣਾ ਤੋਂ ਸਤੀਰਵਾਲਾ ਰੋੜ ਤੱਕ ਅਤੇ 37 ਲੱਖ ਨਾਲ ਪਿੰਡ ਸਾਬੂਆਣਾ ਵਿਖੇ ਪਿੰਡ ਦੀਆਂ ਅੰਦਰੂਨੀ ਸੜਕਾਂ ਦਾ ਨੀਹ ਪੱਥਰ ਰੱਖਿਆ। ਇਸ ਤੋਂ ਇਲਾਵਾ ਬਾਂਡੀਵਾਲਾ ਵਿਖੇ 9 ਲੱਖ ਤੋਂ ਵਧੇਰੇ ਦੀ ਲਾਗਤ ਨਾਲ ਪਿੰਡ ਦੀ ਫਿਰਨੀ ਬਣਾਈ ਜਾਵੇਗੀ। ਉਨ੍ਹਾਂ ਕਿਹਾ ਕਿ ਇਨ੍ਹਾਂ ਪਿੰਡਾਂ ਦੇ ਵਸਨੀਕਾਂ ਨੂੰ ਕਰੋੜ ਰੁਪਏ ਦੀ ਸੌਗਾਤ ਪੰਜਾਬ ਸਰਕਾਰ ਨੇ ਦਿੱਤੀ ਹੈ। ਉਨ੍ਹਾਂ ਕਿਹਾ ਕਿ ਇਹ ਸੜਕਾਂ ਜਲਦ ਤਿਆਰ ਹੋ ਜਾਣਗੀਆਂ ਤੇ ਲੋਕ ਸਮਰਪਿਤ ਕੀਤੀਆਂ ਜਾਣਗੀਆਂ।

ਵਿਧਾਇਕ ਨਰਿੰਦਰ ਪਾਲ ਸਿੰਘ ਸਵਨਾ ਨੇ ਆਖਿਆ ਕਿ ਪੰਜਾਬ ਸਰਕਾਰ ਵੱਲੋਂ ਸ਼ਹਿਰਾਂ ਅਤੇ ਪਿੰਡਾਂ ਵਿੱਚ ਬਰਾਬਰ ਤਰਜੀਹੀ ਅਧਾਰ ਤੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਉਹਨਾਂ ਨੇ ਆਖਿਆ ਕਿ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਬਿਹਤਰ ਤਰੀਕੇ ਨਾਲ ਮਿਲਣ ਇਸ ਲਈ ਪੰਜਾਬ ਸਰਕਾਰ ਦ੍ਰਿੜ ਸੰਕਲਪਿਤ ਹੈ।

ਇਸ ਮੌਕੇ ਰਵਿੰਦਰ ਪਾਲ ਸਿੰਘ ਸਰਪੰਚ ਪਿੰਡ ਬਾਡੀਵਾਲਾ, ਸਾਬੂਆਣਾ ਅਸ਼ਵਣੀ ਕੁਮਾਰ, ਸਰਪੰਚ ਸੰਜੇ ਧਾਮੂ, ਸੁਰਜੀਤ ਸਿੰਘ, ਪੰਜਾਇਤ ਮੈਂਬਰ ਕਾਕਾ ਸਿੰਘ,ਪਿੰਡ ਕਬੂਲਸ਼ਾਹ ਤੋਂ ਪਰਮਵੀਰ ਸਿੰਘ ਬਲਾਕ ਪ੍ਰਧਾਨ, ਕ੍ਰਿਸ਼ਣ ਬੇਨੀ ਵਾਲਾ ਬਲਾਕ ਪ੍ਰਧਾਨ, ਵੀਰ ਸਿੰਘ ਸਾਬਕਾ ਸਰਪੰਚ, ਅਰਵਿੰਦ ਯੂਥ ਪ੍ਰਧਾਨ ਫਾਜਿਲਕਾ ਖਜਾਨ ਸਿੰਘ ਪਟਵਾਰੀ,ਸਰਪੰਚ ਗੁਰਮੀਤ ਸਿੰਘ ਬਾਧਾ ਤੋਂ ਇਲਾਵਾ ਬੀਡੀਪੀਓ ਲਾਲ ਸਿੰਘ ਫਾਜਿਲਕਾ, ਨਪਿੰਦਰ ਸਿੰਘ ਐਸਡੀਓ ਮੰਡੀ ਬੋਰਡ ਵੀ ਹਾਜਰ ਸਨ।

# ਖ਼ਰਾਬ ਮੌਸਮ 'ਚ ਵੀ ਮਾਲੇਰਕੋਟਲਾ ਪ੍ਰਸ਼ਾਸਨ ਦਾ ਕਿਸਾਨਾਂ ਪ੍ਰਤੀ ਫ਼ਰਜ਼ਮੰਦ ਰੁਖ

**ਮਲੇਰਕੋਟਲਾ, 10 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਖ਼ਰਾਬ ਮੌਸਮ ਵਿੱਚ ਵੀ ਮਾਲੇਰਕੋਟਲਾ ਪ੍ਰਸ਼ਾਸਨ ਦਾ ਕਿਸਾਨਾਂ ਪ੍ਰਤੀ ਫ਼ਰਜ਼ਮੰਦ ਰੁਖ ਅਖਤਿਆਰ ਕਰਦਿਆਂ ਡਿਪਟੀ ਕਮਿਸ਼ਨਰ ਵਿਰਾਜ ਐਸ.ਤਿੜਕੇ ਵਲੋਂ ਖਰੀਦ ਪ੍ਰੀਕ੍ਰਿਆਂ ਵਿੱਚ ਲੱਗੀਆਂ ਵੱਖ ਵੱਖ ਖਰੀਦ ਏਜੰਸੀਆਂ ਨਾਲ ਵਰਚੂਅਲ ਮੀਟਿੰਗ ਕਰਕੇ ਕੀਤੇ ਗਏ ਖਰੀਦ ਪ੍ਰਬੰਧਾ ਅਤੇ ਪ੍ਰੀਕ੍ਰਿਆਂ ਦਾ ਜਾਇਜਾ ਲਿਆ ਤਾਂ ਜੋ ਬੇਮੌਸਮੀ ਬਰਸਾਤ ਨਾਲ ਮੰਡੀਆਂ ਵਿੱਚ ਪਈ ਜਿਨਸ ਨੂੰ ਗਿੱਲੀ ਅਤੇ ਖ਼ਰਾਬ ਹੋਣ ਤੋਂ ਮੁਸਤੈਦੀ ਨਾਲ ਬਚਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਖ਼ਰੀਦ ਸੀਜ਼ਨ ਨੂੰ ਨਿਰਵਿਘਨ ਤੇ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਵਚਨਬੱਧ ਹੈ। ਸਮੁੱਚੇ ਖ਼ਰੀਦ ਕਾਰਜਾਂ ਦੌਰਾਨ ਕਿਸਾਨਾਂ ਦੀ ਸਹੂਲਤ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਫ਼ਸਲ ਨੂੰ ਢਕਣ ਲਈ ਤਰਪਾਲਾਂ ਤੋਂ ਇਲਾਵਾ, ਜੇਕਰ ਕਿਤੇ ਪਾਣੀ ਜਮ੍ਹਾ ਹੁੰਦਾ ਹੈ ਤਾਂ ਉਸ ਦੀ ਨਿਕਾਸੀ ਦਾ ਢੁੱਕਵਾਂ ਇੰਤਜ਼ਾਮ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਇਸ ਕੰਮ ਵਿੱਚ ਕਿਸੇ ਕਿਸਮ ਦੀ ਲਾਪ੍ਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਬਾਰਿਸ਼ ਕਾਰਨ ਕਿਸਾਨਾਂ ਨੂੰ ਕੋਈ ਮੁਸ਼ਕਲ ਪੇਸ਼ ਨਾ ਆਵੇ, ਇਸ ਦੇ ਲਈ ਲੋੜੀਂਦੇ ਬੰਦੋਬਸਤ ਯਕੀਨੀ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਬੰਧਤ ਅਧਿਕਾਰੀਆਂ ਨੂੰ ਪਹਿਲਾਂ ਹੀ ਹਦਾਇਤਾਂ ਜਾਰੀ ਕੀਤੀਆਂ ਜਾ ਚੁੱਕੀਆਂ ਹਨ।

ਜ਼ਿਲ੍ਹਾ ਮੰਡੀ ਅਫ਼ਸਰ ਜਸਪਾਲ ਸਿੰਘ ਨੇ ਡਿਪਟੀ ਕਮਿਸ਼ਨਰ ਵਿਰਾਜ ਐਸ.ਤਿੜਕੇ ਨੂੰ ਅਵਗਤ ਕਰਵਾਇਆ ਕਿ ਖ਼ਰਾਬ ਮੌਸਮ ਦੇ ਚਲਦਿਆਂ ਜ਼ਿਲ੍ਹੇ ਦੀਆਂ ਸਮੂਹ ਅਨਾਜ ਮੰਡੀਆਂ ਵਿੱਚ ਲੋੜੀਂਦੀ ਮਾਤਰਾ ਵਿੱਚ ਤਰਪਾਲਾਂ ਉਪਲਬਧ ਕਰਵਾਈਆਂ ਗਈਆਂ ਅਤੇ ਮੰਡੀ ਬੋਰਡ ਤੇ ਏਜੰਸੀਆਂ ਦੇ ਸਟਾਫ਼ ਵੱਲੋਂ ਕਿਸੇ ਵੀ ਤਰ੍ਹਾਂ ਦੇ ਨੁਕਸਾਨ ਤੋਂ ਬਚਾਅ ਲਈ ਝੋਨੇ ਦੇ ਸਾਰੇ ਢੇਰਾਂ ਅਤੇ ਫ਼ਸਲ ਦੀਆਂ ਖ਼ਰੀਦੀਆਂ ਹੋਈਆਂ ਬੋਰੀਆਂ ਨੂੰ ਢਕਿਆ ਜਾ ਸਕੇ ਅਤੇ ਬੇਮੌਸਮੀ ਬਾਰਸ਼ ਕਾਰਨ ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ, ਇਸ ਲਈ ਸਮੁੱਚੇ ਸਟਾਫ਼ ਦੀਆਂ ਡਿਊਟੀਆਂ ਪਹਿਲਾ ਹੀ ਨਿਸ਼ਚਿਤ ਕਰ ਦਿੱਤੀਆਂ ਗਈਆਂ ਹਨ।

ਉਨ੍ਹਾਂ ਦੱਸਿਆ ਕਿ 05 ਅਕਤੂਬਰ 2025 ਤੱਕ 1440 ਮੀਟ੍ਰਿਕ ਟਨ ਕਣਕ ਮੰਡੀਆਂ 'ਚ ਆਮਦ ਹੋਈ ਹੈ ਜਿਸ ਵਿੱਚੋਂ ਵੱਖ ਵੱਖ ਖ਼ਰੀਦ ਏਜੰਸੀਆਂ ਵੱਲੋਂ 1387 ਮੀਟ੍ਰਿਕ ਟਨ ਕਣਕ ਦੀ ਖ਼ਰੀਦ ਕੀਤੀ ਜਾ ਚੁੱਕੀ ਹੈ। ਜ਼ਿਲ੍ਹੇ ਵਿੱਚ ਹੁਣ ਤੱਕ ਪਨਗ੍ਰੇਨ ਵੱਲੋਂ 510 ਮੀਟ੍ਰਿਕ ਟਨ, ਮਾਰਕਫੈੱਡ ਵੱਲੋਂ 215 ਮੀਟ੍ਰਿਕ ਟਨ, ਪਨਸਪ ਵੱਲੋਂ 280 ਮੀਟ੍ਰਿਕ ਟਨ, ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਵੱਲੋਂ 326 ਮੀਟ੍ਰਿਕ ਟਨ ਅਤੇ ਵਪਾਰੀਆਂ ਵੱਲੋਂ 56 ਮੀਟ੍ਰਿਕ ਟਨ ਝੋਨੇ ਦੀ ਖ਼ਰੀਦ ਕਰ ਲਈ ਗਈ ਹੈ। ਉਨ੍ਹਾਂ ਕਿਹਾ ਕਿ ਜਿੱਥੇ ਸਰਕਾਰੀ ਹਦਾਇਤਾਂ ਅਨੁਸਾਰ ਲਿਫ਼ਟਿੰਗ ਦਾ ਕੰਮ ਸ਼ੁਰੂ ਹੋ ਚੁੱਕਾ ਹੈ ਅਤੇ ਹੁਣ ਤੱਕ 391.64 ਮੀਟ੍ਰਿਕ ਟਨ ਦੀ ਲਿਫਟਿੰਗ ਹੋ ਚੁੱਕੀ ਹੈ ਉੱਥੇ ਕਰੀਬ 1 ਕਰੋੜ 71 ਲੱਖ ਰੁਪਏ ਦੀ ਅਦਾਇਗੀ ਵੀ ਕੀਤੀ ਜਾ ਚੁੱਕੀ ਹੈ।ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਉਚਿੱਤ ਮਾਤਰਾ ਵਿੱਚ ਬਾਰਦਾਨਾ ਉਪਲਬਧ ਹੈ।

# ਏਅਰ ਇੰਡੀਆ ਐਕਸਪ੍ਰੈਸ ਵੱਲੋਂ ਸੱਤ ਨਵੇਂ ਰੂਟਾਂ ਲਈ ਉਡਾਣਾਂ ਦੀ ਜਲਦ ਸ਼ੁਰੂਆਤ

**ਨਵੀਂ ਦਿੱਲੀ, 10 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਯਾਤਰੀਆਂ ਨੂੰ ਵਧੇਰੇ ਵਿਕਲਪ ਪੇਸ਼ ਕਰਦਿਆਂ ਏਅਰ ਇੰਡੀਆ ਐਕਸਪ੍ਰੈਸ ਨੇ ਅਕਤੂਬਰ ਦੇ ਅਖੀਰ ਤੋਂ ਦਿੱਲੀ ਅਤੇ ਅੰਮ੍ਰਿਤਸਰ ਸਮੇਤ ਸੱਤ ਨਵੇਂ ਰੂਟਾਂ ਲਈ ਸਿੱਧੀਆਂ ਉਡਾਣਾਂ ਸ਼ੁਰੂ ਕਰਨ ਦਾ ਐਲਾਨ ਕੀਤਾ ਹੈ। ਇੱਕ ਏਅਰਲਾਈਨ ਅਧਿਕਾਰੀ ਨੇ ਸੋਮਵਾਰ ਨੂੰ ਇਹ ਜਾਣਕਾਰੀ ਸਾਂਝੀ ਕੀਤੀ।

ਨਵੀਆਂ ਸੇਵਾਵਾਂ ਰਾਜਧਾਨੀ ਨੂੰ 26 ਅਕਤੂਬਰ ਤੋਂ ਗੋਆ (ਡਾਬੋਲਿਮ), ਇੰਫਾਲ, ਲਖਨਊ ਅਤੇ ਸ਼੍ਰੀ ਵਿਜੇ ਪੁਰਮ (ਪੋਰਟ ਬਲੇਅਰ) ਨਾਲ ਜੋੜਨਗੀਆਂ, ਜਿਸ ਤੋਂ ਬਾਅਦ 28 ਅਕਤੂਬਰ ਤੋਂ ਅੰਮ੍ਰਿਤਸਰ ਅਤੇ 1 ਨਵੰਬਰ ਤੋਂ ਜੋਧਪੁਰ ਅਤੇ ਉਦੈਪੁਰ ਨਾਲ ਜੋੜਿਆ ਜਾਵੇਗਾ।

ਏਅਰਲਾਈਨ ਨੇ ਕਿਹਾ ਕਿ ਇਹ ਨਵੇਂ ਰੂਟ ਦੇਸ਼ ਭਰ ਦੇ ਸੱਭਿਆਚਾਰਕ ਅਤੇ ਆਰਥਿਕ ਤੌਰ 'ਤੇ ਮਹੱਤਵਪੂਰਨ ਸ਼ਹਿਰਾਂ ਅਤੇ ਦਿੱਲੀ ਵਿਚਕਾਰ ਸੰਪਰਕ ਨੂੰ ਮਹੱਤਵਪੂਰਨ ਤੌਰ 'ਤੇ ਵਧਾਉਣਗੇ।

26 ਅਕਤੂਬਰ ਤੋਂ ਪ੍ਰਭਾਵੀ ਨਵੇਂ ਸਮਾਂ-ਸੂਚੀ ਤਹਿਤ ਏਅਰ ਇੰਡੀਆ ਐਕਸਪ੍ਰੈਸ ਦਿੱਲੀ ਅਤੇ ਗੋਆ ਵਿਚਕਾਰ ਤਿੰਨ ਰੋਜ਼ਾਨਾ ਉਡਾਣਾਂ, ਇੰਫਾਲ ਅਤੇ ਪੋਰਟ ਬਲੇਅਰ ਲਈ ਰੋਜ਼ਾਨਾ ਉਡਾਣਾਂ ਅਤੇ ਲਖਨਊ ਅਤੇ ਸ਼੍ਰੀ ਵਿਜੇ ਪੁਰਮ ਲਈ ਵਾਧੂ ਸੇਵਾਵਾਂ ਦਾ ਸੰਚਾਲਨ ਕਰੇਗੀ। ਦਿੱਲੀ-ਅੰਮ੍ਰਿਤਸਰ ਰੂਟ 28 ਅਕਤੂਬਰ ਨੂੰ ਹਫ਼ਤੇ ਵਿੱਚ ਤਿੰਨ ਵਾਰ ਦੀਆਂ ਸੇਵਾਵਾਂ ਨਾਲ ਸ਼ੁਰੂ ਹੋਵੇਗਾ, ਜਦੋਂ ਕਿ ਜੋਧਪੁਰ ਅਤੇ ਉਦੈਪੁਰ ਲਈ ਰੋਜ਼ਾਨਾ ਉਡਾਣਾਂ 1 ਨਵੰਬਰ ਤੋਂ ਸ਼ੁਰੂ ਹੋਣਗੀਆਂ।

# ਕਿਸਾਨ ਪਰਾਲੀ ਸਾੜਣ ਦੀ ਥਾਂ, ਵਿਗਿਆਨਿਕ ਤਰੀਕਿਆਂ ਨਾਲ ਖੇਤਾਂ ਨੂੰ ਬਣਾਓ ਉਪਜਾਊ

**ਮਲੇਰਕੋਟਲਾ, 10 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਮਾਲੇਰਕੋਟਲਾ ਵਿਰਾਜ ਐਸ.ਤਿੜਕੇ ਦੇ ਦਿਸ਼ਾ ਨਿਰਦੇਸਾਂ ਤਹਿਤ ਮੁੱਖ ਖੇਤੀਬਾੜੀ ਅਧਿਕਾਰੀ ਧਰਮਿੰਦਰਜੀਤ ਸਿੰਘ ਦੀ ਅਗਵਾਈ ਅਧੀਨ ਬਲਾਕ ਅਹਿਮਦਗੜ੍ਹ ਦੇ ਵੱਖ-ਵੱਖ ਪਿੰਡਾਂ ਵਿੱਚ ਝੋਨੇ ਦੀ ਪਰਾਲੀ ਦੇ ਯੋਗ ਪ੍ਰਬੰਧਨ ਸਬੰਧੀ ਕਿਸਾਨ ਜਾਗਰੂਕਤਾ ਕੈਂਪਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਮੁਹਿੰਮ ਦੇ ਤਹਿਤ ਪਿੰਡ ਸੰਦੌੜ, ਮਾਣਕੀ, ਕਸਬਾ ਭਰਾਲ ਆਦਿ ਵਿੱਚ ਖੇਤੀਬਾੜੀ ਵਿਭਾਗ ਦੀਆਂ ਟੀਮਾਂ ਨੇ ਕਿਸਾਨਾਂ ਨਾਲ ਸਿੱਧੀ ਗੱਲਬਾਤ ਕੀਤੀ ਅਤੇ ਪਰਾਲੀ ਸਾੜਨ ਦੇ ਮਾੜੇ ਪ੍ਰਭਾਵਾਂ ਨਾਲ ਨਾਲ ਵਿਗਿਆਨਿਕ ਤਰੀਕਿਆਂ ਨਾਲ ਇਸ ਦੇ ਪ੍ਰਬੰਧਨ ਬਾਰੇ ਜਾਣਕਾਰੀ ਸਾਂਝੀ ਕੀਤਵਿਭਾਗ ਦੇ ਬਲਾਕ ਟੈਕਨੋਲਾਜੀ ਮੈਨੇਜਰ ਮੁਹੰਮਦ ਜਮੀਲ ਨੇ ਕੈਂਪਾਂ ਦੌਰਾਨ ਕਿਸਾਨਾਂ ਨੂੰ ਸਮਝਾਇਆ ਕਿ ਪਰਾਲੀ ਨੂੰ ਖੇਤ ਵਿੱਚ ਮਿਲਾਉਣ ਨਾਲ ਮਿੱਟੀ ਦੀ ਗੁਣਵੱਤਾ ਵਿੱਚ ਸੁਧਾਰ ਹੁੰਦਾ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਮਿੱਟੀ ਵਿੱਚ ਜੈਵਿਕ ਕਾਰਬਨ ਦਾ ਵਾਧਾ ਹੁੰਦਾ ਹੈ, ਤੱਤਾਂ ਦੀ ਪੂਰਤੀ ਹੁੰਦੀ ਹੈ ਅਤੇ ਮਿੱਟੀ ਦੀ ਉਪਜਾਊ ਸਮਰੱਥਾ ਵਿੱਚ ਮਹੱਤਵਪੂਰਣ ਵਾਧਾ ਹੁੰਦਾ ਹੈ। ਇਹ ਪ੍ਰਕਿਰਿਆ ਮਿੱਟੀ ਨੂੰ ਜ਼ਿੰਦਾ ਅਤੇ ਖੇਤਾਂ ਨੂੰ ਹੋਰ ਉਤਪਾਦਕ ਬਣਾਉਂਦੀ ਹੈ।

ਇਸੇ ਤਰ੍ਹਾਂ ਟੈਕਨੋਲਾਜੀ ਮੈਨੇਜਰ ਮਨਦੀਪ ਸਿੰਘ ਚਹਿਲ ਨੇ ਮਿੱਟੀ ਦੀ ਜਾਂਚ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਸਾਨਾਂ ਨੂੰ ਮਿੱਟੀ ਦਾ ਸੈਂਪਲ ਲੈਣ ਦੀ ਵਿਧੀ ਦੱਸੀ ਅਤੇ ਕਿਹਾ ਕਿ ਮਿੱਟੀ ਟੈਸਟ ਨਾਲ ਖਾਦਾਂ ਦੀ ਸਹੀ ਮਾਤਰਾ ਨਿਰਧਾਰਤ ਕੀਤੀ ਜਾ ਸਕਦੀ ਹੈ, ਜਿਸ ਨਾਲ ਖਰਚੇ ਘਟਦੇ ਅਤੇ ਉਤਪਾਦਕਤਾ ਵਧਦੀ ਹੈ।ਉਨ੍ਹਾਂ ਇਹ ਵੀ ਦੱਸਿਆ ਕਿ ਪਰਾਲੀ ਨੂੰ ਅੱਗ ਲਗਾਉਣ ਨਾਲ ਵਾਤਾਵਰਣ ਵਿੱਚ ਜ਼ਹਿਰੀਲੇ ਗੈਸ ਨਿਕਲਦੇ ਹਨ, ਜੋ ਮਨੁੱਖੀ ਸਿਹਤ, ਪਸ਼ੂ-ਪੰਛੀਆਂ ਅਤੇ ਮਿੱਟੀ ਤਿੰਨਾਂ ਲਈ ਹਾਨੀਕਾਰਕ ਹਨ। ਇਸ ਲਈ ਹਰ ਕਿਸਾਨ ਦਾ ਫ਼ਰਜ਼ ਹੈ ਕਿ ਉਹ ਅੱਗ ਸਾੜਨ ਦੀ ਥਾਂ ਆਧੁਨਿਕ ਤਕਨੀਕਾਂ ਵਰਤੇ, ਜਿਵੇਂ ਕਿ ਮਲਚਰ, ਹੈਪੀ ਸੀਡਰ, ਸੁਪਰ ਐਸ.ਐਮ.ਐਸ. ਆਦਿ।ਖੇਤੀਬਾੜੀ ਵਿਭਾਗ ਵੱਲੋਂ ਇਹ ਵੀ ਅਪੀਲ ਕੀਤੀ ਗਈ ਕਿ ਸਾਰੇ ਕਿਸਾਨ ਸਬਸਿਡੀ 'ਤੇ ਉਪਲਬਧ ਮਸ਼ੀਨਾਂ ਦੀ ਵਰਤੋਂ ਕਰਕੇ ਪਰਾਲੀ ਦਾ ਯੋਗ ਪ੍ਰਬੰਧਨ ਕਰਨ ਅਤੇ ਹਰੇ-ਭਰੇ, ਪ੍ਰਦੂਸ਼ਣ ਰਹਿਤ ਪੰਜਾਬ ਦੀ ਨਿਰਮਾਣ ਯਾਤਰਾ ਵਿੱਚ ਸਹਿਭਾਗੀ ਬਣਨ।

# ਕੈਬਨਿਟ ਮੰਤਰੀ ਹਰਪਾਲ ਚੀਮਾ ਵੱਲੋਂ ਭਗਵਾਨ ਵਾਲਮੀਕਿ ਜੀ ਦੀਆਂ ਸਿੱਖਿਆਵਾਂ 'ਤੇ ਚੱਲ ਕੇ ਭਾਈਚਾਰਕ ਸਾਂਝ ਦੀਆਂ ਤੰਦਾਂ ਨੂੰ ਹੋਰ ਮਜ਼ਬੂਤ ਕਰਨ ਦਾ ਸੱਦਾ

**ਜਲੰਧਰ, 10 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਵਿੱਤ, ਆਬਕਾਰੀ ਤੇ ਕਰ ਅਤੇ ਯੋਜਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਭਗਵਾਨ ਵਾਲਮੀਕਿ ਜੀ ਮਹਾਰਾਜ ਦੇ ਪ੍ਰਗਟ ਉਤਸਵ ਸਬੰਧੀ ਸਜਾਈ ਸ਼ੋਭਾ ਯਾਤਰਾ ਦੀ ਸ਼ੁਰੂਆਤ ਕਰਦਿਆਂ ਲੋਕਾਂ ਨੂੰ ਆਪਸੀ ਭਾਈਚਾਰਕ ਸਾਂਝ ਦੀ ਮਜ਼ਬੂਤੀ ਲਈ ਸਰਬ ਸਾਂਝੀਵਾਲਤਾ ਦਾ ਸੰਦੇਸ਼ ਦੇਣ ਵਾਲੇ ਭਗਵਾਨ ਵਾਲਮੀਕਿ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਨਾਉਣ ਦਾ ਸੱਦਾ ਦਿੱਤਾ।

ਲੋਕਾਂ ਨੂੰ ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਉਤਸਵ ਦੀ ਪੰਜਾਬ ਸਰਕਾਰ ਵੱਲੋਂ ਹਾਰਦਿਕ ਵਧਾਈ ਦਿੰਦਿਆਂ ਕੈਬਨਿਟ ਮੰਤਰੀ ਸ੍ਰੀ ਚੀਮਾ ਨੇ ਕਿਹਾ ਕਿ ਭਗਵਾਨ ਵਾਲਮੀਕਿ ਜੀ ਮਹਾਰਾਜ ਦੀਆਂ ਸਿੱਖਿਆਵਾਂ ਸਮਾਜ ਵਿੱਚ ਬਰਾਬਰਤਾ ਦੇ ਨਾਲ-ਨਾਲ ਨੈਤਿਕਤਾ 'ਤੇ ਜ਼ੋਰ ਦਿੰਦੀਆਂ ਹਨ, ਜੋ ਅਜੋਕੇ ਸਮੇਂ ਵਿੱਚ ਵੀ ਸਾਰਥਕ ਹਨ। ਉਨ੍ਹਾਂ ਕਿਹਾ ਕਿ ਸਾਨੂੰ ਭਗਵਾਨ ਵਾਲਮੀਕਿ ਜੀ ਦੀਆਂ ਸਿੱਖਿਆਵਾਂ ਤੋਂ ਸੇਧ ਲੈ ਕੇ ਆਦਰਸ਼ ਸਮਾਜ ਦੀ ਸਿਰਜਣਾ ਲਈ ਪੁਰਜ਼ੋਰ ਯਤਨ ਕਰਨੇ ਚਾਹੀਦੇ ਹਨ। ਇਸ ਮੌਕੇ ਵਿੱਤ ਮੰਤਰੀ ਵੱਲੋਂ ਸਿਟੀ ਵਾਲਮੀਕਿ ਸਭਾ ਨੂੰ 10 ਲੱਖ ਰੁਪਏ ਦੀ ਰਾਸ਼ੀ ਦੇਣ ਦਾ ਐਲਾਨ ਵੀ ਕੀਤਾ ਗਿਆ।

ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਡਾ. ਬੀ. ਆਰ. ਅੰਬੇਡਕਰ ਜੀ ਦੀ ਸੋਚ 'ਤੇ ਚੱਲਦਿਆਂ ਸਭ ਨੂੰ ਵਧ ਤੋਂ ਵੱਧ ਸਿੱਖਿਆ ਹਾਸਲ ਕਰਕੇ ਸੂਬੇ ਦੀ ਤਰੱਕੀ ਅਤੇ ਖੁਸ਼ਹਾਲੀ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਜਿਥੇ ਸਰਕਾਰੀ ਦਫ਼ਤਰਾਂ ਵਿੱਚ ਡਾ. ਬੀ. ਆਰ. ਅੰਬੇਡਕਰ ਅਤੇ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਦੀਆਂ ਤਸਵੀਰਾਂ ਲਗਾ ਕੇ ਨਵੀਂ ਪਹਿਲਕਦਮੀ ਕੀਤੀ ਗਈ ਹੈ, ਉਥੇ ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਗੁਰਵੱਤਾ ਭਰਪੂਰ ਸਿੱਖਿਆ 'ਤੇ ਜ਼ੋਰ ਦਿੱਤਾ ਜਾ ਰਿਹਾ ਹੈ। ਇਸ ਮੌਕੇ ਪੰਜਾਬ ਕੇਸਰੀ ਤੋਂ ਅਵਿਨਾਸ਼ ਚੋਪੜਾ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

ਪੰਜਾਬ ਦੇ ਖੁਰਾਕ, ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਸ਼ੋਭਾ ਯਾਤਰਾ ਵਿੱਚ ਸ਼ਿਰਕਤ ਕਰਦਿਆਂ ਕਿਹਾ ਕਿ ਭਗਵਾਨ ਵਾਲਮੀਕਿ ਜੀ ਮਹਾਰਾਜ ਦੀ ਮਹਾਨ ਰਚਨਾ 'ਰਾਮਾਇਣ' ਮਨੁੱਖੀ ਕਦਰਾਂ ਕੀਮਤਾਂ ਦੀ ਇਕ ਸਾਕਾਰ ਰਚਨਾ ਹੈ। ਉਨ੍ਹਾਂ ਕਿਹਾ ਕਿ ਇਹ ਮਹਾਨ ਮਹਾਂਕਾਵਿ ਸਦੀਆਂ ਤੋਂ ਲੋਕਾਂ ਨੂੰ ਜੀਵਨ ਜਾਚ ਸਿਖਾ ਰਿਹਾ ਹੈ ਅਤੇ ਰਹਿੰਦੀ ਦੁਨੀਆ ਤੱਕ ਲੋਕਾਈ ਨੂੰ ਸੱਚ ਦਾ ਰਾਹ ਦਿਖਾਉਂਦਾ ਰਹੇਗਾ। ਇਸ ਮੌਕੇ ਉਨ੍ਹਾਂ ਨੌਜਵਾਨਾਂ ਨੂੰ ਭਗਵਾਨ ਵਾਲਮੀਕਿ ਜੀ ਦੀਆਂ ਸਿੱਖਿਆਵਾਂ 'ਤੇ ਚੱਲ ਕੇ ਆਪਸੀ ਸਾਂਝ ਦੀਆਂ ਤੰਦਾਂ ਨੂੰ ਹੋਰ ਮਜ਼ਬੂਤ ਕਰਨ ਲਈ ਪ੍ਰੇਰਿਆ। ਇਸ ਮੌਕੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਵੱਲੋਂ ਆਪਣੇ ਅਖ਼ਤਿਆਰੀ ਫੰਡ ਵਿੱਚੋਂ ਸਿਟੀ ਵਾਲਮੀਕਿ ਸਭਾ ਨੂੰ 2 ਲੱਖ ਰੁਪਏ ਦੇਣ ਦਾ ਐਲਾਨ ਕੀਤਾ ਗਿਆ।

ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਸ਼ੋਭਾ ਯਾਤਰਾ ਵਿੱਚ ਸ਼ਾਮਲ ਹੁੰਦਿਆਂ ਸ਼ਰਧਾਲੂਆਂ ਨੂੰ ਭਗਵਾਨ ਵਾਲਮੀਕਿ ਜੀ ਮਹਾਰਾਜ ਦੇ ਪ੍ਰਗਟ ਉਤਸਵ ਦੀ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਭਗਵਾਨ ਵਾਲਮੀਕਿ ਜੀ ਦੀਆਂ ਸਿੱਖਿਆਵਾਂ ਵਿੱਚ ਬਰਾਬਰਤਾ ਦਾ ਉਪਦੇਸ਼ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਬਰਾਬਰੀ ਵਾਲੇ ਸਮਾਜ ਦੇ ਨਿਰਮਾਣ ਲਈ ਸਾਨੂੰ ਭਗਵਾਨ ਵਾਲਮੀਕਿ ਜੀ ਮਹਾਰਾਜ ਵੱਲੋਂ ਦਿਖਾਏ ਰਾਹ ਅਤੇ ਉਚ ਆਦਰਸ਼ਾਂ 'ਤੇ ਚੱਲਣ ਦੀ ਲੋੜ ਹੈ। ਇਸ ਮੌਕੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਆਪਣੇ ਅਖ਼ਤਿਆਰੀ ਫੰਡ 'ਚੋਂ ਸਿਟੀ ਵਾਲਮੀਕਿ ਸਭਾ ਨੂੰ 2.50 ਲੱਖ ਰੁਪਏ ਦੇਣ ਦਾ ਐਲਾਨ ਕੀਤਾ।

ਪੰਜਾਬ ਦੇ ਖਣਨ, ਭੂ-ਵਿਗਿਆਨ, ਭੂਮੀ ਤੇ ਜਲ ਸੰਭਾਲ ਅਤੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਵੀ ਸ਼ੋਭਾ ਯਾਤਰਾ ਵਿੱਚ ਸ਼ਿਰਕਤ ਕੀਤੀ ਗਈ। ਉਨ੍ਹਾਂ ਇਸ ਮੌਕੇ ਸ਼ਰਧਾਲੂਆਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਭਗਵਾਨ ਵਾਲਮੀਕਿ ਜੀ ਦੀਆਂ ਸਿੱਖਿਆਵਾਂ ਚਾਨਣ ਮੁਨਾਰੇ ਵਾਂਗ ਹਨ, ਜੋ ਸਦੀਆਂ ਤੋਂ ਸਮਾਜ ਨੂੰ ਸੇਧ ਦਿੰਦੀਆਂ ਆ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸਾਨੂੰ ਭਗਵਾਨ ਵਾਲਮੀਕਿ ਜੀ ਵੱਲੋਂ ਦਿੱਤੇ ਸਿਧਾਂਤਾਂ 'ਤੇ ਅਮਲ ਕਰਦੇ ਹੋਏ ਆਪਸੀ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨਾ ਚਾਹੀਦਾ ਹੈ। ਉਨ੍ਹਾਂ ਜਲੰਧਰ ਨੂੰ ਇਕ ਗੁਲਦਸਤਾ ਦੱਸਦਿਆਂ ਕਿਹਾ ਕਿ ਇਥੇ ਸਭ ਧਰਮਾਂ ਦਾ ਬਰਾਬਰ ਸਤਿਕਾਰ ਕੀਤਾ ਜਾਂਦਾ ਹੈ। ਇਸ ਮੌਕੇ ਸ੍ਰੀ ਗੋਇਲ ਨੇ ਸਿਟੀ ਵਾਲਮੀਕਿ ਸਭਾ ਨੂੰ ਆਪਣੇ ਅਖ਼ਤਿਆਰੀ ਫੰਡ 'ਚੋਂ 3 ਲੱਖ ਰੁਪਏ ਦੀ ਰਾਸ਼ੀ ਦੇਣ ਦਾ ਐਲਾਨ ਵੀ ਕੀਤਾ।

ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮਹਿੰਦਰ ਭਗਤ ਵੱਲੋਂ ਵੀ ਸ਼ੋਭਾ ਯਾਤਰਾ ਵਿੱਚ ਸ਼ਿਰਕਤ ਕੀਤੀ ਗਈ। ਇਸ ਮੌਕੇ ਆਪਣੇ ਸੰਬੋਧਨ ਦੌਰਾਨ ਕੈਬਨਿਟ ਮੰਤਰੀ ਨੇ ਕਿਹਾ ਕਿ ਭਗਵਾਨ ਵਾਲਮੀਕਿ ਜੀ ਦਾ ਸੰਦੇਸ਼ ਅੱਜ ਦੇ ਯੁੱਗ ਵਿੱਚ ਵੀ ਪ੍ਰਸੰਗਿਕ ਹੈ, ਜਿਸ 'ਤੇ ਅਮਲ ਕਰਕੇ ਸਮਾਜ ਵਿੱਚ ਬਰਾਬਰਤਾ ਲਿਆਂਦੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਪਵਿੱਤਰ ਮੌਕੇ ਸਾਨੂੰ ਭਗਵਾਨ ਵਾਲਮੀਕਿ ਜੀ ਵੱਲੋਂ ਦਰਸਾਏ ਨੈਤਿਕਤਾ, ਤਿਆਗ ਤੇ ਦੀਨ-ਦੁਖੀਆਂ ਦੀ ਸੇਵਾ ਦੇ ਰਸਤੇ ਨੂੰ ਅਪਣਾ ਕੇ ਬਿਹਤਰ ਸਮਾਜ ਦੀ ਸਿਰਜਣਾ ਦਾ ਪ੍ਰਣ ਕਰਨਾ ਚਾਹੀਦਾ ਹੈ। ਇਸ ਮੌਕੇ ਕੈਬਨਿਟ ਮੰਤਰੀ ਮਹਿੰਦਰ ਭਗਤ ਵੱਲੋਂ ਆਪਣੇ ਅਖ਼ਤਿਆਰੀ ਫੰਡ 'ਚੋਂ ਸਿਟੀ ਵਾਲਮੀਕਿ ਸਭਾ ਨੂੰ 5 ਲੱਖ ਰੁਪਏ ਦੀ ਰਾਸ਼ੀ ਦੇਣ ਦਾ ਐਲਾਨ ਕੀਤਾ ਗਿਆ।

ਇਸ ਮੌਕੇ ਪੰਜਾਬ ਰਾਜ ਸਫ਼ਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਚੰਦਨ ਗਰੇਵਾਲ, ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ, ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ, ਮੇਅਰ ਵਿਨੀਤ ਧੀਰ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਅੰਮ੍ਰਿਤਪਾਲ ਸਿੰਘ, ਇਮਪਰੂਵਮੈਂਟ ਟਰੱਸਟ ਜਲੰਧਰ ਦੇ ਚੇਅਰਮੈਨ ਰਮਨੀਕ ਸਿੰਘ ਰੰਧਾਵਾ, ਪੰਜਾਬ ਐਗਰੀ ਐਕਸਪੋਰਟ ਕਾਰਪੋਰੇਸ਼ਨ ਲਿਮਟਿਡ ਦੇ ਚੇਅਰਮੈਨ ਮੰਗਲ ਸਿੰਘ ਬੱਸੀ, ਪੰਜਾਬ ਖਾਦੀ ਬੋਰਡ ਦੇ ਵਾਇਸ ਚੇਅਰਮੈਨ ਪਵਨ ਹੰਸ, ਸੀਨੀਅਰ 'ਆਪ' ਆਗੂ ਨਿਤਿਨ ਕੋਹਲੀ, ਰਾਜਵਿੰਦਰ ਕੌਰ ਥਿਆੜਾ, ਦਿਨੇਸ਼ ਢੱਲ ਤੋਂ ਇਲਾਵਾ ਹੋਰ ਵੀ ਸ਼ਖ਼ਸੀਅਤਾਂ ਮੌਜੂਦ ਸਨ।



## ਬਾਬੈਨ ਵਿੱਚ ਵਿਸ਼ਾਲ ਦੰਗਲ ਕਰਵਾਇਆ



**ਸ਼ਾਹਬਾਦ ਮਾਰਕੰਡਾ, 10 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਖੇਡਾਂ ਨੂੰ ਉਤਸ਼ਾਹਿਤ ਕਰਨ ਅਤੇ ਕੁਸ਼ਤੀ ਦੀ ਰਵਾਇਤੀ ਕਲਾ ਨੂੰ ਜ਼ਿੰਦਾ ਰੱਖਣ ਲਈ ਪਹਿਲਵਾਨ ਸ਼ਿਆਮ ਸੁੰਦਰ ਦਾਸ ਦਸਿਹਰੇ ਮੌਕੇ ਬਾਬੈਨ ਵਿੱਚ ਇਕ ਵਿਸ਼ਾਲ ਕੁਸ਼ਤੀ ਮੁਕਾਬਲਾ ਕਰਾਇਆ, ਜਿਸ ਵਿੱਚ ਸੂਬੇ ਅਤੇ ਹੋਰ ਬਾਹਰੀ ਖੇਤਰਾਂ ਤੋਂ ਉੱਭਰਦੇ ਨੌਜਵਾਨ ਪਹਿਲਵਾਨਾਂ ਨੇ ਕੁਸ਼ਤੀ ਰਾਹੀਂ ਆਪਣੀ ਤਾਕਤ ਦਾ ਪ੍ਰਦਰਸ਼ਨ ਕੀਤਾ। ਇਸ ਮੁਕਾਬਲੇ ਵਿੱਚ ਹਰਿਆਣਾ, ਦਿੱਲੀ, ਪੰਜਾਬ, ਉੱਤਰ ਪ੍ਰਦੇਸ਼ ਅਤੇ ਰਾਜਸਥਾਨ ਦੇ ਪਹਿਲਵਾਨਾਂ ਨੇ ਆਪਣੀ ਤਾਕਤ ਦਾ ਪ੍ਰਦਰਸ਼ਨ ਕੀਤਾ।

ਕੁਸ਼ਤੀ ਮੁਕਾਬਲਿਆਂ ਦੇ ਉਦਘਾਟਨ ਸਮਾਜ ਸੇਵੀ ਸਾਹਿਬ ਸਿੰਘ ਠਾਕੁਰ ਖਰੀਂਡਵਾ ਨੇ ਬਤੌਰ ਮੁੱਖ ਮਹਿਮਾਨ ਕੀਤਾ। ਪ੍ਰੋਗਰਾਮ ਦੀ ਪ੍ਰਧਾਨਗੀ ਸੰਦੀਪ ਸਰੋਹਾ ਰਾਮ ਸਰਨ ਮਾਜਰਾ ਨੇ ਕੀਤੀ। ਸ਼ਾਹਬਾਦ ਦੇ ਵਿਧਾਇਕ ਰਾਮ ਕਰਨ ਕਾਲਾ ਨੇ ਵਿਸ਼ੇਸ਼ ਤੌਰ 'ਤੇ ਪਹਿਲਵਾਨਾਂ ਨੂੰ ਆਪਣਾ ਅਸ਼ੀਰਵਾਦ ਦਿੱਤਾ। ਮੁੱਖ ਮਹਿਮਾਨ ਸਾਹਿਬ ਸਿੰਘ ਨੇ ਕਿਹਾ ਕਿ ਕੁਸ਼ਤੀ ਸਿਰਫ਼ ਇਕ ਖੇਡ ਹੀ ਨਹੀਂ, ਸਗੋਂ ਸਾਡੇ ਸਭਿਆਚਾਰ ਅਤੇ ਪਰੰਪਰਾ ਦਾ ਇਕ ਅਟੁੱਟ ਅੰਗ ਹੈ। ਇਹ ਨੌਜਵਾਨਾਂ ਵਿੱਚ ਅਨੁਸ਼ਾਸਨ, ਸਖ਼ਤ ਮਿਹਨਤ ਭਾਈਚਾਰੇ ਅਤੇ ਨਸ਼ਾ ਮੁਕਤ ਜੀਵਨ ਦਾ ਸੰਦੇਸ਼ ਦਿੰਦੀ ਹੈ। ਉਨ੍ਹਾਂ ਕਿਹਾ ਕਿ ਸ਼ਿਆਮ ਸੁੰਦਰ ਦਾਸ ਜਿਹੇ ਲੋਕ ਵਿੱਚ ਹੋਣ ਵਾਲੇ ਕੁਸ਼ਤੀ ਮੁਕਾਬਲਿਆਂ ਦੀ ਪਰੰਪਰਾ ਨੂੰ ਜ਼ਿੰਦਾ ਰੱਖਣ ਲਈ ਵਡਮੁੱਲੇ ਯਤਨ ਕਰ ਰਹੇ ਹਨ ਤੇ ਇਸ ਸਬੰਧੀ ਇਲਾਕੇ ਦੇ ਭਾਈਚਾਰੇ ਨੂੰ ਵੀ ਯੋਗਦਾਨ ਪਾਉਣਾ ਚਾਹੀਦਾ ਹੈ। ਸਮਾਜ ਸੇਵੀ ਸੰਦੀਪ ਸਰੋਹਾ ਰਾਮ ਸਰਨ ਮਾਜਰਾ ਨੇ ਸ਼ਿਆਮ ਸੁੰਦਰ ਪਹਿਲਵਾਨ ਨੂੰ ਇਸ ਸਮਾਗਮ ਲਈ ਵਧਾਈ ਦਿੱਤੀ। ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਉਹ ਭਵਿੱਖ ਵਿੱਚ ਵੀ ਅਜਿਹੇ ਕੁਸ਼ਤੀ ਮੁਕਾਬਲੇ ਕਰਵਾਉਣਗੇ। ਉਨ੍ਹਾਂ ਕਿਹਾ ਕਿ ਪੇਂਡੂ ਖੇਤਰਾਂ ਵਿੱਚ ਹੋਰ ਅਜਿਹੇ ਮੁਕਾਬਲੇ ਕਰਵਾਏ ਜਾਣੇ ਚਾਹੀਦੇ ਹਨ। ਇਹ ਖੇਡ ਸਮਾਗਮ ਨਾ ਸਿਰਫ਼ ਨੌਜਵਾਨਾਂ ਨੂੰ ਆਪਣੀ ਕਲਾ ਦਿਖਾਉਣ ਦਾ ਮੌਕਾ ਪ੍ਰਦਾਨ ਕਰਦੇ ਹਨ, ਬਲਕਿ ਉਨ੍ਹਾਂ ਨੂੰ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਵੀ ਬਚਾਉਂਦੇ ਹਨ।

ਇਸ ਕੁਸ਼ਤੀ ਮੁਕਾਬਲੇ (ਦੰਗਲ) ਦੇ ਪ੍ਰਬੰਧਕ ਸ਼ਿਆਮ ਸੁੰਦਰ ਪਹਿਲਵਾਨ ਨੇ ਦੱਸਿਆ ਕਿ ਦੰਗਲ ਕਰਵਾਉਣ ਪਿੱਛੇ ਉਨ੍ਹਾਂ ਦਾ ਟੀਚਾ ਪੇਂਡੂ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨਾ ਅਤੇ ਉਨ੍ਹਾਂ ਨੂੰ ਨਸ਼ਿਆਂ ਵਰਗੀਆਂ ਬੁਰਾਈਆਂ ਤੋਂ ਦੂਰ ਰੱਖਣਾ ਹੈ। ਉਨ੍ਹਾਂ ਭਵਿੱਖ ਵਿੱਚ ਹੋਰ ਵੱਡੇ ਦੰਗਲ ਮੁਕਾਬਲੇ ਕਰਵਾਉਣ ਦਾ ਭਰੋਸਾ ਦਿੱਤਾ।

## ਨਿਗਮ ਦਫ਼ਤਰ ਰਿਕਾਰਡ ਲੈਣ ਪੁੱਜੀ ਵਿਜੀਲੈਂਸ

**ਰਤੀਆ, 10 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਪ੍ਰਧਾਨ ਮੰਤਰੀ ਆਵਾਸ ਯੋਜਨਾ ਤਹਿਤ ਲੋੜਵੰਦ ਲੋਕਾਂ ਨੂੰ ਵਰ੍ਹਾ 2021 ਵਿੱਚ ਦਿੱਤੀਆਂ ਗਈਆਂ ਰਿਹਾਇਸ਼ੀ ਗ੍ਰਾਂਟਾਂ ਵਿੱਚ ਭ੍ਰਿਸ਼ਟਾਚਾਰ ਦੇ ਦੋਸ਼ਾਂ ਤੋਂ ਬਾਅਦ, ਹਰਿਆਣਾ ਵਿਜੀਲੈਂਸ ਬਿਊਰੋ ਦੀ ਟੀਮ ਨਗਰ ਨਿਗਮ ਦਫ਼ਤਰ ਪੁੱਜੀ, ਤਾਂ ਜੋ ਮਾਮਲੇ ਦੀ ਜਾਂਚ ਕੀਤੀ ਜਾ ਸਕੇ ਅਤੇ ਨਗਰ ਨਿਗਮ ਦੇ ਕਰਮਚਾਰੀਆਂ ਤੋਂ ਰਿਕਾਰਡ ਪ੍ਰਾਪਤ ਕੀਤੇ ਜਾ ਸਕਣ।

ਅੱਜ ਦੀ ਕਾਰਵਾਈ ਵਿਜੀਲੈਂਸ ਅਧਿਕਾਰੀਆਂ ਸਤਿਆਵਾਨ, ਧਰੁਵ ਅਤੇ ਰਣਜੀਤ ਕਪੂਰ ਦੀ ਅਗਵਾਈ ਵਿੱਚ ਹੋਈ। ਰਿਪੋਰਟਾਂ ਅਨੁਸਾਰ ਪ੍ਰਧਾਨ ਮੰਤਰੀ ਆਵਾਸ ਯੋਜਨਾ ਤਹਿਤ ਲੋੜਵੰਦ ਲੋਕਾਂ ਨੂੰ ਦਿੱਤੀਆਂ ਜਾਣ ਵਾਲੀਆਂ ਗ੍ਰਾਂਟਾਂ ਲਈ 2021 ਵਿੱਚ ਨਗਰ ਨਿਗਮ ਦਫ਼ਤਰ ਵਿੱਚ ਲਗਭਗ 2.5 ਕਰੋੜ ਰੁਪਏ ਪ੍ਰਾਪਤ ਹੋਏ ਸਨ। ਨਗਰ ਨਿਗਮ ਅਧਿਕਾਰੀਆਂ ਨੇ ਫੰਡ ਲੋੜਵੰਦਾਂ ਦੇ ਖਾਤਿਆਂ ਵਿੱਚ ਜਮ੍ਹਾਂ ਕਰਵਾ ਦਿੱਤੇ। ਬਾਅਦ ਵਿੱਚ ਕੁਝ ਸੰਗਠਨਾਂ ਨੇ ਪ੍ਰਧਾਨ ਮੰਤਰੀ ਆਵਾਸ ਯੋਜਨਾ ਵਿੱਚ ਭਾਰੀ ਰਿਸ਼ਵਤਖੋਰੀ ਅਤੇ ਭ੍ਰਿਸ਼ਟਾਚਾਰ ਨੂੰ ਲੈ ਕੇ ਵਿਰੋਧ ਪ੍ਰਦਰਸ਼ਨ ਕੀਤੇ, ਅਤੇ ਵਿਜੀਲੈਂਸ ਜਾਂਚ ਲਈ ਹਰਿਆਣਾ ਸਰਕਾਰ ਨੂੰ ਸ਼ਿਕਾਇਤ ਵੀ ਸੌਂਪੀ ਗਈ। ਸ਼ਿਕਾਇਤਕਰਤਾਵਾਂ ਨੇ ਦੋਸ਼ ਲਗਾਇਆ ਸੀ ਕਿ ਕਰਮਚਾਰੀਆਂ ਨੇ ਪ੍ਰਧਾਨ ਮੰਤਰੀ ਆਵਾਸ ਯੋਜਨਾ ਤਹਿਤ ਲਾਭ ਦੇਣ ਲਈ ਪ੍ਰਤੀ ਵਿਅਕਤੀ 50,000 ਰੁਪਏ ਤੋਂ ਲੈ ਕੇ ਇੱਕ ਲੱਖ ਰੁਪਏ ਤੱਕ ਦੀ ਰਿਸ਼ਵਤ ਲਈ। ਇਸ ਮਾਮਲੇ ਵਿੱਚ ਵਿਜੀਲੈਂਸ ਵੱਲੋਂ ਜਾਂਚ ਸ਼ੁਰੂ ਕੀਤੀ ਗਈ ਸੀ। ਵਿਜੀਲੈਂਸ ਅਧਿਕਾਰੀਆਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਆਵਾਸ ਯੋਜਨਾ ਤਹਿਤ ਭ੍ਰਿਸ਼ਟਾਚਾਰ ਦੇ ਦੋਸ਼ਾਂ ਦੀ ਜਾਂਚ ਕੀਤੀ ਜਾ ਰਹੀ ਹੈ।

## ਕੁਸ਼ਤੀ ਵਿੱਚ ਆਪਣੀ ਤਾਕਤ ਦਿਖਾਉਂਦੇ ਹੋਏ ਪਹਿਲਵਾਨ

**ਫਰੀਦਾਬਾਦ, 10 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਰਾਮਗੜ੍ਹੀਆ ਸੁਸਾਇਟੀ ਜਵਾਹਰ ਕਲੋਨੀ ਫਰੀਦਾਬਾਦ ਵੱਲੋਂ ਅੰਮ੍ਰਿਤਸਰ ਵਿੱਚ ਹੜ੍ਹ ਪ੍ਰਭਾਵਿਤ ਲੋਕਾਂ ਦੀ ਵਿੱਤੀ ਸਹਾਇਤਾ ਕੀਤੀ ਗਈ। ਰਾਮਗੜ੍ਹੀਆ ਸੁਸਾਇਟੀ ਦੇ ਮੁੱਖ ਸਲਾਹਕਾਰ ਸੁਖਦੇਵ ਸਿੰਘ ਖ਼ਾਲਸਾ ਨੇ ਦੱਸਿਆ ਕਿ ਜਿੱਥੇ ਹੜ੍ਹਾਂ ਨੇ ਬਹੁਤ ਜ਼ਿਆਦਾ ਨੁਕਸਾਨ ਕੀਤਾ ਹੈ, ਉੱਥੇ ਸੁਸਾਇਟੀ ਦੀ



ਟੀਮ ਘੋਨੇਵਾਲ ਅੰਮ੍ਰਿਤਸਰ ਪਹੁੰਚੀ। ਗੁਰੂ ਕਾ ਬਾਗ ਦੇ ਲੋਕਾਂ ਨੇ ਟਰੈਕਟਰ ਤਾਇਨਾਤ ਕੀਤੇ ਹਨ ਜੋ ਜ਼ਮੀਨ ਨੂੰ ਪੱਧਰਾ ਕਰ ਰਹੇ ਹਨ। ਸੁਸਾਇਟੀ ਦੇ ਅਹੁਦੇਦਾਰਾਂ ਨੇ ਆਪਸੀ ਸਲਾਹ ਨਾਲ ਤਰਨ ਤਾਰਨ ਦੇ ਰਹਿਣ ਵਾਲੇ ਜਗਤਾਰ ਸਿੰਘ ਨੂੰ ਵਿੱਤੀ ਸਹਾਇਤਾ ਦਿੱਤੀ ਹੈ। ਸੁਖਦੇਵ ਸਿੰਘ ਨੇ ਦੱਸਿਆ ਕਿ ਪੰਜਾਬ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਖੇਤੀਬਾੜੀ ਜ਼ਮੀਨ ਵਿੱਚੋਂ ਰੇਤ ਨੂੰ ਹਟਾਉਣ ਦਾ ਕੰਮ ਬਹੁਤ ਵੱਡਾ ਹੈ।

## ਮੰਡੀਆਂ 'ਚ ਝੋਨੇ ਦੀ ਖਰੀਦ ਨਾ ਹੋਣ ਕਾਰਨ ਕਿਸਾਨ ਪ੍ਰੇਸ਼ਾਨ



**ਯਮੁਨਾਨਗਰ, 10 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਮੰਡੀਆਂ ਵਿੱਚ ਗੇਟ ਪਾਸ ਜਾਰੀ ਨਾ ਹੋਣ ਕਾਰਨ ਅਤੇ ਝੋਨੇ ਦੀ ਖਰੀਦ ਨਾ ਹੋਣ ਕਾਰਨ ਕਿਸਾਨਾਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਭਾਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੁਭਾਸ਼ ਗੁੱਜਰ ਨੇ ਕਿਹਾ ਕਿ ਕਿਸਾਨ ਪੋਰਟਲ ਦੀ ਤਸਦੀਕ ਨਾ ਹੋਣਾ ਇੱਕ ਵੱਡੀ ਸਮੱਸਿਆ ਹੈ, ਜਦੋਂ ਕਿਸਾਨ ਮਾਰਕੀਟ ਕਮੇਟੀ ਦਫ਼ਤਰ ਜਾਂਦੇ ਹਨ ਤਾਂ ਉਨ੍ਹਾਂ ਨੂੰ ਤਹਿਸੀਲ ਭੇਜ ਦਿੱਤਾ ਜਾਂਦਾ ਹੈ। ਸਰਕਾਰ ਨੇ ਕਿਸਾਨਾਂ ਨੂੰ ਪੋਰਟਲ ਵਿੱਚ ਹੀ ਉਲਝਾ ਦਿੱਤਾ ਹੈ, ਮੰਡੀਆਂ ਵਿੱਚ ਸਹੀ ਲਿਫਟਿੰਗ ਨਾ ਹੋਣ ਕਾਰਨ ਮੰਡੀਆਂ ਝੋਨੇ ਨਾਲ ਭਰੀਆਂ ਪਈਆਂ ਹਨ, ਜਿਸ ਦੇ ਚੱਲਦਿਆਂ ਸ਼ੈਲਰ ਮਾਲਕਾਂ, ਸਰਕਾਰ ਅਤੇ ਕੁਝ ਵੱਡੇ ਵਪਾਰੀਆਂ ਅਤੇ ਕਮਿਸ਼ਨ ਏਜੰਟਾਂ ਵੱਲੋਂ ਕਿਸਾਨਾਂ ਨੂੰ ਲੁੱਟਿਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਜਗਾਧਰੀ ਮੰਡੀ ਵਿੱਚ ਸ਼ੈਲਰ ਮਾਲਕ 17 ਫੀਸਦ ਨਮੀ ਤੋਂ ਉੱਪਰ 20 ਫੀਸਦ ਤੱਕ 25 ਰੁਪਏ ਦੀ ਕਟੌਤੀ ਕਰ ਰਹੇ ਹਨ, ਉਹ 21ਵੇਂ ਬਿੰਦੂ 'ਤੇ 45 ਰੁਪਏ ਅਤੇ 22ਵੇਂ ਬਿੰਦੂ 'ਤੇ 50 ਰੁਪਏ ਦੀ ਕਟੌਤੀ ਕਰ ਕੇ ਕਿਸਾਨਾਂ ਨੂੰ ਲੁੱਟ ਰਹੇ ਹਨ। ਉਨ੍ਹਾਂ ਕਿਹਾ ਕਿ ਜਦੋਂ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਪ੍ਰਤੀ ਬਿੰਦੂ ਕਟੌਤੀ ਸਿਰਫ਼ 25 ਰੁਪਏ ਹੈ, ਤਾਂ ਜਗਾਧਰੀ ਮੰਡੀ ਵਿੱਚ ਕਿਸਾਨਾਂ ਨੂੰ ਕਿਉਂ ਲੁੱਟਿਆ ਜਾ ਰਿਹਾ ਹੈ। ਇਹ ਗੱਲ ਬਿਲਕੁਲ ਵੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪ੍ਰਤੇ ਦੇਸ਼ ਵਿੱਚ ਬਰਾਬਰ ਕੰਪਿਊਟਰ ਤੋਲਣ ਵਾਲੇ ਪੈਮਾਨਿਆਂ 'ਤੇ ਆਧਾਰਿਤ ਹੈ।

ਜੇਕਰ ਕਿਸਾਨ ਸਾਮਾਨ ਖਰੀਦਣ ਲਈ ਮੰਡੀ ਜਾਂਦੇ ਹਨ, ਤਾਂ ਉਨ੍ਹਾਂ ਨੂੰ ਕੰਪਿਊਟਰ ਤੋਲਣ ਵਾਲੇ ਪੈਮਾਨਿਆਂ 'ਤੇ ਤੋਲਣ ਤੋਂ ਬਾਅਦ ਸਾਮਾਨ ਦਿੱਤਾ ਜਾਂਦਾ ਹੈ। ਜਦੋਂ ਸਰਕਾਰ ਨੇ ਮੰਡੀਆਂ ਵਿੱਚ ਕਿਸਾਨਾਂ ਦੀ ਫ਼ਸਲ ਕੰਪਿਊਟਰ ਰਾਹੀਂ ਤੋਲਣ ਦਾ ਹੁਕਮ ਦਿੱਤਾ ਹੈ, ਤਾਂ ਕੁਝ ਕਮਿਸ਼ਨ ਏਜੰਟ ਕਿਉਂ ਬੇਚੈਨੀ ਮਹਿਸੂਸ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿੱਚ 6 ਅਕਤੂਬਰ ਨੂੰ ਸੂਬਾ ਪ੍ਰਧਾਨ ਰਤਨਮਾਨ, ਡਿਪਟੀ ਕਮਿਸ਼ਨਰ ਯਮੁਨਾਨਗਰ ਨੂੰ ਮਿਲਣਗੇ। ਉਨ੍ਹਾਂ ਸਾਰੇ ਕਿਸਾਨਾਂ ਅਤੇ ਮਜ਼ਦੂਰਾਂ ਨੂੰ 6 ਅਕਤੂਬਰ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਜਗਾਧਰੀ ਡੀ ਸੀ ਦਫ਼ਤਰ ਦੇ ਗੇਟ 'ਤੇ ਪਹੁੰਚਣ ਦੀ ਅਪੀਲ ਕੀਤੀ।

## ਝਾੜ ਸਾਹਿਬ ਕਾਲਜ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ

**ਮਾਛੀਵਾੜਾ ਸਾਹਿਬ, 10 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਆਪਣੀਆਂ ਵਿੱਦਿਅਕ ਸੰਸਥਾਵਾਂ ਦੇ ਵਿਦਿਆਰਥੀਆਂ ਨੂੰ ਸਿੱਖ ਇਤਿਹਾਸ ਤੋਂ ਜਾਣੂ ਕਰਵਾਉਣ ਲਈ ਸਮੇਂ-ਸਮੇਂ ਤੇ ਵੱਖ-ਵੱਖ ਪ੍ਰੋਗਰਾਮ ਉਲੀਕੇ ਜਾਂਦੇ ਹਨ, ਇਸ ਉਦੇਸ਼ ਤਹਿਤ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਸੁਖਮਿੰਦਰ ਸਿੰਘ ਸਕੱਤਰ ਵਿਦਿਆ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਫਾਰ ਵਿਮੈਨ ਝਾੜ ਸਾਹਿਬ (ਲੁਧਿ) ਦੇ ਸਮੂਹ ਸਟਾਫ, ਲੋਕਲ ਮੈਨੇਜਿੰਗ ਕਮੇਟੀ ਅਤੇ ਵਿਦਿਆਰਥਣਾਂ ਵੱਲੋਂ ਪ੍ਰਿੰਸੀਪਲ ਡਾ. ਰਜਿੰਦਰ ਕੌਰ ਅਤੇ ਬੀਬੀ ਬਲਜਿੰਦਰ ਕੌਰ ਧਾਰਮਿਕ ਅਧਿਆਪਕ ਦੀ ਰਹਿਨੁਮਾਈ ਹੇਠ ਸ੍ਰੀ ਗੁਰੂ ਤੇਗ ਬਹਾਦਰ ਜੀ, ਭਾਈ ਦਿਆਲਾ ਜੀ, ਭਾਈ ਸਤੀ ਦਾਸ ਜੀ ਤੇ ਮਤੀ ਦਾਸ ਜੀ ਦੇ 350 ਸਾਲਾ ਸ਼ਹੀਦੀ ਦਿਵਸ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਗੁਰਿਆਈ ਦਿਵਸ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਵਿਦਿਆਰਥਣਾਂ ਅਤੇ ਸਟਾਫ ਵੱਲੋਂ ਮਿਲ ਕੇ ਸ਼ਤਾਬਦੀਆਂ ਨੂੰ ਸਮਰਪਿਤ ਕੁੱਲ ਓਨ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਪਾਏ ਗਏ। ਭਾਈ ਸੁਖਵੰਤਜੀਤ ਸਿੰਘ, ਹਜ਼ੂਰੀ ਰਾਗੀ ਜਥਾ ਸੱਚਖੰਡ ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਅਤੇ ਭਾਈ ਦਿਲਬਰ ਸਿੰਘ, ਹਜ਼ੂਰੀ ਰਾਗੀ ਜਥਾ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਵੱਲੋਂ ਇਲਾਹੀ ਬਾਣੀ ਦੇ ਕੀਰਤਨ ਕਰਕੇ ਸੰਗਤ ਨੂੰ ਨਿਹਾਲ ਕੀਤਾ ਗਿਆ। ਉਪਰੰਤ ਕਾਲਜ ਦੇ ਸੰਗੀਤ ਵਿਭਾਗ ਦੇ ਮੁਖੀ ਡਾ.ਅਮਨਪ੍ਰੀਤ ਕੌਰ ਕੰਗ ਅਤੇ ਵਿਦਿਆਰਥਣਾਂ ਵੱਲੋਂ ਇਲਾਹੀ ਬਾਣੀ ਦੇ ਕੀਰਤਨ ਕੀਤੇ ਗਏ। ਇਸ ਮੌਕੇ ਆਲੇ-ਦੁਆਲੇ ਦੇ ਪਿੰਡਾਂ ਦੀਆਂ ਸੰਗਤਾਂ ਗੁਰਮਤਿ ਸਮਾਗਮ ਵਿੱਚ ਹੁੰਮ ਹੁੰਮਾ ਕੇ ਪਹੁੰਚੀਆਂ। ਪ੍ਰਧਾਨ ਸਾਹਿਬ ਨੇ ਆਪਣੇ ਸੰਬੋਧਨ ਵਿਚ ਸੰਗਤਾਂ ਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਬਾਣੀ ਵਿੱਚੋਂ ਉਪਦੇਸ਼ ਦ੍ਰਿੜ ਕਰਵਾਉਂਦਿਆਂ ਕਿਹਾ ਕਿ ਅਸੀਂ ਗੁਰੂ ਸਾਹਿਬ ਦੀਆਂ ਬਖਸ਼ਿਸ਼ਾਂ ਤਾਂ ਹੀ ਪ੍ਰਾਪਤ ਕਰ ਸਕਦੇ ਹਾਂ ਜੇਕਰ ਉਨ੍ਹਾਂ ਦੁਆਰਾ ਬਾਣੀ ਰਾਹੀਂ ਦ੍ਰਿੜ ਕਰਵਾਏ ਉਪਦੇਸ਼ਾਂ ਅਨੁਸਾਰ ਜੀਵਨ ਜਾਚ ਨੂੰ ਅਪਣਾਈਏ। ਉਨ੍ਹਾਂ ਨੇ ਨਵੰਬਰ ਮਹੀਨੇ



ਵਿਚ ਗੁਰਦੁਆਰਾ ਸੀਸ ਗੰਜ ਸਾਹਿਬ ਵਿਖੇ ਵੱਡੇ ਪੱਧਰ ਤੇ ਸ਼ਤਾਬਦੀਆਂ ਨੂੰ ਸਮਰਪਿਤ ਉਲੀਕੇ ਪ੍ਰੋਗਰਾਮ ਬਾਰੇ ਜਾਣਕਾਰੀ ਦਿੱਤੀ ਅਤੇ ਸੰਗਤਾਂ ਨੂੰ ਬੇਨਤੀ ਕੀਤੀ ਕਿ ਇਨ੍ਹਾਂ ਸਮਾਗਮਾਂ ਦਾ ਹਿੱਸਾ ਜ਼ਰੂਰ ਬਨਣ। ਉਨ੍ਹਾਂ ਨੇ ਇਹ ਵੀ ਦੱਸਿਆ ਇਲਾਕੇ ਦੀ ਮੰਗ ਨੂੰ ਵਿਚਾਰਦੇ ਹੋਏ ਅਗਲੇ ਸਾਲ ਝਾੜ ਸਾਹਿਬ ਕਾਲਜ ਕੈਂਪਸ ਵਿਖੇ ਡੀ-ਫਾਰਮੇਸੀ ਸੰਸਥਾ ਸਥਾਪਿਤ ਕੀਤੀ ਜਾਵੇਗੀ ਤੇ ਉਸਾਰੀ ਅਧੀਨ ਗਰਲਜ਼ ਹੋਸਟਲ ਛੇਤੀ ਮੁਕੰਮਲ ਹੋ ਜਾਵੇਗਾ।ਉਨ੍ਹਾਂ ਅੱਗੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਨਿਸ਼ਕੇ ਅਕੈਡਮੀ ਰਾਹੀਂ ਵਿਦਿਆਰਥੀਆਂ ਨੂੰ ਯੂ.ਪੀ.ਐਸ.ਸੀ. ਅਤੇ ਪੀ.ਪੀ.ਐਸ.ਸੀ. ਸੇਵਾਵਾਂ ਅਤੇ ਜੁਡੀਸ਼ੀਅਲ ਸੇਵਾਵਾਂ ਦੀਆਂ ਪ੍ਰੀਖਿਆਵਾਂ ਦੀ ਮੁਫ਼ਤ ਕੋਚਿੰਗ ਦਿੱਤੀ ਜਾਂਦੀ ਹੈ ਅਤੇ ਸ਼੍ਰੋਮਣੀ ਕਮੇਟੀ ਦੀਆਂ ਵਿਦਿਅਕ ਸੰਸਥਾਵਾਂ ਵਿੱਚ ਐਨ.ਡੀ.ਏ ਅਤੇ ਸੀ ਸੈੱਟ ਦੀਆਂ ਫਰੀ ਕੋਚਿੰਗ ਕਲਾਸਾਂ ਲਗਾਈਆਂ ਜਾਂਦੀਆਂ ਹਨ।

ਰਜਿੰਦਰ ਸਿੰਘ ਗਿੱਲ ਸਰਪੰਚ ਝਾੜ ਸਾਹਿਬ, ਗੁਰਵਿੰਦਰ ਸਿੰਘ ਗਿੱਲ ਸਾਬਕਾ ਸਰਪੰਚ ਅਤੇ ਕਾਰ ਸੇਵਾ ਵਾਲੇ ਬਾਬਾ ਸੁਖਦੇਵ ਸਿੰਘ ਦੇ ਯਤਨਾਂ ਸਦਕਾ ਤਿਆਰ 'ਬਾਬਾ ਪਿਆਰਾ ਸਿੰਘ ਜੀ ਯਾਦਗਾਰੀ ਮੀਟਿੰਗ ਹਾਲ ਦੀਆਂ ਚਾਬੀਆਂ ਪ੍ਰਧਾਨ ਸਾਹਿਬ ਨੂੰ ਸੌਂਪੀਆਂ ਗਈਆਂ, ਜਿਸ ਲਈ ਪ੍ਰਧਾਨ ਸਾਹਿਬ ਅਤੇ ਕਾਲਜ ਪ੍ਰਿੰਸੀਪਲ ਨੇ ਧੰਨਵਾਦ ਪ੍ਰਗਟ ਕੀਤਾ।

ਕਾਲਜ ਪ੍ਰਿੰਸੀਪਲ ਡਾ.ਰਜਿੰਦਰ ਕੌਰ ਨੇ ਦੱਸਿਆ ਕਿ ਇਸ ਤਰ੍ਹਾਂ ਦੇ ਧਾਰਮਿਕ ਸਮਾਗਮ ਉਲੀਕਣ ਦਾ ਮਕਸਦ ਜਿੱਥੇ ਵਿਦਿਆਰਥਣਾਂ ਅਤੇ ਸੰਗਤ ਨੂੰ ਗੁਰੂ ਸਾਹਿਬਾਨ ਦੀਆਂ ਸ਼ਤਾਬਦੀਆਂ ਤੋਂ ਜਾਣੂ ਕਰਵਾਉਣਾ ਹੈ ਉਥੇ ਨਾਲ ਹੀ ਗੁਰੂ ਸਾਹਿਬਾਨ ਦੇ ਪਵਿੱਤਰ ਉਪਦੇਸ਼ਾਂ ਅਤੇ ਜੀਵਨ ਇਤਿਹਾਸ ਬਾਰੇ ਜਾਣਕਾਰੀ ਦੇਣਾ ਵੀ ਹੈ। ਕਾਲਜ ਦੇ ਲੋਕਲ ਕਮੇਟੀ ਦੇ ਐਡੀਸ਼ਨਲ ਆਨਰੇਰੀ ਸਕੱਤਰ ਹਰਸਿਮਰਨ ਸਿੰਘ ਬਾਜਵਾ ਨੇ ਸਮਾਗਮ ਵਿੱਚ ਪਹੁੰਚੀਆਂ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਗੁਰੂ ਸਾਹਿਬ ਦੇ ਜੀਵਨ ਤੋਂ ਸੇਧ ਲੈਂਦੇ ਹੋਏ ਸਾਨੂੰ ਸੇਵਾ ਅਤੇ ਸਿੱਖੀ ਸਿਧਾਂਤਾਂ ਤੇ ਚੱਲਣ ਦਾ ਦ੍ਰਿੜ ਸੰਕਲਪ ਕਰਨਾ ਚਾਹੀਦਾ ਹੈ ਅਤੇ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ ਝਾੜ ਸਾਹਿਬ ਆਪਣੀਆਂ ਵਿਦਿਆਰਥਣਾਂ ਨੂੰ ਸਿੱਖ ਇਤਿਹਾਸ ਨਾਲ ਜੋੜਨ ਲਈ ਵੱਡੇ ਉਪਰਾਲੇ ਕਰਦਾ ਆ ਰਿਹਾ ਹੈ।

ਮੰਚ ਸੰਚਾਲਨ ਦੀ ਭੂਮਿਕਾ ਧਾਰਮਿਕ ਅਧਿਆਪਕ ਬੀਬੀ ਮੈਡਮ ਬਲਜਿੰਦਰ ਕੌਰ ਨੇ ਬਾਖੂਬੀ ਨਿਭਾਈ। ਇਸ ਮੌਕੇ ਕਮੇਟੀ ਮੈਂਬਰਾਂ ਨੇ ਮੁੱਖ ਸੇਵਾਦਾਰ ਪਰਮਜੀਤ ਸਿੰਘ ਢਿੱਲੋ ਦੀ ਅਗਵਾਈ ਵਿੱਚ ਕਾਲਜ ਨੂੰ ਦਾਨ ਵਜੋਂ ਨਗਦ ਰਾਸ਼ੀ ਵੀ ਦਿੱਤੀ। ਇਸ ਮੌਕੇ ਸੁਖਵਿੰਦਰ ਸਿੰਘ ਸਕੱਤਰ ਵਿੱਦਿਆ, ਰਵਿੰਦਰ ਸਿੰਘ ਖਾਲਸਾ, ਪਰਮਜੀਤ ਸਿੰਘ ਢਿੱਲੋ, ਹਰਦੀਪ ਸਿੰਘ ਬਹਿਲੋਲਪੁਰ, ਜਸਮੇਲ ਸਿੰਘ ਬੌਂਦਲੀ, ਜਸਪਾਲ ਸਿੰਘ ਜੱਜ, ਚਰਨਜੀਤ ਸਿੰਘ ਲੱਖੋਵਾਲ ਰੋਡੀਆਂ ,ਚਰਨਜੀਤ ਸਿੰਘ ਟੋਡਰਪੁਰ, ,ਗੁਰਵਿੰਦਰ ਸਿੰਘ ਗਿੱਲ ,ਅਮਰੀਕ ਸਿੰਘ ਗੁਰਦੇਵ ਸਿੰਘ ਢਿੱਲੋਂ ,ਮੈਨੇਜਰ ਜਸਵੀਰ ਸਿੰਘ ,ਮੈਨੇਜਰ ਲਖਬੀਰ ਸਿੰਘ ,ਗੁਰਜੀਤ ਸਿੰਘ, ਚਿੱਤਰਕਾਰ ਜਗਦੀਸ਼ ਸਿੰਘ ਝਰਾੜ ,ਨਿਰਮਲ ਸਿੰਘ ਮਨੌਲੀ ,ਬਾਬਾ ਸੁਖਦੇਵ ਸਿੰਘ, ਸਰਪੰਚ ਪਰਮਜੀਤ ਕੌਰ ਸੈਣੀ, ਸ਼ਿਵ ਕੁਮਾਰ ਸ਼ਿਵਲੀ, ਰਜਿੰਦਰ ਸਿੰਘ ਗਿੱਲ ਸਰਪੰਚ ਝਾੜ ਸਾਹਿਬ , ਦਲਵੀਰ ਸਿੰਘ ਕੰਗ ਵੀ ਮੌਜੂਦ ਸਨ।

## ਸਿੰਘ ਸਭਾ ਕਮੇਟੀ ਵੱਲੋਂ ਹੜ੍ਹ ਪੀੜਤਾਂ ਦੀ ਮਦਦ

**ਫਰੀਦਾਬਾਦ, 10 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿੱਚ ਹੜ੍ਹਾਂ ਦੀ ਮਾਰ ਤੋਂ ਕਿਸਾਨ ਬੇਹੱਦ ਦੁਖੀ ਹਨ ਅਤੇ ਸਮਾਜ ਸੇਵੀਆਂ ਵੱਲੋਂ ਹੜ੍ਹ ਪੀੜਤਾਂ ਦੀ ਹਰ ਸੰਭਵ ਸਹਾਇਤਾ ਕੀਤੀ ਜਾ ਰਹੀ ਹੈ। ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸੈਕਟਰ-15, ਫਰੀਦਾਬਾਦ ਦੀ ਪ੍ਰਬੰਧਕ ਕਮੇਟੀ ਦੇ ਆਗੂਆਂ ਨੇ ਪੰਜਾਬ ਦੇ ਸੁਲਤਾਨਪੁਰ ਲੋਧੀ ਦੇ ਦਰਜਨ ਤੋਂ ਵੱਧ ਪਿੰਡਾਂ ਦੇ ਹਾਲਾਤ ਦਾ ਜਾਇਜ਼ਾ ਲਿਆ ਅਤੇ ਉਸ ਮੁਤਾਬਕ ਵਿੱਤੀ ਸਹਾਇਤਾ ਦਿੱਤੀ।

ਰਾਣਾ ਕੌਰ ਭੱਟੀ ਪ੍ਰਧਾਨ, ਸਿੰਘ ਸਭਾ ਨੇ ਦੱਸਿਆ ਕਿ ਨਰਿੰਦਰ ਸਿੰਘ ਬੱਗਾ, ਰਜਿੰਦਰ ਨਾਗਪਾਲ, ਨਰਿੰਦਰ ਸਿੰਘ ਅਹੂਜਾ ਇੰਦਰਜੀਤ ਸਿੰਘ, ਰਵਿੰਦਰ ਪਾਲ ਕੌਰ, ਗੁਪਿੰਦਰ ਕੌਰ, ਸਤਿੰਦਰ ਸਿੰਘ ਆਦਿ ਨੇ ਪੰਜਾਬ ਜਾ ਕੇ ਉੱਥੋਂ ਦੇ ਹਾਲਾਤ ਦਾ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸੈਕਟਰ-15, ਫਰੀਦਾਬਾਦ ਦੀ ਪ੍ਰਬੰਧਕ ਕਮੇਟੀ ਅਤੇ ਸੰਗਤ ਦੇ ਸਹਿਯੋਗ ਨਾਲ ਇਹ ਸੇਵਾ ਕੀਤੀ ਅਤੇ ਆਉਣ ਵਾਲੇ ਦਿਨਾਂ ਦੌਰਾਨ ਮੁੜ ਇਹ ਸੇਵਾ ਕੀਤੀ ਜਾਵੇਗੀ। ਪ੍ਰਧਾਨ ਨੇ ਦੱਸਿਆ ਕਿ ਪਿੰਡ ਬਾਊਪੁਰ, ਸਾਰਗਾਂ ਹਲਕੇ ਦੇ ਕਿਸਾਨਾਂ ਨੂੰ ਦਸ ਹਜ਼ਾਰ ਲਿਟਰ ਡੀਜ਼ਲ ਦਿੱਤਾ ਗਿਆ ਹੈ।

ਕਮੇਟੀ ਦੇ ਅਹੁਦੇਦਾਰਾਂ ਨੇ ਬੰਨ੍ਹ ਖ਼ਾਤਰ ਲੱਖੋ ਰੁਪਏ ਦੀ ਤਾਰ ਲਈ ਵੀ ਵੱਡੀ ਰਕਮ ਦੀ ਮਦਦ ਕੀਤੀ ਹੈ। ਪ੍ਰਧਾਨ ਨੇ ਦੱਸਿਆ ਕਿ ਪਿੰਡ ਆਹਲੀ ਕਲਾਂ ਦੇ ਗੁਰਚਰਨ ਸਿੰਘ ਨੂੰ ਮਕਾਨ ਬਣਾਉਣ ਲਈ ਵਿੱਤੀ ਮਦਦ ਕੀਤੀ ਗਈ ਹੈ।

## ਪ੍ਰਧਾਨ ਝੀਂਡਾ ਗੁਰੂ ਕੀ ਗੋਲਕ ਅਤੇ ਮੁਲਾਜ਼ਮਾਂ ਦੀ ਦੁਰਵਰਤੋਂ ਦੀ ਜਾਂਚ ਵਿੱਚ ਦੋਸ਼ੀ: ਸਬ ਕਮੇਟੀ

**ਗੂਹਲਾ ਚੀਕਾ, 10 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਵੱਲੋਂ ਕਮੇਟੀ ਮੈਂਬਰਾਂ ਦੇ ਵਿਰੋਧ ਦੇ ਬਾਵਜੂਦ 26 ਜੂਨ 2025 ਨੂੰ ਐਮਰਜੈਂਸੀ ਦੇ ਖ਼ਿਲਾਫ਼ ਕੁਰੂਕਸ਼ੇਤਰ ਯੂਨੀਵਰਸਿਟੀ ਵਿੱਚ ਕਾਲਾ ਦਿਵਸ ਨਿੱਜੀ ਤੌਰ ਤੇ ਮਨਾਇਆ ਗਿਆ। ਜਿਸ ਨੂੰ ਮਨਾਉਣ ਤੋਂ ਬਾਅਦ ਪ੍ਰਧਾਨ ਝੀਂਡਾ ਨੇ ਮੀਡੀਆ ਵਿੱਚ ਸੰਬੋਧਨ ਕੀਤਾ ਸੀ ਕੇ ਕਾਲਾ ਦਿਵਸ ਸਮਾਗਮ ਵਿੱਚ ਗੁਰੂ ਕੀ ਗੋਲਕ ਦਾ ਇੱਕ ਰੁਪਈਆ ਵੀ ਖਰਚ ਨਹੀਂ ਕੀਤਾ ਅਤੇ ਨਾ ਹੀ ਹਰਿਆਣਾ ਕਮੇਟੀ ਦੇ ਮੁਲਾਜ਼ਮਾਂ ਗੱਡੀਆਂ ਦੀ ਵਰਤੋਂ ਕੀਤੀ ਗਈ ਹੈ। ਪ੍ਰਧਾਨ ਝੀਂਡਾ ਨੇ ਮੀਡੀਆ ਨੂੰ ਜਾਣਕਾਰੀ ਦਿੰਦਿਆਂ ਕਿਹਾ ਸੀ ਕਿ ਕਾਲਾ ਦਿਵਸ ਸਮਾਗਮ ਉੱਤੇ ਹੋਇਆ ਖਰਚ ਦੇਸ਼ ਵਿਦੇਸ਼ ਦੀਆਂ ਸਿੱਖ ਸੰਗਤਾਂ ਤੋਂ ਨਿੱਜੀ ਤੌਰ ਤੇ ਇਕੱਠਾ ਕੀਤਾ ਗਿਆ ਸੀ। ਇਸ ਸਬੰਧੀ ਹਰਿਆਣਾ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਗੁਰਮੀਤ ਸਿੰਘ ਰਾਮਸਰ ਵੱਲੋਂ ਸਮਾਗਮ ਖਰਚ ਦੀ ਪੜਤਾਲ ਲਈ ਪੰਜ ਮੈਂਬਰੀ ਸਬ ਕਮੇਟੀ ਦਾ ਗਠਨ ਕੀਤਾ ਗਿਆ ਸੀ। ਜੂਨੀਅਰ ਮੀਤ ਪ੍ਰਧਾਨ ਗੁਰਵੀਰ ਸਿੰਘ ਤਲਾਕੌਰ ਦੀ ਅਗਵਾਈ ਵਿੱਚ ਬਣਾਈ ਗਈ ਇਸ ਕਮੇਟੀ ਵਿੱਚ ਸੀਨੀਅਰ ਮੈਂਬਰ ਜੋਗਾ ਸਿੰਘ ਯਮੁਨਾਨਗਰ ਮੈਂਬਰ,ਸਵਰਨ ਸਿੰਘ ਬੁੰਗਾ ਟਿੱਬੀ ਮੈਂਬਰ,ਬਲਵਿੰਦਰ ਸਿੰਘ ਭਿੰਡਰ ਮੀਤ ਸਕੱਤਰ,ਗੁਰਤੇਜ ਸਿੰਘ ਅੰਬਾਲਾ ਮੈਂਬਰ ਸ਼ਾਮਲ ਸਨ।

ਸਬ ਕਮੇਟੀ ਦੇ ਮੁਖੀ ਗੁਰਬੀਰ ਸਿੰਘ ਤਲਾਕੌਰ ਜੂਨੀਅਰ ਮੀਤ ਪ੍ਰਧਾਨ ਨੇ ਪੂਰੀ ਗੰਭੀਰਤਾ ਨਾਲ ਕੀਤੀ ਗਈ ਜਾਂਚ ਪੜਤਾਲ ਦੀ ਰਿਪੋਰਟ ਅੱਜ ਸਬੂਤਾਂ ਸਮੇਤ ਹਰਿਆਣਾ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਗੁਰਮੀਤ ਸਿੰਘ ਰਾਮਸਰ ਨੂੰ ਸੌਂਪ ਦਿੱਤੀ ਹੈ।

ਮੀਡੀਆ ਨਾਲ ਜਾਣਕਾਰੀ ਸਾਂਝੀ ਕਰਦਿਆਂ ਗੁਰਮੀਤ ਸਿੰਘ ਰਾਮਸਰ ਸੀਨੀਅਰ ਮੀਤ ਪ੍ਰਧਾਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦੱਸਿਆ ਕੇ ਸਬ ਕਮੇਟੀ ਵੱਲੋਂ ਜਾਂਚ ਪੜਤਾਲ ਦੀ ਪੇਸ਼ ਕੀਤੀ ਰਿਪੋਰਟ ਵਿੱਚ ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਨੂੰ ਦੋਸ਼ੀ ਪਾਇਆ ਗਿਆ ਹੈ।

ਸਬ ਕਮੇਟੀ ਨੇ ਪੂਰੇ ਸਬੂਤਾਂ ਸਮੇਤ ਰਿਪੋਰਟ ਵਿੱਚ ਜਾਣਕਾਰੀ ਦਿੱਤੀ ਹੈ ਕਿ ਪ੍ਰਧਾਨ ਝੀਂਡਾ ਨੇ ਕਿਵੇਂ ਗੁਰੂ ਕੀ ਗੋਲਕ,ਗੱਡੀਆਂ ਅਤੇ ਮੁਲਾਜ਼ਮਾਂ ਦੀ ਦੁਰਵਰਤੋਂ ਕੀਤੀ ਹੈ। ਦੇਸ਼ ਵਿਦੇਸ਼ ਦੀਆਂ ਸਿੱਖ ਸੰਗਤਾਂ ਕੋਲੋਂ ਬੇਹਿਸਾਬ ਪੈਸਾ ਇਕੱਠਾ ਕੀਤਾ ਹੈ ਰਾਮਸਰ ਨੇ ਦੱਸਿਆ ਕਿ ਕਾਲਾ ਦਿਵਸ 'ਤੇ ਆਏ 766220 ਰੁਪਏ ਦੇ ਖਰਚ ਬਿੱਲ ਪ੍ਰਧਾਨ ਝੀਂਡਾ ਨੇ ਖੁਦ ਮੀਡੀਆ ਵਿੱਚ ਮੰਨਿਆ ਹੈ ਬਾਕੀ ਇਕੱਤਰ ਕੀਤੇ ਗਏ ਪੈਸੇ ਦਾ ਕੋਈ ਹਿਸਾਬ ਕਿਤਾਬ ਨਹੀਂ ਹੈ ਜੋ ਸਿੱਧਾ ਸਿੱਧਾ ਪ੍ਰਧਾਨਗੀ ਦੇ ਅਹੁਦੇ ਦੀ ਦੁਰਵਰਤੋਂ ਅਤੇ ਭ੍ਰਿਸ਼ਟਾਚਾਰ ਹੈ।ਸਬ ਕਮੇਟੀ ਵੱਲੋਂ ਜਾਰੀ ਪੱਤਰ ਵਿੱਚ ਕਿਹਾ ਗਿਆ ਹੈ ਕਿ ਗੁਰੂ ਕੀ ਗੋਲਕ, ਗੱਡੀਆਂ ਮੁਲਾਜ਼ਮਾਂ ਅਤੇ ਪੈਸੇ ਦੀ ਦੁਰਵਰਤੋਂ ਕਰਨ ਸਬੰਧੀ ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਨੂੰ ਦੋਸ਼ੀ ਪਾਇਆ ਜਾਂਦਾ ਹੈ।

## ਕਪੂਰਥਲਾ ਦੇ ਵਿਧਾਇਕ ਰਾਣਾ ਗੁਰਜੀਤ ਸਿੰਘ ਵੱਲੋਂ ਕਿਸਾਨਾਂ ਪ੍ਰਤੀ ਵਚਨਬੱਧਤਾ: ਮੱਕੀ ਦੀ ਖਰੀਦ 2400 ਪ੍ਰਤੀ ਕੁਇੰਟਲ ਦੇ ਐਮ.ਐਸ.ਪੀ. 'ਤੇ ਖਰੀਦ ਕਰਨ ਦਾ ਐਲਾਨ

**ਚੰਡੀਗੜ੍ਹ, 10 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਸੀਨੀਅਰ ਕਾਂਗਰਸ ਆਗੂ ਅਤੇ ਕਪੂਰਥਲਾ ਵਿਧਾਇਕ ਰਾਣਾ ਗੁਰਜੀਤ ਸਿੰਘ ਨੇ ਅੱਜ ਕਿਸਾਨਾਂ ਪ੍ਰਤੀ ਆਪਣੀ ਵਚਨਬੱਧਤਾ ਬਾਰੇ ਜ਼ਿਕਰ ਕਰਦੇ ਹੋਏ ਇਲਾਕੇ ਵਿੱਚ ਮੱਕੀ ਦੀ ਖਰੀਦ ਸ਼ੁਰੂ ਕਰਨ ਦਾ ਐਲਾਨ ਕੀਤਾ।

ਇਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੇ ਕਿਹਾ ਕਿ ਬਰਸਾਤੀ ਮੱਕੀ ਦੀ ਖਰੀਦ ਉਸ ਵਾਅਦੇ ਅਨੁਸਾਰ ਸ਼ੁਰੂ ਕੀਤੀ ਜਾ ਰਹੀ ਹੈ ਜੋ ਇਸ ਸਾਲ ਦੇ ਸ਼ੁਰੂ ਵਿੱਚ ਮੱਕੀ ਦੀ ਬਿਜਾਈ ਸਮੇਂ ਕੀਤਾ ਗਿਆ ਸੀ, ਜਦੋਂ ਹਜ਼ਾਰਾਂ ਹੈਕਟੇਅਰ ਖੇਤਰ ਵਿੱਚ ਮੱਕੀ ਦੀ ਫਸਲ ਬੀਜੀ ਗਈ ਸੀ।

ਉਨ੍ਹਾਂ ਨੇ ਕਿਹਾ, ਮੈਂ ਕਿਸਾਨਾਂ ਨੂੰ ਭਰੋਸਾ ਦਿਵਾਇਆ ਸੀ ਕਿ ਮੱਕੀ ਦੀ ਖਰੀਦ ਕੱਟਣੀ ਸਮੇਂ ਯਕੀਨੀ ਬਣਾਈ ਜਾਵੇਗੀ। ਅੱਜ ਮੈਂ ਉਹ ਵਚਨ ਪੂਰਾ ਕਰਨ ਆਇਆ ਹਾਂ। ਉਨ੍ਹਾਂ ਕਿਹਾ ਕਿ ਅਸੀਂ ਕਿਸਾਨਾਂ ਵੱਲੋਂ ਬੀਜੀ ਹਰ ਇਕ ਦਾਣੇ ਦੀ ਖਰੀਦ ਕਰਾਂਗੇ ਅਤੇ ਇਹ ਖਰੀਦ ਪੰਜਾਬ ਸਰਕਾਰ ਵੱਲੋਂ ਨਿਰਧਾਰਤ ਘੱਟੋ-ਘੱਟ ਸਮਰਥਨ ਮੁੱਲ (MSP) 2400 ਪ੍ਰਤੀ ਕੁਇੰਟਲ 'ਤੇ ਕੀਤੀ ਜਾਵੇਗੀ।

ਪੱਤਰਕਾਰਾਂ ਦੇ ਇਕ ਸਵਾਲ ਦਾ ਜਵਾਬ ਦੇਂਦਿਆਂ, ਸੀਨੀਅਰ ਵਿਧਾਇਕ ਨੇ ਕਿਹਾ ਕਿ ਉਹ ਕਿਸਾਨਾਂ ਅਤੇ ਪੰਜਾਬ ਸਰਕਾਰ ਦੋਵਾਂ ਨੂੰ ਨਵੀਂ ਦਿਸ਼ਾ ਵੱਲ ਲਿਜਾਣ ਲਈ ਕੰਮ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਅਜਿਹੀ ਲੀਡਰਸ਼ਿਪ ਦੀ ਲੋੜ ਹੈ ਜੋ ਸਿਰਫ਼ ਅੱਜ ਦੇ ਕਿਸਾਨਾਂ ਦੀ ਹੀ ਨਹੀਂ, ਸਗੋਂ ਕਿਸਾਨਾਂ ਦੇ ਭਵਿੱਖ ਦੀ ਵੀ ਸੋਚ ਕਰੇ।

ਰਾਣਾ ਗੁਰਜੀਤ ਸਿੰਘ ਨੇ ਹਾਲ ਹੀ ਵਿੱਚ ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ ਸੈਸ਼ਨ ਦੌਰਾਨ ਕੈਬਨਿਟ ਮੰਤਰੀ ਬਰਿੰਦਰ ਗੋਇਲ ਦੇ ਬਿਆਨ ਦਾ ਹਵਾਲਾ ਦਿੰਦਿਆਂ ਕਿਹਾ ਕਿ ਇਸ ਵੇਲੇ ਸਿਰਫ਼ 50 ਤੋਂ 54 ਪ੍ਰਤੀਸ਼ਤ ਨਹਿਰੀ ਪਾਣੀ ਦੀ ਹੀ ਵਰਤੋਂ ਹੋ ਰਹੀ ਹੈ, ਜਦਕਿ ਇਸ ਦੀ ਸੰਭਾਵਨਾ 74 ਪ੍ਰਤੀਸ਼ਤ ਤੱਕ ਵਧਾਈ ਜਾ ਸਕਦੀ ਹੈ।

ਉਨ੍ਹਾਂ ਕਿਹਾ ਕਿ ਮੈਂ ਮਾਨਸੂਨੀ ਮੱਕੀ ਦੀ ਖੇਤੀ ਦਾ ਪੱਖਪਾਤੀ ਹਾਂ, ਪਰ ਜੇ ਨਹਿਰੀ ਪਾਣੀ ਵਿਸਤਾਰ ਜਾ ਰਿਹਾ ਹੈ ਤਾਂ ਸਾਉਣੀ ਮੱਕੀ ਇਕ ਹੋਰ ਵੱਧ ਟਿਕਾਊ ਅਤੇ ਲਾਭਕਾਰੀ ਵਿਕਲਪ ਹੈ।



ਉਨ੍ਹਾਂ ਨੇ ਮੱਕੀ ਦੇ ਆਰਥਿਕ ਲਾਭ ਬਾਰੇ ਕਿਹਾ, ਮੱਕੀ ਕਿਸਾਨਾਂ ਨੂੰ ਕਣਕ ਨਾਲੋਂ 2 ਤੋਂ 2.5 ਗੁਣਾ ਵੱਧ ਮੁਨਾਫ਼ਾ ਦਿੰਦੀ ਹੈ।ਉਨ੍ਹਾਂ ਕਿਹਾ ਕਿ ਮੈਂ ਲਗਾਤਾਰ ਇਹ ਮਸਲਾ ਉਠਾ ਰਿਹਾ ਹਾਂ ਕਿ ਨਹਿਰੀ ਪਾਣੀ, ਜੋ ਇਸ ਤਰ੍ਹਾਂ ਦੀਆਂ ਫ਼ਸਲਾਂ ਲਈ ਵਰਤਿਆ ਜਾ ਸਕਦਾ ਹੈ, ਉਸਦਾ ਪੂਰਾ ਲਾਭ ਨਹੀਂ ਲਿਆ ਜਾ ਰਿਹਾ।

ਰਾਣਾ ਗੁਰਜੀਤ ਸਿੰਘ ਨੇ ਪੰਜਾਬ ਵਿੱਚ ਝੋਨੇ ਦੀ ਘੱਟਦੀ ਪੈਦਾਵਾਰ 'ਤੇ ਚਿੰਤਾ ਜ਼ਾਹਿਰ ਕੀਤੀ। ਉਨ੍ਹਾਂ ਨੇ ਕਿਹਾ, ਇਸ ਸੀਜ਼ਨ ਵਿੱਚ ਘੱਟੋ-ਘੱਟ 25 ਪ੍ਰਤੀਸ਼ਤ ਝੋਨਾ ਹਲਦੀ ਰੋਗ ਬਿਮਾਰੀ ਨਾਲ ਪ੍ਰਭਾਵਿਤ ਹੋਇਆ ਹੈ,ਜਿਸ ਦਾ ਕਿਸਾਨਾਂ ਨੂੰ ਨੁਕਸਾਨ ਝੱਲਣਾ ਪਵੇਗਾ। ਉਨ੍ਹਾਂ ਕਿਹਾ ਕਿ ਸਾਨੂੰ ਆਪਣੀ ਫਸਲੀ ਪੈਟਰਨ 'ਤੇ ਮੁੜ ਸੋਚਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਸੁਲਤਾਨਪੁਰ ਲੋਧੀ ਦੇ ਵਿਧਾਇਕ ਰਾਣਾ ਇੰਦਰ ਪ੍ਰਤਾਪ ਸਿੰਘ ਨੇ ਇਹ ਮਾਮਲਾ ਵਿਧਾਨ ਸਭਾ ਵਿੱਚ ਚੁੱਕਿਆ ਹੈ ਅਤੇ ਉਮੀਦ ਕੀਤੀ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਸਹਾਇਤਾ ਲਈ ਜ਼ਰੂਰੀ ਕਦਮ ਚੁੱਕੇਗੀ।

ਉਨ੍ਹਾਂ ਪੰਜਾਬ ਵਿੱਚ ਤੇਜ਼ੀ ਨਾਲ ਘਟ ਰਹੇ ਜ਼ਮੀਨੀ ਪਾਣੀ ਦੇ ਪੱਧਰ ਵੱਲ ਧਿਆਨ ਦਿਵਾਉਂਦੇ ਹੋਏ ਇਸ ਵੱਲ ਤੁਰੰਤ ਕਾਰਵਾਈ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਕੇਂਦਰੀ ਜ਼ਮੀਨੀ ਪਾਣੀ ਬੋਰਡ ਨੇ ਚੇਤਾਵਨੀ ਦਿੱਤੀ ਹੈ ਕਿ ਜੇ ਜ਼ਮੀਨੀ ਪਾਣੀ ਦਾ ਦੋਹਰਾਕ ਨਹੀਂ ਕੀਤਾ ਗਿਆ ਤਾਂ ਅਗਲੇ 25 ਸਾਲਾਂ ਵਿੱਚ ਪੰਜਾਬ ਰੇਗਿਸਤਾਨ ਬਣ ਸਕਦਾ ਹੈ, ਕੁਝ ਇਲਾਕਿਆਂ ਵਿੱਚ ਪਾਣੀ ਦੀ 500 ਫੁੱਟ ਤਕ ਹੇਠਾਂ ਜਾ ਚੁੱਕਾ ਹੈ।

ਰਾਣਾ ਗੁਰਜੀਤ ਸਿੰਘ ਨੇ ਸੁਝਾਅ ਦਿੱਤਾ ਕਿ ਹਿਮਾਚਲ ਪ੍ਰਦੇਸ਼ ਅਤੇ ਜੰਮੂ ਦੇ ਕੈਚਮੈਂਟ ਇਲਾਕਿਆਂ ਤੋਂ ਆਉਣ ਵਾਲੇ ਵੱਧ ਪਾਣੀ ਨੂੰ ਜ਼ਮੀਨੀ ਪਾਣੀ ਰੀਚਾਰਜ ਲਈ ਵਰਤਿਆ ਜਾਣਾ ਚਾਹੀਦਾ ਹੈ। ਉਨ੍ਹਾਂ ਨੇ ਕਿਹਾ, ਹੜ੍ਹਾਂ ਦਾ ਪਾਣੀ ਇੱਕ ਕੀਮਤੀ ਸਾਧਨ ਵਜੋਂ ਵੇਖਿਆ ਜਾਣਾ ਚਾਹੀਦਾ ਹੈ। ਮਾਨਸੂਨ ਦੌਰਾਨ ਇਨ੍ਹਾਂ ਇਲਾਕਿਆਂ ਤੋਂ ਡੈਮਾਂ ਵਿੱਚ ਵਹਿਣ ਵਾਲੇ ਵਾਧੂ ਪਾਣੀ ਨੂੰ ਸਾਡੇ ਜ਼ਮੀਨੀ ਪਾਣੀ ਦੇ ਭੰਡਾਰਾਂ ਨੂੰ ਭਰਨ ਲਈ ਵਰਤਣਾ ਚਾਹੀਦਾ ਹੈ।

ਉਨ੍ਹਾਂ ਨੇ ਇਹ ਵੀ ਮੰਗ ਕੀਤੀ ਕਿ ਦੇਸ਼ ਅਤੇ ਵਿਦੇਸ਼ ਦੇ ਅਗੂ ਵਿਗਿਆਨੀਆਂ ਦੀ ਇੱਕ ਮਾਹਰ ਕਮੇਟੀ ਬਣਾਈ ਜਾਵੇ ਜੋ ਸੈਟੇਲਾਈਟ ਮੈਪਿੰਗ ਅਤੇ ਹੜ੍ਹਾਂ ਪੈਟਰਨ ਦਾ ਵਿਸ਼ਲੇਸ਼ਣ ਕਰੇ। ਉਨ੍ਹਾਂ ਕਿਹਾ ਕਿ ਸਾਨੂੰ ਇਹ ਜਾਣਨ ਦੀ ਲੋੜ ਹੈ ਕਿ ਕਿੰਨਾ ਪਾਣੀ ਕਿਹੜੇ ਖੇਤਰ ਤੋਂ ਆ ਰਿਹਾ ਹੈ, ਕਿਹੜਾ ਇਲਾਕਾ ਪ੍ਰਭਾਵਿਤ ਹੋਇਆ ਹੈ ਅਤੇ ਇਸਦਾ ਪ੍ਰਬੰਧ ਤੇ ਨਿਯਮਨ ਕਿਵੇਂ ਕਰਨਾ ਹੈ। ਕਮੇਟੀ ਨੂੰ ਵਿਸਥਾਰਪੂਰਵਕ ਰਿਪੋਰਟ ਤਿਆਰ ਕਰਕੇ ਪੇਸ਼ ਕਰਨੀ ਚਾਹੀਦੀ ਹੈ ਤਾਂ ਜੋ ਅਸੀਂ ਸਹੀ ਸਮੇਂ 'ਤੇ ਸੁਧਾਰਾਤਮਕ ਕਦਮ ਚੁੱਕ ਸਕੀਏ।

2019, 2023 ਅਤੇ ਹੁਣ 2025 ਵਿੱਚ ਹੋਈਆਂ ਲਗਾਤਾਰ ਹੜ੍ਹਾਂ ਦਾ ਹਵਾਲਾ ਦਿੰਦਿਆਂ ਉਨ੍ਹਾਂ ਨੇ ਕਿਹਾ ਕਿ ਪੰਜਾਬ ਨੂੰ ਭਵਿੱਖ ਦੀਆਂ ਮੌਸਮੀ ਤਬਦੀਲੀਆਂ ਕਾਰਨ ਆਉਣ ਵਾਲੀਆਂ ਆਫ਼ਤਾਂ ਲਈ ਤਿਆਰ ਰਹਿਣਾ ਚਾਹੀਦਾ ਹੈ।

ਰਾਣਾ ਗੁਰਜੀਤ ਸਿੰਘ ਨੇ ਕਿਹਾ ਕਿ ਹਾਲ ਦੇ ਹੜ੍ਹਾਂ ਨੇ ਸਾਬਤ ਕਰ ਦਿੱਤਾ ਹੈ ਕਿ ਸਾਨੂੰ ਇੱਕ ਮਜ਼ਬੂਤ ਪ੍ਰਣਾਲੀ ਦੀ ਲੋੜ ਹੈ, ਚਾਹੇ ਉਹ ਰਣਜੀਤ ਸਾਗਰ ਡੈਮ ਤੋਂ ਪਾਣੀ ਛੱਡਣ ਦਾ ਮਾਮਲਾ ਹੋਵੇ ਜਾਂ ਕੈਚਮੈਂਟ ਇਲਾਕਿਆਂ ਵਿੱਚ ਖੁੱਡਾਂ ਤੋਂ ਅਚਾਨਕ ਪਾਣੀ ਆਉਣ ਦਾ — ਇਸ ਸਭ ਲਈ ਇੱਕ ਸੁਚਿੱਤ ਮਕੈਨਿਜ਼ਮ ਹੋਣਾ ਲਾਜ਼ਮੀ ਹੈ।

ਕਪੂਰਥਲਾ ਦੇ ਵਿਧਾਇਕ ਨੇ ਦੁਹਰਾਇਆ ਕਿ ਪੰਜਾਬ ਦੀ ਖੇਤੀਬਾੜੀ ਅਤੇ ਵਾਤਾਵਰਣ ਦੀ ਸੁਰੱਖਿਆ ਲਈ ਪ੍ਰਭਾਵਸ਼ਾਲੀ ਅਤੇ ਵਿਗਿਆਨਕ ਪਹੁੰਚ ਬਹੁਤ ਜ਼ਰੂਰੀ ਹੈ। ਇਹ ਸਾਡਾ ਫਰਜ਼ ਬਣਦਾ ਹੈ — ਆਪਣੇ ਕਿਸਾਨਾਂ ਅਤੇ ਆਉਣ ਵਾਲੀਆਂ ਪੀੜ੍ਹੀਆਂ ਪ੍ਰਤੀ।

## ਸੱਪਾਂ ਦਾ ਸੰਸਾਰ



ਸਾਡੇ ਦੇਸ਼ (ਭਾਰਤ) ਵਿਚ 300 ਕਿਸਮ ਦੇ ਸੱਪ ਮਿਲਦੇ ਹਨ ਜਿਨ੍ਹਾਂ ਵਿੱਚੋਂ 50 ਦੇ ਲਗਪਗ ਜ਼ਹਿਰੀਲੇ ਹੁੰਦੇ ਹਨ।

- ਜ਼ਿਆਦਾ ਠੰਢੇ ਦੇਸ਼ ਜਿਵੇਂ ਆਈਸਲੈਂਡ ਅਤੇ ਅੰਟਾਰਕਟਿਕਾ ਵਿਚ ਸੱਪ ਨਹੀਂ ਮਿਲਦੇ।

ਸਭ ਤੋਂ ਲੰਬਾ ਸੱਪ 'ਪਾਈਥਨ ਰੇਟਿਕੁਲੇਟਸ' ਹੁੰਦਾ ਹੈ ਜਿਸ ਦੀ ਲੰਬਾਈ 30 ਫੁੱਟ ਤਕ ਹੁੰਦੀ ਹੈ।

ਪਾਣੀ ਵਾਲੇ ਸੱਪ, ਸਾਹ ਆਪਣੀ ਚਮੜੀ ਦੁਆਰਾ ਲੈਂਦੇ ਹਨ। ਜਿਸ ਕਾਰਨ ਉਹ ਪਾਣੀ ਵਿਚ ਵਧੇਰੇ ਸਮਾਂ ਲੰਘਾ ਲੈਂਦੇ ਹਨ।

- ਸਭ ਤੋਂ ਵੱਧ ਸੱਪ 'ਸਨੇਕ ਆਈਲੈਂਡ' (ਬ੍ਰਾਜ਼ੀਲ) ਵਿਚ ਹੁੰਦੇ ਹਨ।
- ਦੱਖਣੀ ਅਫਰੀਕਾ ਵਿਚ ਇਕ ਵਿਸ਼ੇਸ਼ ਕਿਸਮ ਦਾ ਸੱਪ 'ਹਾਰਨਡ ਵਾਇਪਰ' ਮਿਲਦਾ ਹੈ ਜਿਸ ਦੇ ਸਿਰ ਉਪਰ ਦੋ ਸਿੰਗ ਹੁੰਦੇ ਹਨ।

ਸੱਪਾਂ ਦੀਆਂ ਪਲਕਾਂ ਨਹੀਂ ਹੁੰਦੀਆਂ, ਇਨ੍ਹਾਂ ਦੀ ਜਗ੍ਹਾ 'ਤੇ ਇਕ ਬਾਰੀਕ ਅਤੇ ਪਾਰਦਰਸ਼ੀ ਝਿੱਲੀ ਹੁੰਦੀ ਹੈ ਜਿਹੜੀ ਅੱਖਾਂ ਦੀ ਸੁਰੱਖਿਆ ਲਈ ਕੰਮ ਕਰਦੀ ਹੈ।

- ਦੁਨੀਆ ਦਾ ਸਭ ਤੋਂ ਛੋਟਾ ਸੱਪ 'ਥ੍ਰੈਡ' ਹੁੰਦਾ ਹੈ ਜਿਸ ਦੀ ਲੰਬਾਈ ਲਗਪਗ 10-12 ਸੈਂਟੀਮੀਟਰ ਹੁੰਦੀ ਹੈ।
- ਹਰੇਕ ਸੱਪ ਸਾਲ ਵਿਚ ਘੱਟੋ ਘੱਟ ਤਿੰਨ ਵਾਰ ਆਪਣੀ ਕੁੰਜ (ਚਮੜੀ) ਉਤਾਰਦਾ ਹੈ।

• ਰਮੇਸ਼ ਬੱਗਾ ਚੋਹਲਾ
9463132719

---

***ਧਰਤੀ 'ਤੇ ਜੀਵਨ ਦੀ ਹੋਂਦ ਕਾਇਮ ਹੋਣ ਲਈ ਕਈ ਚੀਜ਼ਾਂ ਦੀ ਜ਼ਰੂਰਤ ਸੀ। ਜਿਵੇਂ ਆਕਸੀਜਨ, ਪਾਣੀ, ਢੁੱਕਵਾਂ ਤਾਪਮਾਨ ਤੇ ਓਜ਼ੋਨ ਪਰਤ। ਕੁਦਰਤ ਦੀਆਂ ਇਹ ਨਿਆਮਤਾਂ ਜਦੋਂ ਇਕੱਠੀਆਂ ਹੋਈਆਂ ਤਾਂ ਜੀਵਨ ਧੜਕਣਾ ਸ਼ੁਰੂ ਹੋਇਆ...***




16 ਸਤੰਬਰ ਨੂੰ ਵਿਸ਼ਵ ਓਜ਼ੋਨ ਦਿਵਸ ਮੌਕੇ

# ਕੁਦਰਤ ਦੇ ਸੁਹੱਪਣ ਲਈ ਓਜ਼ੋਨ ਪਰਤ ਦੀ ਮਹੱਤਤਾ

**ਅਮਨਪ੍ਰੀਤ ਪਰਮ ਸਹੋਤਾ**

ਓਜ਼ੋਨ ਪਰਤ ਧਰਤੀ ਤੋਂ 10-50 ਕਿਲੋਮੀਟਰ ਉਪਰ ਵਾਯੂਮੰਡਲ ਵਿਚ ਹੁੰਦੀ ਹੈ। ਓਜ਼ੋਨ ਇਕ ਗੈਸ ਹੈ, ਜਿਸ ਦੇ ਅਣੂਆਂ ਵਿਚ ਆਕਸੀਜਨ ਦੇ ਤਿੰਨ ਪ੍ਰਮਾਣੂ ਹੁੰਦੇ ਹਨ ਜਦਕਿ ਸਾਧਾਰਨ ਆਕਸੀਜਨ ਵਿਚ ਕੇਵਲ ਦੋ ਹੀ ਹੁੰਦੇ ਹਨ। ਸਮਤਲ ਮੰਡਲ ਵਿਚ ਸਥਿਤ ਇਹ ਪਰਤ ਸਾਡੇ ਲਈ ਬੇਹੱਦ ਜ਼ਰੂਰੀ ਹੈ ਕਿਉਂਕਿ ਇਹ ਪਰਤ ਸੂਰਜ ਤੋਂ ਆ ਰਹੀਆਂ ਸ਼ਕਤੀਸ਼ਾਲੀ ਪਰਾਵੈਂਗਣੀ ਕਿਰਨਾਂ ਨੂੰ ਧਰਤੀ 'ਤੇ ਪਹੁੰਚਣ ਤੋਂ ਰੋਕਦੀਆ ਹਨ। ਜੇ ਵਾਯੂਮੰਡਲ ਵਿਚ ਇਹ ਪਰਤ ਨਾ ਹੋਵੇ ਜਾਂ ਇਸ ਵਿਚ ਕੋਈ ਛੇਕ ਹੋ ਜਾਵੇ ਤਾਂ ਸੂਰਜ ਦੀਆਂ ਇਹ ਖ਼ਤਰਨਾਕ ਕਿਰਨਾਂ ਜ਼ਿਆਦਾ ਮਾਤਰਾ ਵਿਚ ਧਰਤੀ 'ਤੇ ਪੁੱਜਣਗੀਆਂ।

ਵਿਸ਼ਵ ਸਿਹਤ ਸੰਸਥਾ ਅਨੁਸਾਰ ਪਰਾਵੈਂਗਣੀ ਕਿਰਨਾਂ ਦੀ ਥੋੜ੍ਹੀ ਮਾਤਰਾ ਦੀ ਵਰਤੋਂ ਕਈ ਬਿਮਾਰੀਆ ਦੇ ਇਲਾਜ ਲਈ ਕੀਤੀ ਜਾਂਦੀ ਹੈ ਪਰ ਇਨ੍ਹਾਂ ਕਿਰਨਾਂ ਦੀ ਜ਼ਿਆਦਾ ਮਾਤਰਾ ਨਾਲ ਅੱਖਾਂ ਅਤੇ ਅੱਖ ਦੇ ਲੈਂਨਜ਼ ਨੂੰ ਨੁਕਸਾਨ ਪਹੁੰਚਦਾ ਹੈ। ਮੋਤੀਆ ਬਿੰਦ ਅਤੇ ਚਮੜੀ ਦੇ ਕੈਂਸਰ ਆਦਿ ਵਰਗੀਆਂ ਬਿਮਾਰੀਆਂ ਹੋਣ ਦਾ ਖ਼ਤਰਾ ਵੱਧ ਸਕਦਾ ਹੈ। ਇਹ ਖ਼ਤਰਨਾਕ ਪਰਾਵੈਂਗਣੀ ਕਿਰਨਾਂ ਸਾਡੇ ਸਰੀਰ ਦੀ ਰੋਗ ਰੋਕੂ ਸ਼ਕਤੀ ਨੂੰ ਵੀ ਨਸ਼ਟ ਕਰ ਦਿੰਦੀਆ ਹਨ। ਇਸ ਤੋਂ ਇਲਾਵਾ ਓਜ਼ੋਨ ਪਰਤ ਦੀ ਘਾਟ ਪ੍ਰਿਥਵੀ ਦੇ ਮੌਸਮ 'ਤੇ ਵੀ ਬੁਰਾ ਪ੍ਰਭਾਵ ਪਾਉਂਦੀ ਹੈ।

ਓਜ਼ੋਨ ਪਰਤ ਨੂੰ ਨਸ਼ਟ ਕਰਨ ਵਿਚ ਕਲੋਰੋਫਲੋਰੋਕਾਰਬਨ ਅਹਿਮ ਭੂਮਿਕਾ ਨਿਭਾਉਂਦੇ ਹਨ। ਇਹ ਰਸਾਇਣ ਕਲੋਰੀਨ, ਫਲੋਰੀਨ ਅਤੇ ਕਾਰਬਨ ਦੇ ਪ੍ਰਮਾਣੂਆਂ ਦਾ ਮਿਸ਼ਰਣ ਹੁੰਦੇ ਹਨ। ਇਨ੍ਹਾਂ ਰਸਾਇਣਾ ਦੀ ਖੋਜ 1928 ਵਿਚ ਹੋਈ। ਇਨ੍ਹਾਂ ਰਸਾਇਣਾ ਦੀ ਵਰਤੋਂ ਰੈਫਰੀਜਰੇਟਰਾਂ ਵਿਚ ਅਮੋਨੀਆ ਦੀ ਥਾਂ 'ਤੇ ਕੀਤੀ ਜਾਂਦੀ ਸੀ। ਇਨ੍ਹਾਂ ਦੀ ਵਰਤੋਂ ਏਅਰ ਕੰਡਿਸ਼ਨਰਜ਼ ਵੀ ਕੀਤੀ ਜਾਣ ਲੱਗੀ ਕਿਉਂਕਿ ਇਹ ਸਾਡੇ ਜੀਵਨ ਲਈ ਨੁਕਸਾਨ ਰਹਿਤ, ਬੇਹੱਦ ਸਥਿਰ, ਨਾ ਜਲਣਸ਼ੀਲ ਅਤੇ ਨਾ ਹੀ ਜ਼ਹਿਰੀਲੇ ਹੁੰਦੇ ਹਨ।

ਇਸ ਤੋਂ ਇਲਾਵਾ ਬਰੋਮੋਫਲੋਰੋਕਾਰਬਨ, ਕਾਰਬਨ ਟੈਟਰਾਕਲੋਰਾਈਡ ਆਦਿ ਦੀ ਵੀ ਵਰਤੋਂ ਕੀਤੀ ਜਾਣ ਲੱਗੀ ਪਰ ਇਨ੍ਹਾਂ ਦੀ ਜ਼ਿਆਦਾ ਵਰਤੋਂ ਦੇ ਖ਼ਤਰਨਾਕ ਸਿੱਟੇ ਓਜ਼ੋਨ ਪਰਤ ਦੇ ਨਸ਼ਟ ਹੋਣ ਦੇ ਰੂਪ ਵਿਚ ਸਾਹਮਣੇ ਆਏ। ਵਿਗਿਆਨੀਆਂ ਅਨੁਸਾਰ ਕਲੋਰੋਫਲੋਰੋਕਾਰਬਨ ਤੱਤ ਜਦੋਂ ਵਾਯੂਮੰਡਲ ਦੀਆਂ ਉਪਰਲੀਆਂ ਪਰਤਾਂ ਵਿਚ ਪਹੁੰਚ ਜਾਂਦਾ ਹੈ ਤਾਂ ਸੂਰਜ ਤੋ ਆ ਰਹੀਆਂ ਪਰਾਵੈਂਗਣੀ ਕਿਰਨਾਂ ਵੱਲੋਂ ਇਨ੍ਹਾਂ ਤੱਤਾ ਦੇ ਰਸਾਇਣਿਕ ਬੰਧਨ ਤੋੜੇ ਜਾਂਦੇ ਹਨ, ਜਿਸ ਨਾਲ ਕਲੋਰੀਨ ਪ੍ਰਮਾਣੂ ਪੈਦਾ ਹੋ ਜਾਂਦਾ ਹੈ। ਇਹ ਪ੍ਰਮਾਣੂ ਓਜ਼ੋਨ ਦੇ ਕਣਾਂ ਨੂੰ ਸਾਧਾਰਨ ਆਕਸੀਜਨ ਵਿਚ ਬਦਲ ਦਿੰਦੇ ਹਨ। ਇਸ ਤਰ੍ਹਾਂ ਨਾਲ ਓਜ਼ੋਨ ਦੇ ਹਜ਼ਾਰਾਂ ਕਣ ਨਸ਼ਟ ਹੋ ਜਾਂਦੇ ਹਨ। ਔਸਤ ਅਨੁਸਾਰ ਇਕ ਇਕਹਿਰਾ ਕਲੋਰੀਨ ਪਰਮਾਣੂ ਇਕ ਲੱਖ ਓਜ਼ੋਨ ਅਣੂਆਂ ਨਾਲ ਕਿਰਿਆ ਕਰ ਸਕਦਾ ਹੈ। ਸੋ ਇਸ ਤੋਂ ਪਤਾ ਲਗਦਾ ਹੈ ਕਿ ਕਲੋਰੋਫਲੋਰੋਕਾਰਬਨ, ਬਰੋਮੋਫਲੋਰੋਕਾਰਬਨ ਤੇ ਕਾਰਬਨ ਟੈਟਰਾਕਲੋਰਾਈਡ ਵਰਗੇ ਤੱਤਾਂ ਦਾ ਵਾਯੂਮੰਡਲ ਵਿਚ ਪਹੁੰਚਣਾ ਕਿੰਨ੍ਹਾ ਖ਼ਤਰਨਾਕ ਹੈ। ਇਨ੍ਹਾਂ ਰਸਾਇਣਾ ਦੇ ਖ਼ਤਰਨਾਕ ਪ੍ਰਭਾਵਾਂ ਕਰ ਕੇ ਰੈਫਰੀਜਰੇਟਰਾਂ ਤੇ ਏ ਸੀ ਵਿਚ ਹਾਈਡ੍ਰੋਕਲੋਰੋਫਲੋਰੋਕਾਰਬਨ ਨੂੰ ਇਨ੍ਹਾਂ ਦੇ ਬਦਲ ਵਜੋਂ ਵਰਤਿਆ ਜਾਣ ਲੱਗਾ।

ਇਸ ਤੋਂ ਇਲਾਵਾ ਕੁਦਰਤ ਦੀ ਸਾਂਭ-ਸੰਭਾਲ ਲਈ ਹੋਏ ਸਮਝੌਤੇ ਤਹਿਤ ਹੋਰ ਵੀ ਕਦਮ ਉਠਾਏ ਜਾ ਰਹੇ ਹਨ ਤਾਂ ਕਿ ਜੀਵਨ ਰੱਖਿਅਕ ਪਰਤ ਦੀ ਸੰਭਾਲ ਕੀਤੀ ਜਾਵੇ। ਪਿਆਰੇ ਬੱਚਿਓ ਆਓ 16 ਸਤੰਬਰ ਨੂੰ ਵਿਸ਼ਵ ਓਜ਼ੋਨ ਦਿਵਸ ਦੇ ਮੌਕੇ 'ਤੇ ਅਸੀ ਵੀ ਆਪਣੇ ਵਾਤਾਵਰਨ ਦੀ ਸੰਭਾਲ ਦੀ ਸੰਭਾਲ ਲਈ ਵੱਧ ਤੋਂ ਵੱਧ ਰੁੱਖ ਲਗਾਈਏ। •

---

**ਪ੍ਰੋ: ਐਚ.ਐਸ.ਡਿੰਪਲ**

# ਸਮੂਹਿਕ ਆਤਮਹੱਤਿਆ ਕਰਨ ਵਾਲੇ ਜੀਵ

***ਚੂਹੇ ਦੀ ਸ਼ਕਲ ਅਤੇ ਆਕਾਰ ਵਾਲੇ ਹਜ਼ਾਰਾਂ ਜੀਵ ਜਦ ਸਮੁੰਦਰ ਵੱਲ ਦੌੜਦੇ ਹੋਏ ਛਾਲਾਂ ਮਾਰਦੇ ਵਿਖਾਈ ਦਿੰਦੇ ਹਨ ਤਾਂ ਮਨ ਵਿਚ ਇਕ ਸਵਾਲ ਉੱਠਦਾ ਹੈ। ਇਹ ਕੀ ਹੈ? ਕੀ ਇਹ ਸਮੂਹਿਕ ਖ਼ੁਦਕਸ਼ੀ ਹੈ? ਜਾਂ ਕੁਝ ਹੋਰ? ਇਹ ਕ੍ਰਮ ਲਗਾਤਾਰ ਕਈ ਦਿਨ, ਹਫ਼ਤੇ ਅਤੇ ਮਹੀਨੇ ਚਲਦਾ ਰਹਿੰਦਾ ਹੈ ਜਿਸ ਨੂੰ ਕੁਝ ਜੀਵ ਵਿਗਿਆਨੀ ਕੁਦਰਤੀ ਸਮਝੌਤਾ ਅਤੇ ਕੁਝ ਭੁਲੇਖੇ ਵਿਚ ਆਤਮ-ਹੱਤਿਆ ਆਖ ਦਿੰਦੇ ਹਨ...***

ਯੂਰਪ ਦੇ ਨਾਰਵੇ, ਸਵੀਡਨ, ਡੈਨਮਾਰਕ ਅਤੇ ਸਕੈਂਡੇਨੇਵੀਆ ਵਰਗੇ ਅਨੇਕਾਂ ਦੇਸ਼ਾਂ ਦੇ ਵਿਚ ਅਜਿਹਾ ਆਮ ਵੇਖਣ ਨੂੰ ਮਿਲਦਾ ਹੈ ਪਰ ਹਰ ਸਾਲ ਨਹੀਂ, ਸਗੋਂ ਚਾਰ ਪੰਜ ਸਾਲ ਦੇ ਬਾਅਦ!....

ਚੂਹੇ ਦੀ ਸ਼ਕਲ ਅਤੇ ਆਕਾਰ ਵਾਲੇ ਇਸ ਜੀਵ ਦਾ ਨਾਂ ਲੈਮਿੰਗ ਹੈ ਅਤੇ ਇਹ ਚਾਰ-ਪੰਜ ਇੰਚ ਲੰਮਾ ਜੀਵ ਧੜ ਵਿਚ ਚੂਹੇ ਤੋਂ ਕੁਝ ਭਾਰੀ ਹੁੰਦਾ ਹੈ ਪਰ ਵਿਗਿਆਨੀਆਂ ਅਨੁਸਾਰ ਇਹ ਚੂਹੇ ਦੀ ਜਾਤੀ ਦਾ ਹੀ ਜੀਵ ਹੈ, ਜਿਸ ਨੂੰ ਜੰਗਲੀ ਚੂਹਾ ਵੀ ਆਖਿਆ ਜਾ ਸਕਦਾ ਹੈ।

- ਇਸਦਾ ਰੰਗ ਪੀਲਾ ਹੁੰਦਾ ਹੈ ਅਤੇ ਇਸ ਦੀ ਚਮੜੀ 'ਤੇ ਕਾਲੇ ਗੂੜ੍ਹੇ ਭੂਰੇ ਧੱਬੇ ਪਾਏ ਜਾਂਦੇ ਹਨ।
- ਇਹ ਸ਼ਾਕਾਹਾਰੀ ਜੀਵ ਹੈ, ਜੋ ਰੁੱਖਾਂ ਦੇ ਪੱਤੇ ਅਤੇ ਡੱਕੇ ਆਦਿ ਖਾ ਕੇ ਗੁਜ਼ਾਰਾ ਕਰਦਾ ਹੈ।
- ਗਰੀਨ ਲੈਂਡ ਅਤੇ ਕੈਨੇਡਾ ਵਿਚ ਇਹ ਕਾਫ਼ੀ ਮਾਤਰਾ 'ਚ ਪਾਇਆ ਜਾਂਦਾ ਹੈ।
- ਸਰਦੀਆਂ ਵਿਚ ਇਹ ਧਰਤੀ 'ਚ ਸੁਰਾਖ਼ ਕਰਦੇ ਹਨ ਅਤੇ ਇਨ੍ਹਾਂ ਦੀ ਪ੍ਰਜਨਣ ਗਤੀ ਬਹੁਤ ਤੇਜ਼ ਮੰਨੀ ਜਾਂਦੀ ਹੈ।
- ਮਾਦਾ ਲੈਮਿੰਗ ਇਕ ਸਾਲ ਵਿਚ ਘੱਟ ਤੋਂ ਘੱਟ 10 ਬੱਚੇ ਜਣ ਦਿੰਦੀ ਹੈ। ਆਪਣੇ ਬੱਚਿਆਂ ਲਈ ਇਹ ਘਾਹ ਦਾ ਇਕ ਆਲ੍ਹਣਾ ਬਣਾਉਂਦੇ ਹਨ ਅਤੇ ਇਸ ਨੂੰ ਕੋਮਲ ਮੁਲਾਇਮ ਰੱਖਣ ਦੇ ਲਈ ਵਾਲਾਂ ਦਾ ਫ਼ਰਸ਼ ਤਿਆਰ ਕਰਦੀ ਹੈ।
- ਭਾਵੇਂ ਵਿਗਿਆਨਕ ਤੌਰ 'ਤੇ ਇਸ ਵੱਲੋਂ ਆਤਮਹੱਤਿਆ ਕਰਨ ਦੇ ਕਾਰਨ ਨੂੰ ਸਮਝਣ ਵਿਚ ਅਸਫਲ ਰਹੇ ਹਨ ਪਰ ਫਿਰ ਵੀ ਵਿਗਿਆਨੀਆਂ ਨੇ ਇਸ ਬਾਰੇ ਅਲੱਗ ਅਲੱਗ ਅਨੁਮਾਨ ਲਗਾਏ ਹਨ। ਇਕ ਅਨੁਮਾਨ ਅਨੁਸਾਰ ਲੈਮਿੰਗਾਂ ਦੀ ਗਿਣਤੀ ਜਦ ਬਹੁਤ ਵੱਧ ਜਾਂਦੀ ਹੈ ਤਾਂ ਇਨ੍ਹਾਂ ਦਾ ਭੋਜਨ ਘੱਟ ਜਾਂਦਾ ਹੈ ਅਤੇ ਭੋਜਨ ਦੀ ਭਾਲ ਵਿਚ ਲੈਮਿੰਗਾਂ ਦੇ ਝੁੰਡ ਸਮੂਹਿਕ ਰੂਪ ਵਿਚ ਭੋਜਨ ਦੀ ਭਾਲ ਵਿਚ ਜੁੱਟ ਜਾਂਦੇ ਹਨ। ਜਦ ਜੰਗਲਾਂ ਵਿਚ ਇਨ੍ਹਾਂ ਨੂੰ ਕੋਈ ਭੋਜਨ ਨਹੀਂ ਮਿਲਦਾ ਤਾਂ ਇਹ ਸਮੁੰਦਰ ਵਿਚ ਭੋਜਨ ਲੱਭਣ ਲਈ ਵੜ ਜਾਂਦੇ ਹਨ। ਸਮੁੰਦਰ ਦਾ ਪਾਣੀ ਇਨ੍ਹਾਂ ਦੇ ਸਰੀਰ ਦੇ ਅਨੁਕੂਲ ਨਾ ਹੋਣ ਕਾਰਨ ਇਹ ਸਮੁੰਦਰ ਵਿਚ ਡੁੱਬਣ ਤੋਂ ਬਾਅਦ ਮਰ ਜਾਂਦੇ ਹਨ। ਇਹ ਵੀ ਕਿਹਾ ਜਾਂਦਾ ਹੈ ਕਿ ਖਾਣੇ ਦੀ ਭਾਲ 'ਚ ਜਦ ਇਹ ਇਧਰ-ਉਧਰ ਭਟਕਦੇ ਹਨ ਤਾਂ ਥੱਕ ਜਾਂਦੇ ਹਨ।
- ਦਿਨ ਸਮੇਂ ਭੋਜਨ ਦੀ ਭਾਲ ਕਰਦੇ ਹਨ ਅਤੇ ਰਾਤ ਸਮੇਂ ਆਰਾਮ ਕਰਦੇ ਹਨ।
- ਅਨੇਕਾਂ ਸ਼ਿਕਾਰੀ ਪੰਛੀ ਇਨ੍ਹਾਂ ਦਾ ਪਿੱਛਾ ਕਰਦੇ ਹੋਏ ਇਨ੍ਹਾਂ ਦਾ ਸਫਾਇਆ ਵੀ ਕਰ ਦਿੰਦੇ ਹਨ ਅਤੇ ਬਚੇ ਖੁਚੇ ਲੈਮਿੰਗ ਖੇਤਾਂ, ਸੜਕਾਂ, ਜੰਗਲਾਂ ਅਤੇ ਝੀਲਾਂ ਵਿਚ ਭੋਜਨ ਨਾ ਲੱਭ ਸਕਣ ਕਾਰਨ ਨਿਰਾਸ਼ ਹੋ ਕੇ ਸਮੁੰਦਰ ਵਿਚ ਤੈਰਨ ਲਗਦੇ ਹਨ ਅਤੇ ਮੱਛੀਆਂ ਆਦਿ ਫੜ ਕੇ ਗੁਜ਼ਾਰਾ ਕਰਦੇ ਹਨ।



- ਸਮੁੰਦਰ ਦੀ ਖ਼ੁਰਾਕ ਅਤੇ ਜੀਵਨ ਇਨ੍ਹਾਂ ਦੇ ਸਰੀਰ ਦੇ ਅਨੁਕੂਲ ਨਾ ਹੋਣ ਕਰ ਕੇ ਅਤੇ ਮਹੀਨਾ ਭਰ ਲਗਾਤਾਰ ਦੌੜਣ ਕਾਰਨ ਹੋਈ ਥਕਾਵਟ ਕਰਕੇ ਕੁਝ ਹੀ ਦਿਨਾਂ ਵਿਚ ਸਾਗਰ ਵਿਚ ਡੁੱਬ ਕੇ ਮਰ ਜਾਂਦੇ ਹਨ ਜਾਂ ਦੂਜੇ ਸਮੁੰਦਰੀ ਜੀਵਾਂ ਦਾ ਭੋਜਨ ਬਣਦੇ ਹਨ।
- ਸਮੁੰਦਰ ਵਿਚ ਡੁੱਬ ਜਾਣ ਦਾ ਡਰ ਜਾਂ ਅਸਮਰਥਾ ਬਾਰੇ ਵਿਗਿਆਨੀਆਂ ਨੂੰ ਅਜੇ ਤਕ ਪਤਾ ਨਹੀਂ ਲੱਗਾ। ਕੁਦਰਤ ਦੇ ਇਸ ਅਨੋਖੀ ਪ੍ਰਕਿਰਿਆ ਦੇ ਰਹੱਸ ਤੋਂ ਪਰਦਾ ਉਠਾਉਣ ਲਈ ਜੀਵ ਜੰਤੂ ਵਿਗਿਆਨੀ ਲਗਾਤਾਰ ਕੋਸ਼ਿਸ਼ਾਂ ਕਰ ਰਹੇ ਹਨ ਪਰ ਅਜੇ ਕੋਈ ਸੁਰਾਗ਼ ਜਾਂ ਆਧਾਰ ਹੱਥ ਨਹੀਂ ਲੱਗਾ।
- ਵੇਖਿਆ ਜਾਵੇ ਤਾਂ ਇਹ ਇਕ ਸੱਚਾਈ ਹੈ ਕਿ ਸਮੂਹਿਕ ਆਤਮਹੱਤਿਆ ਕਰਨ ਦਾ ਇਹ ਇਕੋ ਇਕ ਨਮੂਨਾ ਨਹੀਂ ਹੈ।
- ਆਸਾਮ 'ਚ 'ਖਾਜਿੜਾ ਨਾਮੀਂ ਪਿੰਡ ਵਿਚ ਜਤਿੰਗਾ ਨਾਂ ਦੇ ਪੰਛੀ ਵੱਡੀ ਗਿਣਤੀ ਵਿਚ ਹਰ ਸਾਲ ਖ਼ੁਦਕੁਸ਼ੀ ਕਰਨ ਲਈ ਆਉਂਦੇ ਹਨ।
- ਇਹ ਇਕ ਦੁਰਲਭ ਪ੍ਰਾਣੀ ਹੋਣ ਕਰ ਕੇ ਕਈ ਵਾਰ ਪਸ਼ੂ ਪ੍ਰੇਮੀ ਇਨ੍ਹਾਂ ਨੂੰ ਮਰਨ ਤੋਂ ਬਚਾਉਣ ਲਈ ਕੋਸ਼ਿਸ਼ ਵੀ ਕਰਦੇ ਹਨ।
- ਇਕਹਿਰੇ ਜਾਂ ਸਮੂਹਿਕ ਰੂਪ 'ਚ ਆਤਮਹੱਤਿਆ ਕਰਨ ਦੀ ਪ੍ਰਵਿਰਤੀ ਜੀਵ ਵਿਗਿਆਨੀਆਂ ਲਈ ਇਕ ਅਜੀਬ ਰਹੱਸ ਬਣੀ ਹੋਈ ਹੈ। •

---



ਬਾਲ ਕਥਾ

# ਨਸੀਹਤ

**ਬੱਚਿਓ! ਸਾਨੂੰ ਕਦੇ ਵੀ ਕਿਸੇ ਦੀ ਨਕਲ ਨਹੀਂ ਕਰਨੀ ਚਾਹੀਦੀ। ਨਕਲ ਨਾਲ ਕੀਤਾ ਗਿਆ ਕੰਮ ਸਾਨੂੰ ਖ਼ੁਸ਼ੀ ਨਹੀਂ ਦਿੰਦਾ। ਆਓ ਜਾਣਦੇ ਹਾਂ ਕਿ ਅੱਜ ਦੀ ਕਹਾਣੀ ਸਾਨੂੰ ਕੀ ਸਿੱਖਿਆ ਦਿੰਦੀ ਹੈ...**

ਇਕ ਜੰਗਲ ਵਿਚ ਨਦੀ ਕਿਨਾਰੇ ਕਿੱਕਰ ਦੇ ਰੁੱਖ 'ਤੇ ਇਕ ਚਿੱਟਾ ਬਗਲਾ ਰਹਿੰਦਾ ਸੀ। ਜਿਸ ਦੇ ਨੇੜਲੇ ਰੁੱਖ ਤੇ ਇਕ ਕਾਲਾ ਕਾਂ ਵੀ ਰਹਿੰਦਾ ਸੀ। ਉਹ ਨਦੀ ਕੰਢੇ ਸ਼ਹਿ ਲਾ ਕੇ ਬੈਠੇ ਬਗਲੇ ਨੂੰ ਮੱਛੀਆਂ ਦਾ ਸ਼ਿਕਾਰ ਕਰਦਾ ਵੇਖਦਾ ਰਹਿੰਦਾ ਸੀ। ਕੁਝ ਚਿਰ ਬਾਅਦ ਹੌਲੀ-ਹੌਲੀ ਕਾਂ ਅਤੇ ਬਗਲਾ ਦੋਸਤ ਬਣ ਗਏ। ਦੁਪਹਿਰ ਤਕ ਬਗਲਾ ਮੱਛੀਆਂ ਦਾ ਕਿੰਨਾ ਸਾਰਾ ਸ਼ਿਕਾਰ ਕਰ ਲੈਂਦਾ ਫਿਰ ਦੋਵੇਂ ਮਿੱਤਰ ਇਕੱਠੇ ਖਾਣਾ ਖਾਂਦੇ। ਰੋਜ਼ ਮੱਛੀਆਂ ਦਾ ਸਵਾਦੀ ਖਾਣਾ ਖਾ ਕਾਂ ਮੋਟਾ ਤਾਜ਼ਾ ਹੋ ਗਿਆ। ਬਗਲਾ ਕਿਵੇਂ ਸ਼ਿਕਾਰ ਕਰਦਾ ਹੈ, ਕਾਂ ਰੁੱਖ 'ਤੇ ਬੈਠਾ ਵੇਖਦਾ ਰਹਿੰਦਾ। ਕਿੱਕਰ ਦੀ ਟੀਸੀ 'ਤੋਂ ਉੱਡਦਾ ਬਗਲਾ ਤੇਜ਼ੀ ਨਾਲ ਹੇਠਾਂ ਆਉਂਦਾ, ਆਪਣੀ ਲੰਮੀ ਚੁੰਝ ਖੋਲ੍ਹ ਮੱਛੀ 'ਤੇ ਝਟਪਦਾ ਤੇ ਲੈ ਜਾ ਕੇ ਅਤੇ ਨਦੀ ਕਿਨਾਰੇ ਰੇਤ 'ਤੇ ਛੁਪਾ ਆਉਂਦਾ।

ਕਾਂ ਨੇ ਸੋਚਿਆ ਕਿ ਇਹ ਕਿਹੜੀ ਵੱਡੀ ਗੱਲ ਹੈ। ਉਪਰ ਉੱਡਣਾ, ਮੱਛੀ 'ਤੇ ਨਜ਼ਰ ਟਿਕਾਈ ਰੱਖਣਾ। ਫਿਰ ਤੇਜ਼ੀ ਨਾਲ ਹੇਠਾਂ ਆਉਣਾ, ਚੁੰਝ ਨਾਲ ਪਾਣੀ 'ਚੋਂ ਮੱਛੀ ਫੜਨਾ ਅਤੇ ਕੰਢੇ ਜਾ ਬੈਠਣਾਂ। ਇਸ ਤਰ੍ਹਾਂ ਉਸ ਦੀ ਮੱਛੀ ਚੁੰਝ 'ਚ ਆ ਹੀ ਜਾਵੇਗੀ। ਹੋਰ ਕਿੱਥੇ ਜਾਵੇਗੀ? ਸਭ ਕੁਝ ਸੋਚ ਵਿਚਾਰ ਕੇ ਕਾਂ ਉੱਡਿਆ। ਸੁਸਤ ਉਡਾਣ ਭਰਦਾ ਨਦੀ ਉਪਰ ਆਇਆ। ਉਸਨੇ ਵੀ ਬਗਲੇ ਵਾਂਗ ਉਪਰੋਂ ਉਡਾਰੀ ਮਾਰ, ਹੇਠਾਂ ਆ, ਪੈਰ ਪਾਣੀ 'ਤੇ ਰੱਖੇ ਤੇ ਚੁੰਝ ਪਾਣੀ 'ਚ ਮਾਰ ਮੱਛੀ ਫੜਨ ਪਿਆ ਪਰ ਮੱਛੀ ਫੁਰਤੀ ਨਾਲ ਪਾਣੀ 'ਚ ਡੁੱਬਕੀ ਮਾਰ ਗਈ।

ਕਾਂ ਬੁਰੀ ਤਰਾਂ ਭਿੱਜ ਗਿਆ। ਨਿਕਲਣ ਦੀ ਕੋਸ਼ਿਸ਼ ਕਰਦਾ ਉਹ ਥੱਕ ਹਾਰ ਗਿਆ ਉਸ ਨੂੰ ਡੁੱਬਦਾ ਵੇਖ ਬਗਲਾ ਤੇਜ਼ੀ ਨਾਲ ਉੱਡਦਾ ਹੇਠਾਂ ਆਇਆ ਤੇ ਕਾਂ ਨੂੰ ਬਚਾਉਣ ਦੀ ਕੋਸ਼ਿਸ਼ ਕਰਨ ਲੱਗਾ। ਬਗਲੇ ਨੇ ਬੜੀ ਮੁਸ਼ਕਲ ਨਾਲ ਕਾਂ ਨੂੰ ਕੰਢੇ ਲਿਆਂਦਾ। ਕੁੱਝ ਦੇਰ ਆਰਾਮ ਕਰ, ਖੰਭ ਸੁਕਾ ਕਾਲਾ ਕਾਂ ਉੱਡਣ ਯੋਗ ਹੋ ਗਿਆ। ਬਗਲੇ ਨੇ ਕਾਲੇ ਕਾਂ ਨੂੰ ਨਸੀਹਤ ਕੀਤੀ 'ਕਦੀ ਕਿਸੇ ਦੀ ਨਕਲ ਨਹੀਂ ਕਰਨੀ ਚਾਹੀਦੀ'। ਕਾਂ ਬੜਾ ਸ਼ਰਮਿੰਦਾ ਹੋਇਆ। ਉਸ ਬਗਲੇ ਦੀ ਨਸੀਹਤ ਅੱਗੇ ਸਿਰ ਝੁਕਾਉਂਦਿਆ ਪ੍ਰਣ ਕੀਤਾ ਕਿ ਉਹ ਅੱਗੇ ਤੋਂ ਕਿਸੇ ਦੀ ਨਕਲ ਕਦੀ ਨਹੀਂ ਕਰੇਗਾ।

• ਗੁਰਪ੍ਰੀਤ ਕੌਰ ਗਿੱਲ

---



# ਇੰਟਰਨੈਸ਼ਨਲ ਸਪੇਸ ਸਟੇਸ਼ਨ 'ਆਈਐੱਸਐੱਸ'

ਅੰਤਰਿਸ਼ ਸਟੇਸ਼ਨ (ਸਪੇਸ ਸਟੇਸ਼ਨ) ਨੂੰ ਆਰਬੀਟਲ ਸਟੇਸ਼ਨ ਵੀ ਕਿਹਾ ਜਾਂਦਾ ਹੈ। ਇਹ ਸਪੇਸ 'ਚ ਇਨਸਾਨਾਂ ਦੁਆਰਾ ਬਣਾਇਆ ਗਿਆ ਇਕ ਅਜਿਹਾ ਸਟੇਸ਼ਨ ਹੈ, ਜਿੱਥੇ ਵਿਗਿਆਨੀ ਨਵੀਆਂ-ਨਵੀਆਂ ਖੋਜਾਂ ਕਰਦੇ ਹਨ। ਇਸ ਸਟੇਸ਼ਨ ਨਾਲ ਧਰਤੀ ਅਤੇ ਆਕਾਸ਼ ਦੇ ਬਾਰੇ 'ਚ ਨਵੀਆਂ ਨਵੀਆਂ ਜਾਣਕਾਰੀਆਂ ਲਈਆਂ ਜਾ ਸਕਦੀਆਂ ਹਨ।

### ਕਿੰਝ ਬਣਿਆ ਸਪੇਸ ਸੈਂਟਰ

ਆਈਐੱਸਐੱਸ ਨੂੰ 20 ਨਵੰਬਰ 1998 ਨੂੰ ਲਾਂਚ ਕੀਤਾ ਗਿਆ ਸੀ। ਪਹਿਲਾਂ ਇਸ ਨੂੰ 15 ਸਾਲਾਂ ਲਈ ਇਸਤੇਮਾਲ ਕਰਨ ਦੀ ਗੱਲ ਸੀ ਪਰ ਬਾਅਦ 'ਚ ਇਸ ਨੂੰ 2020 ਤਕ ਕੀਤਾ ਗਿਆ। 2003 'ਚ ਸ਼ਟਲਯਾਨ ਕੋਲੰਬੀਆ ਨੇ ਹਾਦਸੇ ਤੋਂ ਬਾਅਦ ਨਾਸਾ ਨੇ ਆਈਐੱਸਐੱਸ ਨੂੰ ਖ਼ਾਲੀ ਛੱਡਣ ਦਾ ਫ਼ੈਸਲਾ ਕੀਤਾ ਸੀ ਪਰ ਕੁਝ ਸਮੇਂ ਬਾਅਦ ਹੀ ਹਰ ਸਮੇਂ ਪੁਲਾੜ ਯਾਤਰੀ ਦੇ ਉੱਥੇ ਰੱਖਣ ਦਾ ਫ਼ੈਸਲਾ ਕੀਤਾ ਗਿਆ।

### ਰੋਚਕ ਤੱਤ

- ਇੰਟਰਨੈਸ਼ਨਲ ਸਪੇਸ ਸਟੇਸ਼ਨ ਨੂੰ ਬਣਾਉਣ 'ਚ 16 ਦੇਸ਼ ਸ਼ਾਮਲ ਹਨ- ਅਮਰੀਕਾ, ਰੂਸ, ਕੈਨੇਡਾ, ਜਾਪਾਨ, ਬੈਲਜ਼ੀਅਮ, ਬ੍ਰਾਜ਼ੀਲ, ਡੈਨਮਾਰਕ, ਫਰਾਂਸ, ਜਰਮਨੀ, ਇਟਲੀ, ਨੀਦਰਲੈਂਡ, ਨਾਰਵੇ, ਸਪੇਨ, ਸਵੀਜਨ ਅਤੇ ਯੂਕੇ।
- ਇਸ ਸਟੇਸ਼ਨ ਨੂੰ ਬਣਾਉਣ 'ਚ ਲਗਪਗ 120 ਬਿਲੀਅਨ ਡਾਲਰ ਖ਼ਰਚ ਹੋਏ ਹਨ।
- ਸਪੇਸ ਸਟੇਸ਼ਨ 357 ਫੁੱਟ 'ਚ ਬਣਿਆ ਹੋਇਆ ਹੈ, ਜੋ ਇਕ ਫੁੱਟਬਾਲ ਦੇ ਮੈਦਾਨ ਤੋਂ ਵੀ ਵੱਡਾ ਹੈ।
- ਕਲਪਨਾ ਚਾਵਲਾ ਅਤੇ ਉਨ੍ਹਾਂ ਦੇ ਸਾਥੀਆਂ ਦੀ ਮੌਤ ਜਿਸ ਸਪੇਸ ਸਟੇਸ਼ਨ ਦੀ ਧਰਤੀ 'ਤੇ ਉਤਰਦੇ ਸਮੇਂ ਧਮਾਕੇ ਕਾਰਨ ਹੋਈ ਸੀ, ਉਹ ਇੰਟਰਨੈਸ਼ਨਲ ਸਪੇਸ ਸਟੇਸ਼ਨ ਤੋਂ ਹੀ ਵਾਪਸ ਆ ਰਿਹਾ ਸੀ।
- ਸਪੇਸ ਸਟੇਸ਼ਨ ਦਾ ਭਾਰ ਕਰੀਬ 4,19,455 ਕਿਲੋਗ੍ਰਾਮ ਹੈ। ਇਸ ਤਰ੍ਹਾਂ ਇਹ ਮਨੁੱਖ ਦੁਆਰਾ ਪੁਲਾੜ 'ਚ ਭੇਜੀ ਗਈ ਸਭ ਤੋਂ ਭਾਰੀ ਵਸਤੂ ਹੈ।
- ਪੁਲਾੜ ਯਾਤਰੀ ਦਿਨ 'ਚ ਤਿੰਨ ਵਾਰ ਖਾਣਾ ਖਾਂਦੇ ਹਨ ਪਰ ਉਹ ਖਾਣਾ ਬੈਠ ਕੇ ਨਹੀਂ ਖਾਂਦੇ। ਉਹ ਬਸ ਖ਼ੁਦ ਨੂੰ ਸਥਿਰ ਰੱਖ ਕੇ ਹਵਾ 'ਚ ਤੈਰਦੇ ਰਹਿੰਦੇ ਹਨ।
- ਇੰਟਰਨੈਸ਼ਨਲ ਸਪੇਸ ਸਟੇਸ਼ਨ 'ਤੇ ਹੁਣ ਤਕ ਕਰੀਬ 15 ਦੇਸ਼ਾਂ ਦੇ 200 ਤੋਂ ਜ਼ਿਆਦਾ ਵਿਗਿਆਨੀ ਗਏ ਹਨ। ਭਾਰਤੀ ਮੂਲ ਦੀ ਕਲਪਨਾ ਚਾਵਲਾ ਅਤੇ ਸੁਨੀਤਾ ਵਿਲਿਅਮਜ਼ ਵੀ ਇੱਥੇ ਜਾ ਚੁੱਕੀਆਂ ਹਨ।
- ਭਾਰਤੀ ਹਵਾਈ ਸੈਨਾ ਦੇ ਲੀਡਰ ਰਾਕੇਸ਼ ਸ਼ਰਮਾ 2 ਅਪ੍ਰੈਲ 1984 ਨੂੰ ਦੋ ਹੋਰ ਸੋਵੀਅਤ ਪੁਲਾੜ ਯਾਤਰੀਆਂ ਦੇ ਨਾਲ ਸਪੇਸ ਸ਼ਟਲ ਸੋਇਊਜ਼ ਟੀ-11 'ਚ ਸਵਾਰ ਹੋ ਕੇ ਪੁਲਾੜ 'ਚ ਪਹੁੰਚੇ ਸੀ।
- ਰਾਕੇਸ਼ ਸ਼ਰਮਾ ਭਾਰਤ ਦੇ ਪਹਿਲੇ ਅਤੇ ਵਿਸ਼ਵ ਦੇ 138 ਵੇਂ ਪੁਲਾੜ ਯਾਤਰੀ ਸੀ।
- ਉਹ 8 ਦਿਨਾਂ ਤਕ ਪੁਲਾੜ 'ਚ ਸੋਵੀਅਤ ਰੂਸ ਦੁਆਰਾ ਸਥਾਪਿਤ ਪੁਲਾੜ ਕੇਂਦਰ ਸੋਲਯੂਜ਼-7 'ਚ ਰਹੇ।
- ਇਸ ਦੌਰਾਨ ਉਨ੍ਹਾਂ ਨੇ ਪੁਲਾੜ ਤੋਂ ਉੱਤਰੀ ਭਾਰਤ ਦੇ ਅਨੇਕਾਂ ਚਿੱਤਰ ਲਏ।
- ਜਦੋਂ ਕੋਈ ਐੱਸਟ੍ਰਾਨਾਟ ਸਪੇਸ 'ਚ ਕਦਮ ਰੱਖਦਾ ਹੈ ਤਾਂ ਉਸ ਨੂੰ 'ਸਪੇਸ ਵਾਕ' ਕਹਿੰਦੇ ਹਨ। 18 ਮਾਰਚ 1965 ਨੂੰ ਰੂਸੀ ਪੁਲਾੜ ਯਾਤਰੀ ਅਲੇਕਸੀ ਲਿਓਨੋਵ ਨੇ ਪਹਿਲੀ ਵਾਰ ਸਪੇਸ ਵਾਕ ਕੀਤੀ ਸੀ। ਸੁਨੀਤਾ ਵਿਲੀਅਮਜ਼ ਨੇ ਸਪੇਸ 'ਚ ਸਭ ਤੋਂ ਜ਼ਿਆਦਾ ਦਿਨ ਰਹਿਣ ਅਤੇ ਸਭ ਤੋਂ ਲੰਬੀ ਸਪੇਸ ਵਾਕ ਕਰਨ ਦਾ ਰਿਕਾਰਡ ਬਣਾਇਆ ਸੀ।

ਐੱਸਟ੍ਰਾਨਾਟ ਇਕ ਖ਼ਾਸ ਤਰ੍ਹਾਂ ਦੇ ਕੱਪੜੇ ਪਹਿਨਦੇ ਹਨ। ਇਕ ਮੋਟਾ ਜਿਹਾ ਸੂਟ, ਉਸ 'ਤੇ ਹੈੱਲਮੇਟ ਅਤੇ ਆਕਸੀਜਨ ਮਾਸਕ ਵੀ ਲੱਗਾ ਰਹਿੰਦਾ ਹੈ। ਇਹ ਸੂਟ ਸਰੀਰ ਅਤੇ ਪੁਲਾੜ ਦਾ ਤਾਪਮਾਨ ਬੈਲੇਂਸ ਕਰਦਾ ਹੈ। ਇਸ ਅੰਦਰ ਇਕ ਲਾਈਫ਼ ਸਪੋਰਟਿੰਗ ਸਿਸਟਮ ਹੁੰਦਾ ਹੈ। ਜਿਸ ਨਾਲ ਐਸਟ੍ਰਾਨਾਟ ਨੂੰ ਸਾਫ਼ ਆਕਸੀਜਨ ਪ੍ਰਾਪਤ ਹੁੰਦੀ ਹੈ। ਇਸ ਸੂਟ ਅੰਦਰ ਗੈਸ ਅਤੇ ਲਿਕੁਇਟ ਨੂੰ ਰੀਚਾਰਜ ਅਤੇ ਡਿਸਚਾਰਜ ਕਰਨ ਦੀ ਵਿਵਸਥਾ ਵੀ ਹੁੰਦੀ ਹੈ।

### ਸਪੇਸ ਸ਼ਟਲ

ਸਪੇਸ ਸ਼ਟਲ ਨਾਸਾ ਦੁਆਰਾ ਬਣਾਈ ਗਈ ਇਕ ਮਸ਼ੀਨ ਹੈ। ਇਸ ਦੀ ਸਹਾਇਤਾ ਨਾਲ ਆਰਬਿਟਰੀ ਲੈਬੋਰਟਰੀ ਦੇ ਨਾਲ-ਨਾਲ ਚੰਦਰਮਾ ਅਤੇ ਮੰਗਲ ਤੇ ਪੁਲਾੜ ਦੇ ਦੂਜੇ ਖੇਤਰਾਂ ਤਕ ਪਹੁੰਚਿਆ ਜਾ ਸਕਦਾ ਹੈ। ਨਾਸਾ ਦੁਆਰਾ ਚਲਾਏ ਜਾ ਰਹੇ ਸਪੇਸ ਸ਼ਟਲ ਪ੍ਰੋਗਰਾਮ 'ਚ ਹੁਣ ਤਕ ਕਰੀਬ 100 ਪ੍ਰੋਗਰਾਮ ਚਲਾਏ ਜਾ ਚੁੱਕੇ ਹਨ। ਜੋ ਸਮੇਂ-ਸਮੇਂ 'ਤੇ ਪੁਲਾੜੀ ਜਾਣਕਾਰੀ ਮੁਹੱਈਆ ਕਰਵਾਉਂਦੇ ਹਨ। •

***ਐੱਸਟ੍ਰਾਨਾਟ ਪੁਲਾੜ 'ਤੇ ਜਾਂਦੇ ਹਨ। ਇਨ੍ਹਾਂ ਲਈ ਉੱਥੇ ਇੰਟਰਨੈਸ਼ਨਲ ਸਪੇਸ ਸਟੇਸ਼ਨ ਬਣਾਇਆ ਗਿਆ ਹੈ। ਆਓ ਜਾਣਦੇ ਹਾਂ ਇਸ ਬਾਰੇ...***



---

## ਬਾਲ ਕੈਨਵਸ



ਨਾਂ : ਰਾਜਨ ਬਾਲਾ
ਜਮਾਤ : ਤੀਜੀ
ਪਤਾ: ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਅੰਮ੍ਰਿਤਸਰ।





ਨਾਂ : ਪ੍ਰਮੀਤ ਸਿੰਘ
ਜਮਾਤ : ਦੂਜੀ
ਪਤਾ :ਜੋਤੀ ਕਾਨਵੈਂਟ ਸਕੂਲ, ਸੁਲਤਾਨਪੁਰ ਲੋਧੀ।



ਨਾਂ : ਅੰਮਿਤ ਕੁਮਾਰ
ਜਮਾਤ : ਨੌਵੀਂ
ਪਤਾ : ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਜਗਰਾਓਂ।



ਨਾਂ : ਹਰਸਿਮਰਤ ਕੌਰ
ਜਮਾਤ : ਤੀਜੀ
ਪਤਾ : ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਫਤਹਿਗੜ੍ਹ ਸਾਹਿਬ।








ਨਾਂ : ਰਾਹੁਲ
ਜਮਾਤ : ਪੰਜਵੀਂ
ਪਤਾ : ਜੀਪੀਐੱਸ ਮਲਵਾਲ ਸਕੂਲ, ਫਿਰੋਜ਼ਪੁਰ।



ਨਾਂ : ਪਿੰਟੂ
ਜਮਾਤ : ਪੰਜਵੀਂ
ਪਤਾ : ਜੀਪੀਐੱਸ ਮਲਵਾਲ ਸਕੂਲ, ਫਿਰੋਜ਼ਪੁਰ।

**ਇੱਛਾ ਨੂੰ ਆਦਮੀ ਦੀ ਆਬਰੂ ਦਾ ਰੁਤਬਾ ਹਾਸਲ ਹੁੰਦਾ ਹੈ। ਉਸ ਦੇ ਵਿਧਾਨ ਨਾਲ ਜ਼ਿੰਦਗੀ ਨੂੰ ਸਹਿਜੇ ਹੀ ਸਮਝਿਆ ਜਾ ਸਕਦਾ ਹੈ।**

# ਮਨੁੱਖੀ ਇੱਛਾਵਾਂ ਤੇ ਹਕੀਕਤ

ਗਿਆਨ ਨੂੰ ਹਾਸਲ ਕਰਨ ਲਈ ਇਕਾਗਰ ਹੋਣਾ ਪੈਂਦਾ ਹੈ। ਅੱਜ ਕੱਲ੍ਹ ਬਹੁਤ ਸਾਰੀਆਂ ਸ਼ਰਾਰਤੀ ਵਿਉਂਤਬੰਦੀਆਂ ਵਿਚਲੇ ਸੁਆਰਥੀ ਸਿਲਸਿਲੇ ਮਨੁੱਖੀ ਮਨ ਨੂੰ ਚੰਚਲਤਾ ਅਤੇ ਚਲਾਕੀਆਂ ਵੱਲ ਲੈ ਕੇ ਜਾ ਰਹੇ ਹਨ। ਸੂਝਵਾਨ ਬਣ ਕੇ ਜਿਊਣ ਵਾਲੀ ਤਮੰਨਾ ਆਦਮੀ ਨੂੰ ਤੰਦਰੁਸਤ ਬਣਾਈ ਰੱਖਦੀ ਹੈ।



ਓਮ ਪ੍ਰਕਾਸ਼ ਗਾਸੋ
94635-61123

ਇੱਛਾ ਨੂੰ ਆਦਮੀ ਦੀ ਆਬਰੂ ਦਾ ਰੁਤਬਾ ਹਾਸਲ ਹੁੰਦਾ ਹੈ। ਇੱਛਾਵਾਂ, ਰੁਚੀਆਂ, ਸੱਧਰਾਂ, ਸੋਚ, ਸਮਝ, ਸਰੋਕਾਰ, ਸਬੰਧ, ਵਿਸ਼ਵਾਸ਼, ਵਿਧੀ ਅਤੇ ਵਿਧਾਨ ਦੁਆਰਾ ਜ਼ਿੰਦਗੀ ਨੂੰ ਸਹਿਜੇ ਹੀ ਸਮਝਿਆ ਜਾ ਸਕਦਾ ਹੈ। ਇੱਥੇ ਆ ਕੇ ਸਾਡੇ ਸਾਹਮਣੇ ਇਕਦਮ ਇਕ ਨੁਕਤਾ ਉਜਾਗਰ ਹੋਣ ਲੱਗ ਪੈਂਦਾ ਹੈ ਕਿ ਆਪਣੇ ਇਸ ਮੁਲਕ ਨੂੰ ਕੁਦਰਤ ਵੱਲੋਂ ਦਿੱਤੀਆਂ ਸੈਂਕੜੇ ਕਿਸਮ ਦੀਆਂ ਨਿਆਮਤਾਂ ਦੇ ਹੁੰਦਿਆਂ ਕਰੋੜਾਂ ਭਾਰਤ ਨਿਵਾਸੀ ਗ਼ਰੀਬ ਕਿਉਂ ਹਨ? ਨਰਕ ਵਰਗੇ ਹਾਲਾਤ ਆਖਦੇ ਰਹਿੰਦੇ ਹਨ ਕਿ ਅਸੀਂ ਅਜੇ ਆਪਣੇ ਹੱਕ ਪ੍ਰਾਪਤ ਕਰਨ ਦੇ ਵਿਧਾਨਿਕ ਤੱਤ ਤੋਂ ਦੂਰ ਖੜ੍ਹੇ ਹਾਂ। ਹੱਕ ਪ੍ਰਾਪਤ ਕਰਨ ਵਾਲੇ ਤਰੀਕੇ ਨੂੰ ਹੁਨਰ ਕਿਹਾ ਜਾ ਸਕਦਾ ਹੈ। ਹੱਕ ਪ੍ਰਾਪਤ ਕਰਨ ਵਾਲੀ ਇੱਛਾ ਨੂੰ ਹਕੀਕਤ ਕਿਹਾ ਜਾ ਸਕਦਾ ਹੈ। ਹੱਕ ਪ੍ਰਾਪਤ ਕਰਨ ਵਾਲੀ ਵਿੱਦਿਆ ਨੂੰ ਵਿਵੇਕ ਕਿਹਾ ਜਾਂਦਾ ਹੈ।

ਰੌਲੇ ਅਤੇ ਭੀੜ ਵਾਲੇ ਫਾਲਤੂ ਕਿਸਮ ਦੇ ਪਾਠ ਅਤੇ ਪ੍ਰਕਰਣ ਸਿਆਸੀ ਸ਼ੋਸ਼ੇਬਾਜ਼ੀ ਕਾਰਨ ਸਮਾਜਿਕ ਅਤੇ ਸੱਭਿਆਚਾਰਕ, ਆਰਥਿਕ ਅਤੇ ਸੰਸਕ੍ਰਿਤਿਕ ਬੋਝ ਪੈਦਾ ਕਰਦੇ ਰਹਿੰਦੇ ਹਨ। ਸੁਚੇਤ ਬਣ ਕੇ ਗਤੀਸ਼ੀਲ ਹੋਣ ਵਾਲਾ ਸਮਾਜ ਕਦੇ ਵੀ ਸੰਵੇਦਨਸ਼ੀਲ ਭਾਵਨਾ ਨੂੰ ਤਿਲਾਂਜਲੀ ਨਹੀਂ ਦਿੰਦਾ। ਅੱਜ ਕੱਲ੍ਹ ਆਪਣੇ ਇਸ ਸਮੇਂ ਵਿਚ ਅਸੀਂ ਸਮੱਸਿਆਵਾਂ ਦੇ ਮੂਲ ਨੂੰ ਸਮਝਣ 'ਚ ਕੁਤਾਹੀ ਭਾਵ ਅਣਗਹਿਲੀ ਕਰ ਰਹੇ ਹਾਂ।

ਇਸ ਦਾ ਮਤਲਬ ਇਹ ਬਣਦਾ ਹੈ ਕਿ ਜਿਉਂ-ਜਿਉਂ ਕੋਈ ਸੰਘਰਸ਼ਸ਼ੀਲ ਸਿਲਸਿਲਾ, ਪਛਾਣ, ਪਰਖ ਅਤੇ ਪੜਤਾਲ ਤੋਂ ਦੂਰ ਹੁੰਦਾ ਜਾਵੇਗਾ ਤਿਉਂ-ਤਿਉਂ ਉਲਝਣਾਂ ਵਧਦੀਆਂ ਜਾਣਗੀਆਂ। ਸੁਲਝਾ ਨੂੰ ਸਮਾਧਾਨ ਭਾਵ ਇਲਾਜ ਆਖਿਆ ਜਾ ਸਕਦਾ ਹੈ। ਤੰਦਰੁਸਤ ਇੱਛਾ ਦੁਆਰਾ ਹੀ ਸਹੀ ਇਲਾਜ ਦੀ ਪ੍ਰਾਪਤੀ ਹੋ ਸਕਦੀ ਹੈ।

ਅਣਹੋਣੀਆਂ ਦੀ ਜਾਣਕਾਰੀ ਵਾਸਤੇ ਸਾਡੇ ਆਪਣੇ ਸਮੇਂ ਅਤੇ ਸਮਾਜ ਨੂੰ ਸਾਰਥਿਕਤਾ, ਜਿਗਿਆਸਾ, ਵਿਸ਼ਵਾਸ, ਸੰਕਲਪ, ਸਿਧਾਂਤ ਅਤੇ ਹੁਨਰ ਪ੍ਰਤੀ ਸੁਚੇਤ ਹੋਣਾ ਪਵੇਗਾ। •

# ਧੀਆਂ ਦੂਰ ਨਾ ਦਈਏ



ਸੁਖਦੇਵ ਮਾਦਪੁਰੀ
94630-34472



ਪੰਜਾਬੀ ਸਮਾਜ ਮੁੱਖ ਤੌਰ 'ਤੇ ਕਿਸਾਨੀ ਅਧਾਰਤ ਹੈ। ਇਸ ਵਿਚ ਮੁੰਡੇ ਦੇ ਜਨਮ ਅਤੇ ਵਿਆਹ ਦੀ ਵਿਸ਼ੇਸ਼ ਮਹੱਤਤਾ ਰਹੀ ਹੈ। ਇਹ ਦੋਨੋਂ ਮੌਕੇ ਸਮੁੱਚੇ ਪੇਂਡੂ ਭਾਈਚਾਰੇ ਲਈ ਖ਼ੁਸ਼ੀਆਂ ਮਾਣਨ ਅਤੇ ਮਨਾਉਣ ਦੇ ਅਵਸਰ ਪ੍ਰਦਾਨ ਕਰਦੇ ਰਹੇ ਹਨ। ਇਸ ਲਈ ਸਮੂਹ ਪੰਜਾਬੀ ਵਿਆਹ ਨੂੰ ਬੜੀ ਤਬੀਰਤਾ ਨਾਲ ਉਡੀਕਦੇ ਹਨ। ਸੁਹਾਗ ਅਤੇ ਘੋੜੀਆਂ ਵਿਆਹ ਦੇ ਪ੍ਰਮੁੱਖ ਲੋਕ-ਗੀਤ ਹਨ। ਧੀ ਵਾਲੇ ਘਰ ਸੁਹਾਗ ਗਾਏ ਜਾਂਦੇ ਹਨ ਅਤੇ ਮੁੰਡੇ ਵਾਲੇ ਘਰ ਘੋੜੀਆਂ ਗਾਉਣ ਦੀ ਪਰੰਪਰਾ ਹੈ।

## ਔਰਤ ਮਨ ਦੇ ਮਨੋਭਾਵਾਂ ਦੀ ਤਰਜਮਾਨੀ

ਸੁਹਾਗ ਔਰਤਾਂ ਮਨ ਦੇ ਮਨੋਭਾਵਾਂ ਦੀ ਤਰਜਮਾਨੀ ਕਰਨ ਵਾਲੇ ਗੀਤ ਹਨ। ਮਰਦ ਦੀ ਸਰਦਾਰੀ ਕਾਰਨ ਔਰਤ ਸਦੀਆਂ ਤੋਂ ਦਬੀ ਰਹੀ ਹੈ। ਵਿਆਹ ਦੇ ਮੌਕੇ 'ਤੇ ਗਾਏ ਜਾਂਦੇ ਸੁਹਾਗ ਗੀਤ ਉਸ ਨੂੰ ਆਪਣੇ ਦਿਲ ਦੀ ਦਾਸਤਾਨ ਬਿਆਨ ਕਰਨ ਦਾ ਮੌਕਾ ਪ੍ਰਦਾਨ ਕਰਦੇ ਹਨ। ਇਨ੍ਹਾਂ ਦੀ ਸਿਰਜਣਾ ਔਰਤ ਨੇ ਆਪ ਕੀਤੀ ਹੈ। ਇਹ ਸੰਬੋਧਨੀ ਗੀਤ ਹਨ ਜਿਨ੍ਹਾਂ ਵਿਚ ਧੀ ਆਪਣੇ ਮਨ ਦੀ ਗੱਲ ਕਹਿਣ ਲਈ ਆਪਣੀ ਮਾਂ ਜਾਂ ਦਾਦੀ ਨੂੰ ਸੰਬੋਧਿਤ ਹੁੰਦੀ ਹੈ ਅਤੇ ਆਪਣੇ ਵਰ, ਸਹੁਰਾ ਪਰਿਵਾਰ, ਦਾਜ-ਦਹੇਜ ਅਤੇ ਹੋਰ ਲਾਭ-ਯੁਕਤ ਕਾਰਜਾਂ ਲਈ ਆਪਣੇ ਦਾਦੇ, ਬਾਬਲ, ਭਰਾ ਅਤੇ ਮਾਮੇ ਨੂੰ ਮੁਖ਼ਾਤਿਬ ਹੋ ਕੇ ਆਪਣੀਆਂ ਭਾਵਨਾਵਾਂ ਅਤੇ ਇੱਛਾਵਾਂ ਦਾ ਇਜ਼ਹਾਰ ਕਰਦੀ ਹੈ।

## ਧੀਆਂ ਦੇ ਅਰਮਾਨ

ਧੀਆਂ ਦੇ ਵੀ ਆਪਣੇ ਅਰਮਾਨ ਹਨ, ਭਾਵਨਾਵਾਂ ਹਨ ਭਾਵੇਂ ਉਹ ਖੁੱਲ੍ਹ ਕੇ ਆਪਣੇ ਦਿਲ ਦੀ ਗੱਲ ਨਹੀਂ ਸੀ ਕਰ ਸਕਦੀਆਂ ਪਰੰਤੂ ਉਹ ਆਪਣੇ ਵਰ ਅਤੇ ਸਹੁਰੇ ਪਰਿਵਾਰ ਦੀ ਚੋਣ ਸਬੰਧੀ ਚਾਹਤ ਦਾ ਪ੍ਰਗਟਾਵਾ ਸੁਹਾਗ ਗੀਤਾਂ ਦੇ ਮਾਧਿਅਮ ਰਾਹੀਂ ਕਰ ਲੈਂਦੀਆਂ ਸਨ :

ਵਰ ਜੋ ਟੋਲਣ ਚੱਲਿਆ ਪਿਓ ਮੇਰਿਆ
ਪੱਲੇ ਬੰਨ੍ਹ ਲੈ ਬਾਬਲਾ ਦੰਮ ਵੇ
ਚੋਪੜ ਖੇਲਦੇ ਦੋ ਜਾਣੇ
ਪਿਓ ਮੇਰਿਆ ਰਾਜੇ ਬੰਸੀਆ ਵੇ
ਇੱਕੋ ਸਹੇੜੇ ਛੈਲ ਵੇ
ਇਕ ਦੇ ਹੱਥ ਬੰਸਰੀ
ਦੂਜੇ ਹੱਥ ਮੋਰ ਵੇ
ਵੱਜਣ ਲੱਗੀ ਬੰਸਰੀ
ਕੂਕਣ ਲੱਗੇ ਮੋਰ ਵੇ
ਗੋਰਾ-ਗੋਰਾ ਮੈਂ ਵਰਾਂ
ਕਾਲੇ ਸਹੇੜੇ ਕੋਈ ਹੋਰ ਵੇ...

**ਧੀ ਦੀ ਡੋਲੀ ਤੋਰਨ ਦਾ ਦ੍ਰਿਸ਼ ਅਤਿ ਕਰੁਣਾਮਈ ਹੁੰਦਾ ਹੈ। ਉਸ ਦੀਆਂ ਸਹੇਲੀਆਂ ਦਰਦੀਲੇ ਗੀਤ ਗਾ ਕੇ ਸਾਰੇ ਮਾਹੌਲ ਨੂੰ ਸੋਗੀ ਬਣਾ ਦਿੰਦੀਆਂ ਹਨ...**

## ਗੋਰੇ ਤੇ ਛੈਲ ਛਬੀਲੇ ਵਰ ਦੀ ਚਾਹਤ

ਗੋਰੇ ਤੇ ਛੈਲ ਛਬੀਲੇ ਵਰ ਦੀ ਚਾਹਤ ਉਪਰੰਤ ਹਰ ਮੁਟਿਆਰ ਚਾਹੁੰਦੀ ਹੈ ਕਿ ਉਸ ਦਾ ਸਹੁਰਾ ਪਰਿਵਾਰ ਪਰੀ- ਪੂਰਨ ਅਤੇ ਰੱਜਿਆ ਪੁੱਜਿਆ ਹੋਵੇ। ਉਹ ਇਹ ਵੀ ਲੋਚਦੀ ਹੈ ਕਿ ਉਸ ਦਾ ਸਹੁਰਾ ਪਿੰਡ ਉਸ ਦੇ ਪੇਕੇ ਪਿੰਡ ਤੋਂ ਬਹੁਤਾ ਦੂਰ ਨਾ ਹੋਵੇ। ਉਨ੍ਹਾਂ ਵੇਲਿਆਂ ਵਿਚ ਆਵਾਜਾਈ ਦੇ ਸਾਧਨ ਸੀਮਤ ਸਨ। ਦੁਸ਼ਵਾਰ ਰਾਹਾਂ ਕਾਰਨ ਸਹੁਰੀ ਬੈਠੀ ਧੀ ਨੂੰ ਵਰ੍ਹਿਆਂ ਬੱਧੀ ਕੋਈ ਮਿਲਣ ਨਹੀਂ ਸੀ ਜਾਂਦਾ। ਵਿਚਾਰੀ ਝੂਰਦੀ ਰਹਿੰਦੀ ਇਸੇ ਲਈ ਉਹ ਆਪਣੇ ਬਾਬਲ ਨੂੰ ਬਹੁਤੀ ਦੂਰ ਰਿਸ਼ਤਾ ਕਰਨ ਤੋਂ ਹੋੜਦੀ ਹੈ :

ਮੈਂ ਤੈਨੂੰ ਵਰਜਦੀ ਬਾਬਲਾ ਵੇ
ਧੀਆਂ ਦੂਰ ਨਾ ਦਈਏ
ਦੂਰਾਂ ਦੀਆਂ ਵਾਟਾਂ ਲੰਮੀਆਂ
ਵੇ ਸਾਥੋਂ ਤੁਰਿਆ ਨਾ ਜਾਵੇ
ਤੁਰਦੀ ਆਂ ਛਮ-ਛਮ ਰੋਨੀ ਆਂ
ਵੇ ਨੈਣੀਂ ਨੀਂਦ ਨਾ ਆਵੇ...

## ਪਿਤਾ ਦੀ ਚੋਣ 'ਤੇ ਵਾਰੇ-ਵਾਰੇ ਜਾਣਾ

ਜਦੋਂ ਉਸ ਨੂੰ ਆਪਣੇ ਮਨ ਪਸੰਦ ਦਾ ਵਰ ਪ੍ਰਾਪਤ ਹੋ ਜਾਂਦਾ ਹੈ ਤਾਂ ਉਸ ਦੀ ਖ਼ੁਸ਼ੀ ਦਾ ਕੋਈ ਪਾਰਾਵਾਰ ਨਹੀਂ ਰਹਿੰਦਾ। ਉਹ ਆਪਣੇ ਪਿਤਾ ਦੀ ਚੋਣ 'ਤੇ ਵਾਰੇ-ਵਾਰੇ ਜਾਂਦੀ ਹੈ। ਧੀ ਦੇ ਵਿਆਹ ਦੇ ਕਾਰਜ ਨੂੰ ਪਵਿੱਤਰ ਤੇ ਪੁੰਨ ਵਾਲਾ ਕਾਰਜ ਸਮਝਿਆ ਜਾਂਦਾ ਸੀ। ਓਦੋਂ ਆਨੰਦ ਕਾਰਜ ਦੀ ਰਸਮ ਸ਼ੁਰੂ ਨਹੀਂ ਸੀ ਹੋਈ ਪੰਡਤ-ਪਾਧੇ ਬੇਦੀ ਦੇ ਦੁਆਲੇ ਲਾੜਾ, ਲਾੜੀ ਦੀਆਂ ਭੁਆਂਟਣੀਆਂ ਦੇ ਕੇ ਇਹ ਰਸਮ ਅਦਾ ਕਰਦੇ ਸਨ। ਇਸ ਰਸਮ ਨੂੰ ਸਾਹਾ ਸਧਾਉਣ ਦੀ ਰਸਮ ਕਹਿੰਦੇ ਸਨ। ਇਸ ਬਦਲੇ ਪੰਡਤ ਪਾਧੇ ਨੂੰ ਗਾਊਆਂ ਦਾਨ ਵਜੋਂ ਦੇਣ ਦਾ ਰਿਵਾਜ ਸੀ ਤੇ ਧੀਆਂ ਦੇ ਦਾਨ ਜਵਾਈ ਲੈਂਦੇ ਸਨ :

ਬੇਦੀ ਦੇ ਅੰਦਰ ਮੇਰਾ ਬਾਬਾ ਬੁਲਾਵੇ
ਸੱਦਿਆਂ ਬਾਝ ਕਿਉਂ ਨੀਂ ਆਉਂਦਾ
ਵੇ ਰੰਗ ਰਤੜਿਆ ਕਾਨ੍ਹਾਂ
ਗਊਆਂ ਦੇ ਦਾਨ ਪਾਧੇ ਪੰਡਤ ਲੈਂਦੇ
ਧੀਆਂ ਦੇ ਦਾਨ ਜਮਾਈ
ਵੇ ਰੰਗ ਰਤੜਿਆ ਕਾਨ੍ਹਾਂ
ਦਿੱਤੜੇ ਦਾਨ ਕਿਉਂ ਨੀਂ ਲੈਂਦਾ
ਵੇ ਰੰਗ ਰਤੜਿਆ ਕਾਨ੍ਹਾਂ...

## ਧੀ ਦਾ ਰੁਦਨ

ਧੀ ਦੇ ਮਾਪੇ ਚਾਹੇ ਕਿੰਨੇ ਵੀ ਬਖ਼ਤਾਵਰ ਹੋਣ ਪਰੰਤੂ ਉਨ੍ਹਾਂ ਦੀ ਸਥਿਤੀ ਧੀ ਦੇ ਸਹੁਰਿਆਂ ਨਾਲੋਂ ਦੁਜੈਲੀ ਹੁੰਦੀ ਹੈ। ਧੀ ਦਾ ਬਾਬਾ ਤੇ ਬਾਬਲ ਗਲ਼ ਵਿਚ ਪੱਲਾ ਪਾ ਕੇ ਉਸ ਦਾ ਸਾਹਾ ਸਧਾਉਂਦੇ ਹਨ। ਧੀ ਦੀ ਡੋਲੀ ਤੋਰਨ ਦਾ ਦ੍ਰਿਸ਼ ਅਤਿ ਕਰੁਣਾਮਈ ਹੁੰਦਾ ਹੈ। ਉਸ ਦੀਆਂ ਸਹੇਲੀਆਂ ਦਰਦੀਲੇ ਗੀਤ ਗਾ ਕੇ ਸਾਰੇ ਮਾਹੌਲ ਨੂੰ ਸੋਗੀ ਬਣਾ ਦਿੰਦੀਆਂ ਹਨ। ਵਿਦਾ ਹੋ ਰਹੀ ਧੀ ਦਾ ਰੁਦਨ ਝੱਲਿਆ ਨੀਂ ਜਾਂਦਾ। •



# ਬੱਚੇ ਨੂੰ ਚੰਗੇ ਮਾੜੇ ਦੀ ਪਛਾਣ ਕਰਵਾਓ

ਬਚਪਨ ਇਕ ਅਜਿਹੀ ਅਵਸਥਾ ਹੈ ਜਿਸ ਸਮੇਂ ਬੱਚੇ ਨੂੰ ਚੰਗੇ ਮਾੜੇ ਦੀ ਪਛਾਣ ਨਹੀਂ ਹੁੰਦੀ। ਇਸ ਉਮਰੇ ਪਈਆਂ ਆਦਤਾਂ ਸਮਾਂ ਪਾ ਕੇ ਪੱਕ ਜਾਂਦੀਆਂ ਹਨ। ਇਸ ਕਰਕੇ ਮਾਂ ਬਾਪ ਨੂੰ ਚਾਹੀਦਾ ਹੈ ਕਿ ਬੱਚਿਆਂ ਨੂੰ ਮਾੜੀਆਂ ਆਦਤਾਂ ਬਚਪਨ ਵਿਚ ਹੀ ਨਾ ਪੈਣ ਦਿੱਤੀਆਂ ਜਾਣ। ਇਸ ਉਮਰੇ ਚੰਗੀਆਂ ਆਦਤਾਂ ਪਾਉਣੀਆਂ ਵੱਡੀ ਉਮਰ ਦੇ ਮੁਕਾਬਲੇ ਸੌਖੀਆਂ ਹੁੰਦੀਆਂ ਹਨ। ਸਾਫ਼-ਸੁਥਰੇ ਬੱਚੇ ਨੂੰ ਵੇਖ ਕੇ ਹਰ ਇਕ ਦਾ ਮਨ ਖ਼ੁਸ਼ ਹੁੰਦਾ ਹੈ। ਇਸ ਕਰਕੇ ਬੱਚੇ ਨੂੰ ਸਕੂਲ ਜਾਣ ਸਮੇਂ ਤੋਂ ਹੀ ਨਹਾਉਣ ਤੇ ਸਾਫ਼-ਸੁਥਰੇ ਕੱਪੜੇ ਰੱਖਣ ਦੀ ਆਦਤ ਪਾਉਣੀ ਚਾਹੀਦੀ ਹੈ, ਹੋ ਸਕੇ ਤਾਂ ਸਕੂਲ ਜਾਣ ਤੇ ਆਉਣ ਸਮੇਂ ਬੱਚੇ ਨੂੰ ਖੁਦ ਕੱਪੜੇ ਪਾਉਣ ਤੇ ਉਤਾਰਨ ਲਈ ਸਿਖਾਉਣਾ ਚਾਹੀਦਾ ਹੈ। ਸਕੂਲ ਤੋਂ ਜੋ ਵੀ ਕੰਮ ਮਿਲੇ, ਬੱਚੇ ਨੂੰ ਹਰ ਰੋਜ਼ ਕਰਨ ਦੀ ਆਦਤ ਪਾਉਣੀ ਚਾਹੀਦੀ ਹੈ।

ਬੱਚਾ ਅਕਸਰ ਦੇਖ ਜਾਂ ਸੁਣ ਕੇ ਸਿੱਖਦਾ ਹੈ। ਇਸ ਕਰਕੇ ਬੱਚੇ ਦੇ ਸਾਹਮਣੇ ਸਹੀ ਵਤੀਰਾ ਰੱਖਣਾ ਚਾਹੀਦਾ ਹੈ ਤੇ ਭੱਦੀ ਸ਼ਬਦਾਵਲੀ ਤੋਂ ਬਚਣਾ ਚਾਹੀਦਾ ਹੈ। ਬੱਚੇ ਨੂੰ ਬਚਪਨ ਤੋਂ ਹੀ ਘਰ ਆਏ ਮਹਿਮਾਨ ਨੂੰ ਸਤਿ ਸ੍ਰੀ ਅਕਾਲ ਬੁਲਾਉਣ ਤੇ ਉਨ੍ਹਾਂ ਦੇ ਲਾਗੇ ਆ ਕੇ ਬੈਠਣ ਲਈ ਸਿਖਾਉਣਾ ਚਾਹੀਦਾ ਹੈ। ਬੱਚੇ ਨੂੰ ਬਚਪਨ ਤੋਂ ਹੀ ਫਜ਼ੂਲ ਖਰਚੀ ਤੋਂ ਪ੍ਰਹੇਜ਼ ਤੇ ਜੇਬ ਖਰਚ ਲਈ ਮਿਲਦੇ ਪੈਸਿਆਂ ਵਿੱਚੋਂ ਕੁਝ ਪੈਸੇ ਜਮ੍ਹਾਂ ਕਰਨ ਲਈ ਦੱਸਣਾ ਚਾਹੀਦਾ ਹੈ ਤਾਂ ਕਿ ਉਹ ਆਪਣੀ ਪੜ੍ਹਾਈ ਲਈ ਜ਼ਰੂਰੀ ਵਸਤਾਂ ਖਰੀਦ ਸਕੇ। ਨਹਾਉਣ ਸਮੇਂ ਜਾਂ ਹੱਥ ਧੋਂਦੇ ਸਮੇਂ ਘੱਟ ਪਾਣੀ ਵਰਤਣ, ਕਮਰੇ ਤੋਂ ਬਾਹਰ ਨਿਕਲਣ ਸਮੇਂ ਵਾਧੂ ਬਲਬ, ਪੱਖੇ ਬੰਦ ਕਰਨ, , ਘੱਟ ਟੀਵੀ ਦੇਖਣ ਦੀਆਂ ਆਦਤਾਂ ਬੱਚੇ ਵਿਚ ਬਚਪਨ ਤੋਂ ਹੀ ਪਾਉਣੀਆਂ ਚਾਹੀਦੀਆਂ ਹਨ।

ਬੱਚਿਆਂ ਨੂੰ ਬਚਪਨ ਤੋਂ ਹੀ ਬਰਗਰ, ਨੂਡਲਜ਼, ਪੀਜ਼ਾ ਖਾਣ ਤੋਂ ਰੋਕਣਾ ਚਾਹੀਦਾ ਹੈ ਤੇ ਭੋਜਨ ਸਬੰਧੀ ਚੰਗੀਆਂ ਆਦਤਾਂ ਪਾਉਣੀਆਂ ਚਾਹੀਦੀਆਂ ਹਨ ਤੇ ਖਾਣਾ ਜਿੰਨ੍ਹਾਂ ਖਾਣਾ ਹੈ ਉਨ੍ਹਾਂ ਹੀ ਪਾਉਣ ਲਈ ਸਿਖਾਉਣਾ ਚਾਹੀਦਾ ਹੈ।

• ਸ਼ਮਸ਼ੇਰ ਸਿੰਘ ਸੋਹੀ

# ਮੁਸਕਰਾਹਟਾਂ ਵੰਡਦੇ ਚਿਹਰੇ

ਮੁਸਕਰਾਉਂਦਾ ਚਿਹਰਾ, ਹਰੇ ਸੇਬਾਂ ਵਿਚ ਲਾਲ ਸੇਬ ਵਾਂਗ ਲਗਦਾ ਹੈ। ਦੁੱਧ ਉੱਤੇ ਆਈ ਮਲਾਈ, ਦੁੱਧ ਦੀ ਮੁਸਕਰਾਹਟ ਹੁੰਦੀ ਹੈ। ਧੋਤੇ ਹੋਏ ਕੱਪੜੇ ਅਤੇ ਮਾਂਜੇ ਹੋਏ ਭਾਂਡੇ ਵੀ ਮੁਸਕਰਾਉਂਦੇ ਹਨ। ਅਧਿਆਪਕਾਂ ਦੀਆਂ ਸਮਝਾਈਆਂ ਗੁੱਝੀਆਂ ਗੱਲਾਂ, ਵਿਦਿਆਰਥੀਆਂ ਦੇ ਚਿਹਰਿਆਂ 'ਤੇ ਮੁਸਕਰਾਹਟਾਂ ਉਪਜਾਉਂਦੀਆਂ ਹਨ। ਨਵੇਂ ਜਮਾਤੀ ਮੁਸਕਰਾਉਂਦੇ-ਮੁਸਕਰਾਉਂਦੇ ਇਕ ਦੂਜੇ ਦੇ ਨੇੜੇ ਆ ਜਾਂਦੇ ਹਨ। ਜਮਾਤੀ ਹੋਣ ਦੇ ਅਧਿਕਾਰ ਨਾਲ ਨਵੇਂ ਦਾਖ਼ਲ ਹੋਏ ਲੜਕੇ ਨੇ ਆਪਣੀ ਜਮਾਤਣ ਲੜਕੀ ਨੂੰ ਪੁੱਛਿਆ, ਕਿੰਨੇ ਦਿਨ ਹੋ ਗਏ ਹਨ, ਤੂੰ ਕਾਲਜ ਨਹੀਂ ਆਈ? ਲੜਕੀ ਨੇ ਘਬਰਾ ਕੇ ਸ਼ਰਮਾਉਂਦਿਆਂ, ਮੁਸਕਰਾ ਕੇ ਕਿਹਾ, 'ਤੂੰ ਕਦੋਂ ਤੋਂ ਦਿਨ ਗਿਣਨੇ ਸ਼ੁਰੂ ਕਰ ਦਿੱਤੇ ਹਨ। ਚੋਰ ਜਿੰਦਰਿਆਂ ਨੂੰ ਵੇਖ ਕੇ ਮੁਸਕਰਾਉਂਦੇ ਹਨ। ਹਰ ਕਿਸੇ ਦੀ ਜ਼ਿੰਦਗੀ ਵਿਚ ਕੋਈ ਨਾ ਕੋਈ ਆਉਂਦਾ ਹੈ, ਜਿਸ ਦੀਆਂ ਮੁਸਕਰਾਹਟਾਂ ਚੇਤਿਆਂ ਵਿਚ ਵੱਸ ਜਾਂਦੀਆਂ ਹਨ।



ਤੁਹਾਡੀ ਜ਼ਿੰਦਗੀ ਵਿਚ ਵੀ ਕੋਈ ਆਇਆ ਹੋਵੇਗਾ! ਮੇਰੇ ਜੀਵਨ ਵਿਚ ਵੀ ਇਕ ਆਈ ਸੀ। ਜਿਸ ਤੋਂ ਪਤਾ ਲੱਗਿਆ ਸੀ ਕਿ ਸੁੰਦਰਤਾ ਉਹ ਹੈ, ਜਿਸ ਨੂੰ ਅਸੀਂ ਵੇਖਦੇ ਹਾਂ, ਸੋਹਣਾ ਉਹ ਹੈ ਜਿਹੜਾ ਸਾਨੂੰ ਵੇਖਦਾ ਹੈ। ਉਹ ਮੇਰੀ ਜਮਾਤਣ ਸੀ। ਹੋਰਾਂ ਲਈ ਉਹ ਚਾਨਣ-ਮੁਨਾਰਾ ਸੀ। ਮੇਰੇ ਲਈ ਉਹ ਬੰਦਰਗਾਹ ਸੀ। ਉਸ ਦੇ ਦਰਸ਼ਨ ਕਰਨਾ ਮੇਰੀਆਂ ਅੱਖਾਂ ਦਾ ਨਿੱਤਨੇਮ ਸੀ। ਮੈਨੂੰ ਉਸ ਦਾ ਪਰਛਾਵਾਂ ਵੀ ਮੁਸਕਰਾਉਂਦਾ ਵਿਖਾਈ ਦਿੰਦਾ ਸੀ। ਉਸ ਦੀ ਆਵਾਜ਼ ਵਿਚ ਜਲਤਰੰਗ ਸੀ। ਉਸ ਦੀ ਤੱਕਣੀ ਆਲੇ-ਦੁਆਲੇ ਨੂੰ ਚਿੱਤਰ ਬਣਾ ਦਿੰਦੀ ਸੀ । ਉਹ ਇਕੱਲੀ ਹੀ ਬਹੁ-ਸੰਮਤੀ ਸੀ । ਉਸ ਦੇ ਕਲਾਸ ਵਿਚ ਆਉਣ ਨਾਲ ਵਿਆਹ ਵਾਲੀ ਰੌਣਕ ਹੋ ਜਾਂਦੀ ਸੀ। ਉਹ ਆਪਣੀ ਰੋ ਰਹੀ ਸਹੇਲੀ ਨੂੰ ਚੁੱਪ ਕਰਾਉਂਦੀ-ਕਰਾਉਂਦੀ ਆਪ ਰੋਣ ਲੱਗ ਪੈਂਦੀ ਸੀ। ਉਸ ਦੀ ਹਰ ਚੀਜ਼ ਚੋਰੀ ਕਰ ਕੇ ਸਾਂਭਣਯੋਗ ਸੀ। ਉਸ ਦੀ ਅਮੀਰੀ ਇਹ ਸੀ ਕਿ ਉਹ ਹਰ ਵੇਲੇ ਮੁਸਕਰਾਉਂਦੀ ਰਹਿੰਦੀ ਸੀ । ਉਸ ਨੂੰ ਮੁਸਕਰਾਉਣ ਵਾਸਤੇ ਕੋਈ ਕਾਰਨ ਨਹੀਂ ਸੀ ਲੱਭਣਾ ਪੈਂਦਾ । ਉਹ ਸਾਡੇ ਸਾਰਿਆਂ ਦੀ ਸੋਚ ਉੱਤੇ ਰਾਜ ਕਰਦੀ ਸੀ। ਉਸ ਦੀ ਸੂਰਤ ਵੇਖ ਕੇ ਸਾਨੂੰ ਸਾਰਿਆਂਨੂੰ ਆਪਣੀ ਸ਼ਕਲ ਭੁੱਲ ਜਾਂਦੀ ਸੀ। ਜਿੰਨੀ ਸੁੰਦਰਤਾ ਕਿਸੇ ਵਿਚ ਵੇਖਣ ਦੀ ਹਿੰਮਤ ਹੁੰਦੀ ਸੀ। ਉਹ ਉਨੀ ਹੀ ਸੁੰਦਰ ਲੱਗਦੀ ਸੀ। ਕਿਸੇ ਵੀ ਤਸਵੀਰ ਵਿਚ ਉਸ ਦੀ ਸੁੰਦਰਤਾ ਦੇ ਸਾਰੇ ਪੱਖ ਨਹੀਂ ਸਨ ਆ ਸਕਦੇ। ਉਸ ਦਾ ਦਿਸੀ ਜਾਣਾ ਹੀ ਸਾਡੀ ਪੂਰਨਤਾ ਸੀ।

• ਨਰਿੰਦਰ ਸਿੰਘ ਕਪੂਰ
98158-80435

**ਸਾਨੂੰ ਪਰਮਾਤਮਾ ਦਾ ਸ਼ੁਕਰਾਨਾ ਕਰਨਾ ਚਾਹੀਦਾ ਹੈ ਕਿ ਉਸ ਨੇ ਸਾਨੂੰ ਇਨੀਂ ਸੋਹਣੀ ਸ੍ਰਿਸ਼ਟੀ 'ਚ ਜਨਮ ਦਿੱਤਾ ਹੈ। ਮੈਂ ਜਦੋਂ ਵੀ ਕੁਦਰਤ ਨੂੰ ਤੱਕਦੀ ਹਾਂ ਤਾਂ ਮੇਰਾ ਰੋਮ-ਰੋਮ ਖਿੜ ਉੱਠਦਾ ਹੈ...**



# ਜਿਸ ਟਾਹਲੀ 'ਤੇ ਬੈਠਾ ਉਸੇ ਨੂੰ ਵੱਢ ਰਿਹੈ ਮਨੁੱਖ

ਕੁਦਰਤ ਇਕ ਵਿਸ਼ਾਲ ਪਸਾਰਾ ਹੈ। ਇਹ ਮਨੁੱਖੀ ਜੀਵਨ 'ਚ ਇਕ ਅਹਿਮ ਸਥਾਨ ਰੱਖਦੀ ਹੈ। ਕੁਦਰਤ ਦੇ ਇਸ ਵਿਸ਼ਾਲ ਪਸਾਰੇ 'ਚ ਅਨੇਕਾਂ ਜੀਵ-ਜੰਤੂਆਂ ਦੇ ਅੰਸ਼ ਸਮਾਏ ਹੋਏ ਹਨ। ਪਰਮਾਤਮਾ ਨੇ ਜੀਵਾਂ ਨੂੰ ਜਿਉਂਦੇ ਰਹਿਣ ਲਈ ਵਾਯੂਮੰਡਲ, ਪੀਣ ਲਈ ਪਾਣੀ ਦੇ ਅਨੇਕ ਸੋਮੇ, ਖਾਣ-ਪੀਣ ਲਈ ਦਾਲ-ਰੋਟੀ ਅਤੇ ਰਹਿਣ ਬਸੇਰਾ ਕਰਨ ਲਈ ਥਾਂ ਦਿੱਤੀ। ਕੁਦਰਤ ਦੇ ਇਸ ਵਿਸ਼ਾਲ ਪਸਾਰੇ 'ਚ ਅਨੇਕਾਂ ਜੀਵਾਂ ਨੇ ਜਨਮ ਲਿਆ ਤੇ ਲੈ ਰਹੇ ਹਨ। ਪਰਮਾਤਮਾ ਨੇ ਮਨੁੱਖ ਨੂੰ ਪਾਣੀ ਦੇ ਵੱਖ-ਵੱਖ ਸੋਮਿਆਂ ਨਾਲ ਨਿਵਾਜਿਆ ਹੈ ਜਿਵੇਂ : ਖੂਹ, ਛੱਪੜ, ਤਲਾਅ, ਨਦੀਆਂ ਆਦਿ। ਜੰਗਲੀ ਜਾਨਵਰ ਤੇ ਪੰਛੀ ਪਾਣੀ ਦੇ ਇਨ੍ਹਾਂ ਸੋਮਿਆਂ ਤੋਂ ਪਾਣੀ ਪੀਂਦੇ ਹਨ। ਉਨ੍ਹਾਂ ਦਾ ਜੀਵਨ ਇਨ੍ਹਾਂ ਸੋਮਿਆਂ ਦੇ ਸਿਰ 'ਤੇ ਹੀ ਬਤੀਤ ਹੁੰਦਾ ਹੈ।

## ਪਰਮਾਤਮਾ ਦਾ ਸ਼ੁਕਰਾਨਾ

ਸਾਨੂੰ ਪਰਮਾਤਮਾ ਦਾ ਹਰ ਵੇਲੇ ਤਹਿ ਦਿਲੋਂ ਸ਼ੁਕਰਾਨਾ ਕਰਨਾ ਚਾਹੀਦਾ ਹੈ ਕਿ ਉਸ ਨੇ ਸਾਨੂੰ ਇਨ੍ਹੀਂ ਸੋਹਣੀ ਸ੍ਰਿਸ਼ਟੀ 'ਚ ਜਨਮ ਦਿੱਤਾ ਹੈ। ਮੈਂ ਜਦੋਂ ਵੀ ਕੁਦਰਤ ਨੂੰ ਤੱਕ ਦੀ ਹਾਂ ਤਾਂ ਮੇਰਾ ਰੋਮ-ਰੋਮ ਖਿੜ ਉੱਠਦਾ ਹੈ। ਕੁਦਰਤ ਦੇ ਨਜ਼ਾਰੇ ਬਹੁਤ ਦਿਲ ਖਿੱਚਵੇਂ ਹਨ। ਕਈ ਵਾਰ ਮੇਰਾ ਮਨ ਕਰਦਾ ਹੈ ਕਿ ਮੈਂ ਪੰਛੀਆਂ ਵਾਂਗ ਆਸਮਾਨ 'ਚ ਉਡਾਰੀਆਂ ਲਾਵਾਂ। ਰੁੱਖਾਂ ਨਾਲ ਬਾਤਾਂ ਪਾਵਾਂ, ਟਾਹਣੀਆਂ 'ਤੇ ਬੈਠ ਕੇ ਪੰਛੀਆਂ ਨਾਲ ਹੱਸਾਂ-ਖੇਡਾਂ।

ਦਰਿਆਵਾਂ ਦਾ ਵਗਦਾ ਪਾਣੀ ਬਹੁਤ ਹੀ ਸੋਹਣਾ ਲੱਗਦਾ ਹੈ ਅਤੇ ਮਨੁੱਖ ਨੂੰ ਜ਼ਿੰਦਗੀ 'ਚ ਹਮੇਸ਼ਾ ਸਹਿਜ-ਸਬਰ ਨਾਲ ਚਲਦੇ ਰਹਿਣ ਲਈ ਵੀ ਪ੍ਰੇਰਿਤ ਕਰਦਾ ਹੈ। ਪਹਾੜਾਂ ਦੀਆਂ ਉੱਚੀਆਂ-ਉੱਚੀਆਂ ਟੀਸੀਆਂ ਵੀ ਸਾਨੂੰ ਜੀਵਨ 'ਚ ਅਗਾਂਹ ਵਧਣ ਦੀ ਸਿੱਖਿਆ ਦਿੰਦੀਆਂ ਹਨ। ਪਰਮਾਤਮਾ ਨੇ ਇਸ ਕੁਦਰਤ 'ਚ ਬਹੁਤ ਜੀਵਾਂ ਦੀ ਸਿਰਜਣਾ ਕੀਤੀ ਹੈ। ਮਿੱਟੀ, ਪਾਣੀ, ਵਾਯੂਮੰਡਲ, ਧਰਤੀ ਦੇ ਜਿਸਮਾਨੀ ਅੰਗ ਹਨ ਜੋ ਜੀਵ-ਜੰਤੂਆਂ ਨੂੰ ਜੀਵਤ ਰੱਖਣ ਲਈ ਇਕ ਦੂਜੇ ਦੇ ਸਬੰਧ 'ਚ ਰਹਿੰਦੇ ਹਨ। ਧਰਤੀ 'ਤੇ ਅਨੇਕਾਂ ਜੀਵ-ਜੰਤੂ ਪਲ ਰਹੇ ਹਨ ਤੇ ਦਿਨ ਪ੍ਰਤੀ ਦਿਨ ਆਪਣੀਆਂ ਪ੍ਰਜਾਤੀਆਂ 'ਚ ਵਾਧਾ ਕਰ ਰਹੇ ਹਨ।

## ਕੁਦਰਤ ਦੀ ਸਿਰਜਣਾ

ਕੁਦਰਤ ਨੂੰ ਸਿਰਜਣ ਵਾਲਾ ਪਰਮਾਤਮਾ ਹੈ, ਜਿਸ ਦੀ ਮਰਜ਼ੀ ਤੋਂ ਬਿਨਾਂ ਇਕ ਪੱਤਾ ਵੀ ਨਹੀਂ ਹਿੱਲਦਾ। ਪਰਮਾਤਮਾ ਦੁਆਰਾ ਰਚਿਤ ਪੌਣ, ਪਾਣੀ, ਮਿੱਟੀ, ਸੂਰਜ, ਚੰਦ, ਸਿਤਾਰੇ, ਮਨੁੱਖ, ਪੰਛੀ, ਜਾਨਵਰ ਆਦਿ ਸਭ ਉਸ ਦੇ ਗ਼ੁਲਾਮ ਹਨ। ਨਹੀਂ ਕੀਤਾ ਜਾ ਸਕਦਾ ਕੇਵਲ ਕੁਦਰਤ ਨੂੰ ਸਿਰਜਣ ਜਾਂ ਉਸਾਰਨ ਵਾਲਾ ਹੀ ਇਸ 'ਚ ਤਬਦੀਲੀ ਕਰ ਸਕਦਾ ਹੈ। ਪਰਮਾਤਮਾ ਨੇ ਬਹੁਤ ਸਾਲ ਪਹਿਲਾਂ ਕੁਦਰਤ ਦੀ ਸਿਰਜਨਾ ਕੀਤੀ ਤਾਂ ਉਸ ਨੇ ਲੱਖਾਂ, ਕਰੋੜਾਂ ਜੀਵ-ਜੰਤੂ ਅਤੇ ਇਨਸਾਨ ਬਣਾਏ। ਪਰਮਾਤਮਾ ਨੇ ਸਭ ਤੋਂ ਵਧੇਰੇ ਸਮਝਦਾਰ ਅਤੇ ਸੂਝਵਾਨ ਇਨਸਾਨ ਨੂੰ ਬਣਾਇਆ ਸੀ। ਇਸ ਨੂੰ ਸਮਝਦਾਰ ਬਣਾਉਣ ਦਾ ਕਾਰਨ ਸੀ ਕਿ ਇਨਸਾਨ ਸਹੀ ਗ਼ਲਤ ਵਿਚਲੇ ਅੰਤਰ ਨੂੰ ਸਮਝ ਸਕੇ। ਜੇਕਰ ਕੋਈ ਵੀ ਕੁਦਰਤ ਨਾਲ ਛੇੜ-ਛਾੜ ਕਰਦਾ ਹੈ ਤਾਂ ਉਸ ਨੂੰ ਰੋਕਿਆ ਜਾ ਸਕੇ। ਅਜੋਕਾ ਇਨਸਾਨ ਕੁਦਰਤ ਦਾ ਵੱਡਾ ਦੁਸ਼ਮਣ ਬਣ ਬੈਠਾ ਹੈ।

## ਮਨੁੱਖੀ ਮਨਮਰਜ਼ੀਆਂ

ਤਰੱਕੀ ਅਤੇ ਵਿਕਾਸ 'ਚ ਵਾਧਾ ਹੋਣ ਕਾਰਨ ਸਭ ਤੋਂ ਸਮਝਦਾਰ ਮਨੁੱਖ ਕੁਦਰਤ ਨਾਲ ਖਿਲਵਾੜ ਕਰ ਰਿਹਾ ਹੈ। ਜਿਸ ਕਾਰਨ ਕੁਦਰਤ ਦੇ ਸੰਤੁਲਨ 'ਚ ਅਸਮਾਨਤਾ ਪੈਦਾ ਹੁੰਦੀ ਜਾ ਰਹੀ ਹੈ। ਕੁਦਰਤ 'ਚ ਅਸੰਤੁਲਨ ਪੈਦਾ ਹੋਣ ਕਾਰਨ ਜਨਜੀਵਨ ਸਿੱਧੇ-ਅਸਿੱਧੇ ਢੰਗ ਨਾਲ ਪ੍ਰਭਾਵਿਤ ਹੋ ਰਿਹਾ ਹੈ। ਮਨੁੱਖ ਮਨਮਰਜ਼ੀਆਂ ਕਰਦਾ ਹੈ। ਕੁਦਰਤ ਵੱਲੋਂ ਇਸ ਦਾ ਵਿਰੋਧ ਕਰਨਾ ਜਾਇਜ਼ ਅਤੇ ਸੁਭਾਵਿਕ ਹੈ। ਮਨੁੱਖ ਦੀਆਂ ਮਨਮਰਜ਼ੀਆਂ ਕਾਰਨ ਧਰਤੀ ਦੇ ਅੰਗ ਮਿੱਟੀ, ਪਾਣੀ, ਹਵਾ ਸਭ ਪ੍ਰਭਾਵਿਤ ਹੋ ਰਹੇ ਹਨ। ਮਨੁੱਖ ਅਜਿਹਾ ਵਰਤਾਰਾ ਕਈ ਸਦੀਆਂ ਤੋਂ ਕਰਦਾ ਆ ਰਿਹਾ ਹੈ। ਜਦੋਂ ਕੁਦਰਤ ਇਨ੍ਹਾਂ ਵਰਤਾਰਿਆਂ ਦਾ ਪਲਟ ਜਵਾਬ ਦਿੰਦੀ ਹੈ ਤਾਂ ਉਸ ਨੂੰ ਕੁਦਰਤੀ ਕਰੋਪੀ ਕਹਿੰਦੇ ਹਨ। ਜਿਸ ਕਰੋਪੀ ਕਾਰਨ ਕੁਦਰਤ ਦਾ ਹਰ ਇਕ ਨਿੱਕੇ ਤੋਂ ਨਿੱਕਾ ਅੰਸ਼ ਵੀ ਪ੍ਰਭਾਵਿਤ ਹੁੰਦਾ ਹੈ। ਕੁਦਰਤੀ ਕਰੋਪੀ ਤੋਂ ਪ੍ਰਭਾਵਿਤ ਜੀਵਾਂ ਨੂੰ ਲੱਖਾਂ-ਕਰੋੜਾਂ ਸਾਲ ਲੱਗ ਜਾਂਦੇ ਹਨ ਫਿਰ ਤੋਂ ਆਪਣੇ ਪੈਰਾਂ 'ਤੇ ਖੜ੍ਹਾ ਹੋਣ ਲਈ। ਇਨ੍ਹਾਂ ਕਰੋਪੀਆਂ ਦਾ ਅਸਰ ਕਈ-ਕਈ ਪੀੜ੍ਹੀਆਂ 'ਤੇ ਵੀ ਪੈਂਦਾ ਰਹਿੰਦਾ ਹੈ।

## ਵਿਕਾਸ ਦੀ ਰਾਹ

ਮਨੁੱਖ ਪੈਸਾ ਕਮਾਉਣ ਅਤੇ ਵਿਕਾਸ ਦੀ ਰਫ਼ਤਾਰ 'ਚ ਆਪਣੇ ਆਪ ਦਾ ਹੀ ਜਾਣੇ ਅਣਜਾਣੇ 'ਚ ਨੁਕਸਾਨ ਕਰਦਾ ਜਾ ਰਿਹਾ ਹੈ। ਉਹ ਆਪਣਾ ਦੁਸ਼ਮਣ ਆਪ ਹੀ ਬਣਦਾ ਜਾ ਰਿਹਾ ਹੈ। ਮਨੁੱਖ ਆਪਣੇ ਜੀਵਨ ਨੂੰ ਛੇੜਖਾਨੀਆਂ ਕਰ ਰਿਹਾ ਹੈ। ਉ ਅਜਿਹਾ ਕਰ ਕੇ ਅਸੰਭਵ ਕੰਮ ਨੂੰ ਸੰਭਵ ਤਾਂ ਕਰ ਰਿਹਾ ਹੈ ਪਰ ਨਾਲ ਹੀ ਨਾਲ ਕੁਦਰਤ ਨਾਲ ਖੇਡ ਵੀ ਰਿਹਾ ਹੈ। ਉਹ ਭੁੱਲਦਾ ਜਾ ਰਿਹਾ ਹੈ ਕਿ ਉਹ ਤਰੱਕੀ ਦੇ ਨਾਲ-ਨਾਲ ਆਪਣੇ ਆਪ ਨਾਲ ਵੀ ਖਿਲਵਾੜ ਕਰ ਰਿਹਾ ਹੈ। ਉਹ ਆਪਣੇ ਜੀਵਨ ਨੂੰ ਤਾਂ ਸੌਖਾਲਾ ਕਰ ਰਿਹਾ ਹੈ ਪਰ ਅੰਨ੍ਹੇਵਾਹ ਬਾਕੀ ਜੀਵ-ਜੰਤੂ ਨੂੰ ਮੁਸੀਬਤ ਵਿਚ ਪਾ ਰਿਹਾ ਹੈ।

ਕੁਦਰਤ ਨਾਲ ਛੇੜ-ਛਾੜ ਕਰਕੇ ਬਹੁਤ ਸਾਰੀਆਂ ਪ੍ਰਜਾਤੀਆਂ ਲੁਪਤ ਹੁੰਦੀਆਂ ਜਾ ਰਹੀਆਂ ਹਨ ਤੇ ਕੁਝ ਖ਼ਤਮ ਹੋਣ ਦੀ ਕਗਾਰ 'ਤੇ ਹਨ। ਮਨੁੱਖ ਆਪਣੇ ਐਸ਼ੋ ਅਰਾਮ ਲਈ ਕੁਦਰਤੀ ਸੋਮਿਆਂ ਨੂੰ ਬਹੁਤ ਬੇਰਹਿਮੀ ਨਾਲ ਬਰਬਾਦ ਕਰੀ ਜਾ ਰਿਹਾ ਹੈ। ਪਾਣੀ ਦੇ ਸੋਮੇ ਇਸ ਦੀ ਨਾ ਸਮਝੀ ਕਾਰਨ ਲੋਪ ਹੁੰਦੇ ਜਾ ਰਹੇ ਹਨ।

## ਗੰਧਲਾ ਵਾਤਾਵਰਨ

ਮਨੁੱਖ ਅਨੇਕਾਂ ਫੈਕਟਰੀਆਂ ਦੀ ਉਸਾਰੀ ਕਰ ਰਿਹਾ ਹੈ ਜਿਸ ਕਾਰਨ ਹਵਾ, ਪਾਣੀ, ਸ਼ੋਰ ਅਤੇ ਮਿੱਟੀ ਪ੍ਰਦੂਸ਼ਣ ਆਦਿ 'ਚ ਵਾਧਾ ਹੋ ਰਿਹਾ ਹੈ। ਵਾਤਾਵਰਨ ਪੂਰੀ ਤਰ੍ਹਾਂ ਗੰਧਲਾ ਹੋ ਰਿਆ ਹੈ ਇਹੀ ਕਾਰਨ ਹੈ ਮਨੁੱਖ ਅਨੇਕਾਂ ਬਿਮਾਰੀਆਂ ਦਾ ਸਾਹਮਣਾ ਕਰ ਰਿਹਾ ਹੈ। ਵਾਤਾਵਰਨ ਗੰਧਲਾ ਹੋਣ ਕਾਰਨ ਸਾਹ ਲੈਣਾ ਵੀ ਮੁਸ਼ਕਲ ਹੋ ਰਿਹਾ ਹੈ। ਮਨੁੱਖ ਨੇ ਸਿਰਫ਼ ਆਪਣੀ ਤਰੱਕੀ ਬਾਰੇ ਹੀ ਸੋਚਿਆ ਹੈ। ਤਰੱਕੀ ਦੀ ਆੜ 'ਚ ਉਸ ਨੇ ਕੁਦਰਤ ਨੂੰ ਤਹਿਸ-ਨਹਿਸ ਕਰ ਦਿੱਤਾ ਹੈ। ਇਨ੍ਹਾਂ ਗਤੀਵਿਧੀਆਂ ਕਾਰਨ ਵਾਤਾਵਰਨ ਬਹੁਤ ਬੁਰੀ ਤਰ੍ਹਾਂ ਦੂਸ਼ਿਤ ਹੋ ਚੁੱਕਾ ਹੈ। ਵਾਤਾਵਰਨ 'ਚ ਅਨੇਕਾਂ ਪ੍ਰਕਾਰ ਦੀਆਂ ਗੈਸਾਂ ਪੈਦਾ ਹੋ ਰਹੀਆਂ ਹਨ ਜਿਸ ਕਾਰਨ ਬੱਦਲ ਫਟਣੇ, ਗਲੇਸ਼ੀਅਰ, ਲਾਵਾ ਵਰਗੀਆਂ ਭਿਆਨਕ ਆਫ਼ਤਾਂ ਦਾ ਸਾਹਮਣਾ ਇਸ ਨੂੰ ਕਰਨਾ ਪੈ ਰਿਹਾ ਹੈ।

ਵਧਦੀ ਵੱਸੋ ਦੀਆਂ ਲੋੜਾਂ ਦੀ ਪੂਰਤੀ ਕਰਨ ਲਈ ਪਹਾੜਾਂ ਨੂੰ ਪੱਧਰਾ ਕਰ ਕੇ ਸੜਕਾਂ, ਹੋਟਲ, ਪਿਕਨਿਕ ਸਪਾਟ ਅਤੇ ਰੇਲ ਗੱਡੀਆਂ ਦੀਆਂ ਪੱਟੜੀਆਂ ਬਹੁਤ ਤੇਜ਼ੀ ਨਾਲ ਵਿਛਾਈਆਂ ਜਾ ਰਹੀਆਂ ਹਨ। ਦੂਰ- ਦੂਰ ਤੱਕ ਫੈਲੇ ਜੰਗਲ ਅੱਜ ਖ਼ਤਮ ਹੁੰਦੇ ਜਾ ਰਹੇ ਹਨ। ਦਰਿਆਵਾਂ ਨੇ ਨਿੱਕੀਆਂ-ਨਿੱਕੀਆਂ ਨਦੀਆਂ ਦਾ ਰੂਪ ਧਾਰਨ ਕਰ ਲਿਆ ਹੈ ਜਿਸ ਕਾਰਨ ਜੰਗਲੀ ਜੀਵ-ਜੰਤੂਆਂ ਦੇ ਰਹਿਣ ਦਾ ਆਸਰਾ ਖ਼ਤਮ ਹੋ ਗਿਆ ਹੈ ਅਤੇ ਉਹ ਲੋਪ ਹੁੰਦੇ ਜਾ ਰਹੇ ਹਨ। ਕੁਦਰਤ ਦੀ ਸਮਝ ਰੱਖਣ ਵਾਲੇ ਵਿਗਿਆਨੀ ਵਾਰ-ਵਾਰ ਸੁਚੇਤ ਕਰਦੇ ਰਹਿੰਦੇ ਹਨ ਕਿ ਅਜੋਕਾ ਮਨੁੱਖ ਜਿਸ ਟਾਹਣੀ 'ਤੇ ਬੈਠਾ ਹੈ ਉਸ ਨੂੰ ਹੀ ਉਹ ਵੱਢ ਰਿਹਾ ਹੈ। ਕਿੰਨਾ ਬੇਸਮਝ ਹੈ ਇਹ ਮਨੁੱਖ।

## ਨਾਰੀਵਾਦੀ ਔਰਤਾਂ

# ਜੈਕੋਬਿਨ ਕਾਮੀਲਾ ਕੋਲੈੱਟ

*ਕਾਮੀਲਾ ਕੋਲੇਟ ਵੱਲ ਵੇਖ ਕੇ ਹੋਰ ਵੀ ਕਈ ਔਰਤਾਂ ਨੇ ਨਾਰੀਆਂ ਬਾਰੇ ਲਿਖਣ ਦੀ ਹਿੰਮਤ ਕੀਤੀ ਅਤੇ ਇਹ ਨਾਰਵੇ ਵਿਚ ਪਹਿਲੀ ਨਾਰੀਵਾਦੀ ਲਹਿਰ ਬਣੀ ਕਿਉਂਕਿ ਨਾਰੀਆਂ ਦੀ ਸਮਾਜਿਕ ਸਥਿਤੀ ਨੂੰ ਸੁਧਾਰਨ ਲਈ ਸਾਹਿਤ ਨੇ ਬਹੁਤ ਵੱਡਾ ਯੋਗਦਾਨ ਪਾਇਆ ਸੀ।*



ਡਾ. ਜੋਗਿੰਦਰ ਸਿੰਘ ਕੈਰੋਂ
82643-06671

ਕਾਮੀਲਾ ਦਾ ਪੂਰਾ ਨਾਂ ਜੈਕੋਬਿਨ ਕਾਮੀਲਾ ਕੋਲੈੱਟ ਸੀ, ਜਿਸ ਦਾ ਜਨਮ ਕ੍ਰਿਸਟੀਅਨਸੈਂਡ ਨਾਰਵੇ ਵਿਚ 23 ਜਨਵਰੀ, 1813 ਨੂੰ ਹੋਇਆ। ਉਹ ਕਵੀ ਹੈਰਿਕ ਵਰਗੀਲੈਂਡ ਦੀ ਛੋਟੀ ਭੈਣ ਸੀ। ਕਾਮੀਲਾ ਨਾਰਵੇ ਦੀ ਨਾਰੀਵਾਦੀ ਲੇਖਿਕਾ ਸੀ। ਉਸ ਦੇ ਪਿਤਾ ਦਾ ਨਾਂ ਨਿਕੋਲਾਈ ਵਰਗੀਲੈਂਡ ਸੀ ਜਿਹੜਾ ਧਾਰਮਿਕ ਆਗੂ ਅਤੇ ਰਾਜਨੀਤੀਵਾਨ ਸੀ।

ਕਾਮੀਲਾ ਉਸ ਪਰਿਵਾਰ ਵਿਚ ਪਲੀ ਧੀ ਸੀ ਜਿਹੜਾ ਸਾਹਿਤਕ ਰੁਚੀਆਂ ਵਾਲਾ ਸੀ। ਉਨ੍ਹਾਂ ਦੇ ਘਰ ਵਿਚ ਜਾਂ ਜੇਕੂ ਰੂਸੋ ਦੀਆਂ ਰਚਨਾਵਾਂ ਸਨ, ਜਿਨ੍ਹਾਂ ਨੇ ਕੋਲੈੱਟ ਅਤੇ ਉਸ ਦੇ ਭਰਾ ਨਿਕੋਲਾਈ ਉੱਪਰ ਬਹੁਤ ਪ੍ਰਭਾਵ ਪਾਇਆ। ਉਹ ਲਿਖਣ ਸਮੇਂ ਜਾਰਜ ਸੈਂਡ ਦੇ ਕਾਰਜ ਤੋਂ ਵੀ ਉਤਸਾਹਿਤ ਹੋਈ ਸੀ। ਉਸ ਦਾ ਛੋਟਾ ਭਰਾ ਮੇਜਰ ਜਰਨਲ ਜੋਸਫ਼ ਫ੍ਰੈਂਟਜ਼ ਓਸਕਾਰ ਵਰਗੀਲੈਂਡ ਸੀ। ਜਦੋਂ ਉਹ ਚਾਰ ਸਾਲਾਂ ਦੀ ਸੀ, ਉਨ੍ਹਾਂ ਦਾ ਪਰਿਵਾਰ ਈਡਸਵੋਲ ਚਲਾ ਗਿਆ, ਜਿੱਥੇ ਉਸ ਦੇ ਪਿਤਾ ਨੂੰ ਪਾਦਰੀ ਬਣਾ ਦਿੱਤਾ ਗਿਆ। ਕਾਮੀਲਾ ਨੂੰ ਈਡਸਵੋਲ ਦਾ ਜੀਵਨ ਬੜਾ ਅਕਾਊ ਲੱਗਾ ਤਾਂ ਉਸ ਨੇ ਡਾਇਰੀ ਲਿਖਣੀ ਸ਼ੁਰੂ ਕਰ ਦਿੱਤੀ।

ਡੈਨਮਾਰਕ ਵਿਖੇ ਆਪਣੇ ਸਕੂਲ ਦੀ ਪੜ੍ਹਾਈ ਖ਼ਤਮ ਕਰਕੇ ਜਦੋਂ ਉਹ ਦੁਬਾਰਾ ਕ੍ਰਿਸਟੀਨੀਆ ਆਈ ਤਾਂ ਉਸ ਦਾ ਮਿਲਾਪ ਸ਼ਾਇਰ ਜੋਹਨ ਸੇਬਾਸਤੀਅਨ ਵੇਲਹੇਵਨ ਨਾਲ ਹੋਇਆ, ਜਿਹੜਾ ਕਿ ਉਸ ਦੇ ਭਰਾ ਹੈਰਿਕ ਦਾ ਪੱਕਾ ਵਿਰੋਧੀ ਸੀ। ਜੋਹਨ ਅਤੇ ਕਾਮੀਲਾ ਦਾ ਆਪਸ ਵਿਚ ਪਿਆਰ ਹੋ ਗਿਆ। ਇਸੇ ਕਰਕੇ ਉਸ ਸਮੇਂ ਨਾਰਵੇ ਵਿਚ ਇਹ ਸਬੰਧ ਇਕ ਤਰਾਂ ਨਾਲ ਬੜੀ ਚਰਚਾ ਦਾ ਵਿਸ਼ਾ ਬਣ ਗਏ। ਜੋਹਨ ਨਾਲ ਮਿਲਾਪ ਕਰਕੇ ਕਾਮੀਲਾ ਅਤੇ ਉਸ ਦੇ ਭਰਾ ਦੇ ਸਬੰਧਾਂ ਵਿਚ ਵੀ ਕੁੜੱਤਣ ਆ ਗਈ।

1838 ਵਿਚ ਕਾਮੀਲਾ ਨੂੰ ਸਿਹਤ ਦੀ ਖ਼ਰਾਬੀ ਦੀ ਮੁਸੀਬਤ ਆਣ ਪਈ। ਉਸ ਦੀ ਸਿਹਤਯਾਬੀ ਲਈ ਉਸ ਦਾ ਪਿਤਾ ਉਸ ਨੂੰ ਪੈਰਿਸ ਲੈ ਗਿਆ। ਇਸ ਸਮੇਂ ਉਸ ਦੇ ਸਬੰਧ ਜੋਹਨ ਨਾਲ ਵਿਗੜ ਗਏ ਅਤੇ ਉਨਾਂ ਦਾ ਪਿਆਰ ਵੀ ਖ਼ਤਮ ਹੋ ਗਿਆ। ਉਸ ਨੇ 1842 ਵਿਚ ਪੀਟਰ ਜੋਹਨ ਕੋਲੇਟ ਨਾਲ ਸ਼ਾਦੀ ਕਰ ਲਈ, ਜਿਹੜਾ ਕਿ ਪ੍ਰਸਿੱਧ ਰਾਜਨੀਤਕ ਲੀਡਰ ਅਤੇ ਸਾਹਿਤ ਆਲੋਚਕ ਸੀ। ਉਹ ਬੁੱਧੀਜੀਵੀ ਪਾਰਟੀ ਦਾ ਮੈਂਬਰ ਵੀ ਸੀ। ਉਹ ਇਕ ਸਹਾਇਕ ਅਤੇ ਸਾਊ ਪਤੀ ਸੀ। ਜਿਸ ਨਾਲ ਕਾਮੀਲਾ ਹਰ ਵਿਸ਼ੇ ਉੱਪਰ ਗੱਲਬਾਤ ਕਰ ਸਕਦੀ ਸੀ।



ਸ਼ਾਦੀ ਤੋਂ ਬਾਅਦ ਉਸ ਨੇ ਲਿਖਣਾ ਅਤੇ ਛਪਵਾਉਣਾ ਵੀ ਸ਼ੁਰੂ ਕਰ ਦਿੱਤਾ। ਉਸ ਦਾ ਨਾਵਲ ਦ ਡਿਸਟ੍ਰਿਕ ਗਵਰਨਰਜ਼ ਡਾਟਰਜ਼ ਬਹੁਤ ਪ੍ਰਸਿੱਧ ਹੋਇਆ, ਜਿਹੜਾ ਦੋ ਭਾਗਾਂ ਵਿਚ ਛਪਿਆ। ਇਹ ਨਾਵਲ ਇੱਕੋ ਵੇਲੇ ਰਾਜਨੀਤਕ ਅਤੇ ਸਮਾਜਕ ਯਥਾਰਥ ਨੂੰ ਪੇਸ਼ ਕਰਦਾ ਹੈ। ਇਸ ਨਾਵਲ ਵਿਚ ਇਕ ਔਰਤ ਹੋਣ ਦੇ ਦੁਖਾਂਤ ਨੂੰ ਵੀ ਪੇਸ਼ ਕੀਤਾ ਗਿਆ ਹੈ ਅਤੇ ਨਾਰਵੇ ਵਿਚ ਔਰਤਾਂ ਨੂੰ ਪੇਸ਼ ਆਉਂਦੀਆਂ ਮੁਸ਼ਕਲਾਂ ਬਾਰੇ ਵੀ ਦੱਸਿਆ ਗਿਆ ਹੈ। ਇਸ ਦੇ ਵਿਚ ਖ਼ਾਸ ਕਰ ਕੇ ਔਰਤਾਂ ਨੂੰ ਵਿਆਹ ਸ਼ਾਦੀ ਸਮੇਂ ਆਉਂਦੀਆਂ ਮੁਸ਼ਕਲਾਂ ਨੂੰ ਪੇਸ਼ ਕੀਤਾ ਗਿਆ।

ਵਿਸ਼ਵਾਸ ਕੀਤਾ ਜਾਂਦਾ ਹੈ ਕਿ ਇਸ ਨਾਵਲ ਨੂੰ ਉਸ ਦੀ ਆਪਣੀ ਜ਼ਿੰਦਗੀ ਵਿਚ ਆਏ ਦੁਖਾਂਤ ਅਤੇ ਖ਼ਾਸ ਕਰ ਕੇ ਵੇਲਹੇਵਨ ਨਾਲ ਬਿਤਾਏ ਵਕਤ ਨੇ ਪ੍ਰਭਾਵਿਤ ਕੀਤਾ। ਇਸ ਨਾਵਲ ਤੋਂ ਬਾਅਦ ਉਸ ਨੇ ਬੜੀ ਘੱਟ ਗਲਪ ਲਿਖੀ ਪਰ ਉਹ ਨਿਬੰਧ, ਆਪਣੀਆਂ ਯਾਦਾਂ ਅਤੇ ਵਾਦ-ਵਿਵਾਦ ਜ਼ਰੂਰ ਲਿਖਦੀ ਰਹੀ। ਉਸ ਦੀ ਸ਼ਾਦੀ ਦੇ ਠੀਕ ਦਸ ਸਾਲ ਬਾਅਦ 1851 ਵਿਚ ਉਸ ਦੇ ਪਤੀ ਦੀ ਅਚਾਨਕ ਮੌਤ ਹੋ ਗਈ ਅਤੇ ਉਸ ਨੂੰ ਇਕੱਲੀ ਨੂੰ ਹੀ ਚਾਰ ਪੁੱਤਰਾਂ ਦੀ ਸਾਂਭ-ਸੰਭਾਲ ਕਰਨੀ ਪਈ। ਇਸ ਲਈ ਉਸ ਨੂੰ ਆਪਣਾ ਘਰ ਵੀ ਵੇਚਣਾ ਪਿਆ, ਜਿਸ ਨੂੰ ਉਹ ਮੁੜ ਕਦੀ ਵੀ ਖ਼ਰੀਦ ਨਾ ਸਕੀ। ਉਸ ਨੂੰ ਆਪਣੇ ਤਿੰਨ ਵੱਡੇ ਪੁੱਤਰਾਂ ਨੂੰ ਪਾਲਣ-ਪੋਸਣ ਲਈ ਰਿਸ਼ਤੇਦਾਰਾਂ ਕੋਲ ਘੱਲਣਾ ਪਿਆ। ਉਸ ਨੂੰ ਬਾਕੀ ਉਮਰ ਦੀ ਉਪਜੀਵਕਾ ਲਈ ਆਪ ਹੀ ਸੰਘਰਸ਼ ਕਰਨਾ ਪਿਆ। ਉਸ ਦੀ ਮੌਤ ਕ੍ਰਿਸਟੀਨੀਆ ਵਿਚ 1895 ਨੂੰ ਹੋਈ।

ਕਾਮੀਲਾ ਕੋਲੇਟ ਵੱਲ ਵੇਖ ਕੇ ਹੋਰ ਵੀ ਕਈ ਔਰਤਾਂ ਨੇ ਨਾਰੀਆਂ ਬਾਰੇ ਲਿਖਣ ਦੀ ਹਿੰਮਤ ਕੀਤੀ ਅਤੇ ਇਹ ਨਾਰਵੇ ਵਿਚ ਪਹਿਲੀ ਨਾਰੀਵਾਦੀ ਲਹਿਰ ਬਣੀ, ਕਿਉਂਕਿ ਨਾਰੀਆਂ ਦੀ ਸਮਾਜਿਕ ਸਥਿਤੀ ਨੂੰ ਸੁਧਾਰਨ ਲਈ ਸਾਹਿਤ ਨੇ ਬਹੁਤ ਵੱਡਾ ਯੋਗਦਾਨ ਪਾਇਆ ਸੀ। ਨਾਰਵੇ ਵਿਚ ਚਾਰ ਵੱਡੇ ਕਰ ਕੇ ਜਾਣੇ ਜਾਂਦੇ ਲੇਖਕ : ਹੈਰਿਕ ਇਬਸਨ, ਬਜੋਰੰਸਟਜਰਨੇ ਬਜੋਰੰਸਨ, ਅਲੈਗਜੰਡਰ ਕੀਲੈਂਡ ਅਤੇ ਜੋਨਸ ਲੀ ਸਨ ਜਿਨ੍ਹਾਂ ਨੇ ਔਰਤਾਂ ਦੇ ਹੱਕ ਵਿਚ ਸਾਹਿਤ ਰਚਿਆ। ਕਾਮੀਲਾ ਕੋਲੈੱਟ ਅਤੇ ਆਸਟਾ ਹਾਂਸਟੀਨ ਨੇ ਵੀ ਨਾਰੀਵਾਦੀ ਸਿਧਾਂਤਾਂ ਵਿਚ ਚੰਗਾ ਯੋਗਦਾਨ ਪਾਇਆ।

# ਚੰਡੀਗੜ੍ਹ ਦੇ ਨਿਵੇਸ਼ਕਾਂ ਨੇ 2025 ਵਿੱਚ ਮਾਰਕੀਟ ਦੀ ਸਥਿਰਤਾ ਦੇ ਵਿਚਕਾਰ ਟਾਲੈਕਸੀ ਕੈਪ ਵਿੱਚ ਨਿਵੇਸ਼ ਲਗਭਗ ਦੋਗੁਨਾ ਕੀਤਾ

**ਚੰਡੀਗੜ੍ਹ, 10 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਾਲ ਹੀ ਦੇ ਮਹੀਨਿਆਂ ਵਿੱਚ ਵਿਦੇਸ਼ੀ ਫੰਡਜ਼ ਦੇ ਫਲੋ, ਉਤਪਾਦਕ ਤੇਲ ਦੀ ਕੀਮਤ ਵਿੱਚ ਉਤਾਰ-ਚੜ੍ਹਾਵ, ਵਿਸ਼ਵ ਵਪਾਰ ਤਣਾਅ ਅਤੇ ਅਸਥਾਈ ਕਾਰਪੋਰੇਟ ਆਈ ਦੇ ਚਲਤੇ ਮਾਰਕੀਟ ਵਿੱਚ ਸਥਿਰਤਾ ਬਣੀ ਹੈ। ਇਸੇ ਤਰ੍ਹਾਂ ਤੁਰਨਾ ਨਿਵੇਸ਼ਕਾਂ ਨੂੰ ਰਣਨੀਤੀਆਂ ਦੀ ਲੋੜ ਸੀ, ਜੋ ਵਿਕਾਸ ਅਤੇ ਸਥਿਰਤਾ ਦੇ ਵਿਚਕਾਰ ਸੰਤੁਲਨ ਬਣਾਉ। ਫਲੈਕਸੀ ਕੈਪ ਫਾਊਂਡੇਸ਼ਨ ਅਤੇ ਮਲਟੀ-ਏਸੇਟੇਸ਼ਨ ਫਾਊਂਡੇਸ਼ਨ ਤੁਹਾਡੀਆਂ ਵਿਭਿੰਨਤਾਵਾਂ ਅਤੇ ਲੋਕੇਸ਼ਨਾਂ ਦੇ ਵਿਕਾਸ ਲਈ ਚਲਦੇ ਹਨ, ਅਤੇ ਨਿਵੇਸ਼ਕਾਂ ਨੂੰ ਨਿਸ਼ਚਤ ਕਰਨ ਵਾਲੇ ਅਦਾਰੇ ਮਦਦ ਕਰਦੇ ਹਨ। ਟੌਟ ਸੈੱਟ ਏ ਮੇਰੀਮੈਂਟ ਦੀ ਫੰਕਸ਼ਨ ਮੇਰੀ, ਮੈਂ ਕਿਹਾ, ਆਜ ਦੀ ਮਾਰਕੀਟ



ਸਥਿਰਤਾ, ਜੋ ਕਿ ਬਦਲਵੇਂ ਗਲੋਬਲ ਸੰਕੇਤਾਂ ਅਤੇ ਖੇਤਰੀ ਵੈਲਿਊਏਸ਼ਨ ਗੈਪਸ ਤੋਂ ਪ੍ਰਭਾਵਿਤ ਹੈ, ਨਿਵੇਸ਼ ਰਣਨੀਤੀ ਦੀ ਮੰਗ ਕਰਦੀ ਹੈ ਜੋ ਲਚੀਲੇਪਨ ਨੂੰ ਵਿਭਿੰਨਤਾ ਦੇ ਨਾਲ ਜੋੜਦੀ ਹੈ। ਅਤੇ SMOLPS ਵਿੱਚ ਗਤੀਸ਼ੀਲ ਆਵੈਂਟਨ ਕੇ ਕੈਪੀਕਲ ਵਿਕਾਸ ਇਹ ਸਹੂਲਤ ਦਿੰਦੀ ਹੈ, ਬਹੁਤ ਜ਼ਿਆਦਾ ਏਸੇਟ ਏਲੋਕੇਸ਼ਨ ਫੌਗ ਇਕਵਿਟੀ, ਫਿਲਡ ਇਨਕਮ, ਅਤੇ ਕਮੋਡਿਟੀਜ਼ ਵਿੱਚ ਨਿਵੇਸ਼ ਫੈਲਾਕਰ ਪੋਰਟਲਿਓ ਦੀ ਮਜ਼ਬੂਤੀ ਹੈ। ਏਐੱਮਐੱਫਆਈ ਦੇ ਅੰਕੜਿਆਂ ਦੇ ਮੁਤਾਬਕ, ਫਲੈਕਸੀ ਕੈਪ ਫੰਡਾਂ ਵਿੱਚ ਸ਼ੁੱਧ ਨਿਵੇਸ਼ 2025 (ਅਗਸਤ ਤਕ) ਦੋਗੁਣਾ ਹੋਕਰ 46,867 ਕਰੋੜ ਰੁਪਏ ਤੱਕ ਪਹੁੰਚ ਗਿਆ, ਜੋ ਇੱਕ ਸਾਲ ਪਹਿਲਾਂ 22,751.3 ਕਰੋੜ ਰੁਪਏ ਸੀ। ਇਕੋ ਮਿਆਦ ਵਿਚ ਬਹੁ ਏਸੈੱਟ ਏਲੋਕੇਸ਼ਨ ਫੰਡਾਂ ਨੇ 23,989.3 ਕਰੋੜ ਰੁਪਏ ਖਿੱਚੇ, ਜੋ ਹਾਈਬ੍ਰਿਡ ਕੋਡ ਵਿਚ ਦੂਜਾ ਸਭ ਤੋਂ ਵੱਧ ਹੈ। ਇਸੇ ਤਰ੍ਹਾਂ ਉਦਯੋਗਿਕ ਵਿਕਾਸ, ਟਾਟਾ ਫਲੈਕਸੀ ਕੈਪ ਫਾਊਂਡੇਸ਼ਨ ਅਤੇ ਟਾਟਾ ਮਲਟੀਪਲ ਏਸੇਟ ਏਲੋਕੇਸ਼ਨ ਫੰਕਸ਼ਨ ਨੇ ਵੀ ਵਧੀਆ ਪ੍ਰਦਰਸ਼ਨ ਕੀਤਾ।

# ਕਿਸਾਨਾਂ ਨੇ ਪੰਜਾਬ ਅਤੇ ਕੇਂਦਰ ਸਰਕਾਰ ਦਾ ਅਰਥੀ ਫੂਕ ਕੇ ਰੋਸ ਮੁਜ਼ਾਹਰਾ ਕੀਤਾ



**ਪਾਤੜਾਂ, 10 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਕਿਸਾਨ ਮਜ਼ਦੂਰ ਮੋਰਚੇ ਦੇ ਸੱਦੇ 'ਤੇ ਅੱਜ ਭਾਰਤੀ ਕਿਸਾਨ ਯੂਨੀਅਨ ਏਕਤਾ ਅਜਾਦ ਵੱਲੋਂ ਬਲਾਕ ਪ੍ਰਧਾਨ ਮਨਦੀਪ ਸਿੰਘ ਭੂਤਗੜ ਦੀ ਅਗਵਾਈ ਵਿੱਚ ਪਾਤੜਾਂ ਤਹਿਸੀਲ ਵਿਖੇ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਦੀ ਅਰਥੀ ਫੂਕ ਕੇ ਰੋਸ ਮੁਜ਼ਾਹਰਾ ਕੀਤਾ ਗਿਆ। ਪ੍ਰੈਸ ਨਾਲ ਗੱਲਬਾਤ ਕਰਦਿਆਂ ਸੂਬਾ ਆਗੂ ਮਨਜੀਤ ਸਿੰਘ ਨਿਆਲ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਵੱਲੋਂ ਪੰਜਾਬ ਵਿੱਚ ਆਏ ਹੜ੍ਹਾਂ ਨਾਲ ਹੋਏ ਵੱਡੇ ਨੁਕਸਾਨ ਦਾ ਕਿਸਾਨਾਂ ਨੂੰ ਕੋਈ ਮੁਆਵਜ਼ਾ ਨਹੀਂ ਦਿੱਤਾ ਗਿਆ। ਕਿਸਾਨਾਂ ਦੀ ਸੰਸਥਾਵਾਂ ਨੇ ਬਾਂਹ ਫੜ ਹੈ। ਪ੍ਰੰਤੂ ਸੂਬਾ ਸਰਕਾਰ ਅਤੇ ਕੇਂਦਰ ਸਰਕਾਰ ਸਿਆਸੀ ਰੋਟੀਆਂ ਸੇਕਣ ਤੋਂ ਸਿਵਾ ਕਿਸਾਨਾਂ ਲਈ ਕੁੱਝ ਵੀ ਨਹੀਂ ਕਰ ਰਹੀ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਦੀ ਨੀਤੀ ਵਿੱਚ ਵੱਡਾ ਫ਼ਰਕ ਹੈ। ਪੰਜਾਬ ਸਰਕਾਰ ਨੂੰ ਕਰੜੇ ਹੱਥੀ ਲੈਂਦਿਆਂ ਉਨ੍ਹਾਂ ਕਿਹਾ ਕਿ ਪਰਾਲੀ ਦੀ ਰਹਿੰਦ ਖੂੰਹਦ ਦੀ ਸਾਂਭ ਸੰਭਾਲ ਲਈ ਸਰਕਾਰ ਪਾਸੋਂ ਕਿਸਾਨਾਂ ਨੂੰ 7000 ਰੁਪਏ ਏਕੜ ਮੁਆਵਜੇ ਦੀ ਮੰਗ ਕੀਤੀ ਗਈ ਸੀ ਪ੍ਰੰਤੂ ਸਰਕਾਰ ਹੁਣ ਇਸ ਮੰਗ ਤੋਂ ਭੱਜ ਰਹੀ ਹੈ।

ਉਨ੍ਹਾਂ ਸ਼ੰਭੂ ਅਤੇ ਖਨੌਰੀ ਬਾਰੇ ਤੋਂ ਚੋਰੀ ਹੋਇਆ ਕਿਸਾਨਾਂ ਦਾ ਸਮਾਨ ਅਤੇ ਟਰਾਲੀਆਂ ਦੀ ਭਰਪਾਈ ਲਈ ਪੰਜਾਬ ਸਰਕਾਰ ਪਾਸੋਂ ਮੰਗ ਵੀ ਕੀਤੀ। ਉਨ੍ਹਾਂ ਕਿਹਾ ਕਿ ਸਰਕਾਰ ਪਰਾਲੀ ਸਾੜਨ ਵਾਲੇ ਕਿਸਾਨਾਂ 'ਤੇ ਪਰਚੇ ਦਰਜ ਕਰ ਰਹੀ ਹੈ। ਜਿਸ ਨੂੰ ਤੁਰੰਤ ਰੋਕਿਆ ਜਾਵੇ, ਵਰਨਾ ਆਉਣ ਵਾਲੇ ਸਮੇਂ ਵਿੱਚ ਕਿਸਾਨ ਲਾਮਬੰਦ ਹੋ ਕੇ ਸਰਕਾਰ ਦੇ ਖਿਲਾਫ ਵੱਡਾ ਐਕਸ਼ਨ ਲੈਣ ਲਈ ਮਜ਼ਬੂਰ ਹੋਣਗੇ। ਅੱਜ ਦੇ ਇਸ ਰੋਸ ਮੁਜ਼ਾਹਰੇ ਵਿੱਚ ਜ਼ਿਲ੍ਹਾ ਆਗੂ ਯਾਦਵਿੰਦਰ ਸਿੰਘ, ਸੱਤਨਾਮ ਸਿੰਘ ਨਿਆਲ, ਅਮਰੀਕ ਸਿੰਘ ਕਲਵਾਨੂੰ, ਪ੍ਰਿਤਪਾਲ ਸਿੰਘ ਤੰਬੂਵਾਲਾ, ਹਰਦਿਆਲ ਘੱਗਾ, ਪ੍ਰੀਤਮ ਸਿੰਘ ਘੱਗਾ, ਸੁੱਖਾ ਦਫ਼ਤਰੀਵਾਲਾ, ਨਿਸ਼ਾਨ ਸਿੰਘ ਬੂਰੜ, ਮੁਖਤਿਆਰ ਸਿੰਘ ਭੂਤਗੜ ਅਤੇ ਹਰਜੀਤ ਸਿੰਘ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਕਿਸਾਨ ਅਤੇ ਮਜ਼ਦੂਰ ਹਾਜ਼ਰ ਸਨ।

# ਖਾਦ ਨਾ ਮਿਲਣ ਕਾਰਨ ਕੁਲ ਹਿੰਦ ਕਿਸਾਨ ਸਭਾ ਨੇ ਦਿੱਤਾ ਮੰਗ ਪੱਤਰ



**ਮਾਛੀਵਾੜਾ ਸਾਹਿਬ, 10 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਕੁੱਲ ਹਿੰਦ ਕਿਸਾਨ ਤਹਿਸੀਲ ਸਮਰਾਲਾ ਦੇ ਪ੍ਰਧਾਨ ਨਿੱਕਾ ਸਿੰਘ ਖੇੜਾ ਨੇ ਆਪਣੇ ਸਾਥੀਆਂ ਸਮੇਤ ਬਲਾਕ ਖੇਤੀਬਾੜੀ ਅਫਸਰ ਮਾਛੀਵਾੜਾ ਨੂੰ ਕਿਸਾਨਾਂ ਨੂੰ ਆ ਰਹੀਆਂ ਮੁਸ਼ਕਿਲਾਂ ਬਾਰੇ ਇੱਕ ਮੰਗ ਪੱਤਰ ਦਿੱਤਾ ਗਿਆ। ਪ੍ਰੈਸ ਨੋਟ ਜਾਰੀ ਕਰਦਿਆਂ ਪ੍ਰਧਾਨ ਨਿੱਕਾ ਸਿੰਘ ਖੇੜਾ ਨੇ ਕਿਹਾ ਕਿ ਬਲਾਕ ਮਾਛੀਵਾੜਾ ਅੰਦਰ ਕਿਸੇ ਵੀ ਕਿਸਾਨ ਨੂੰ ਸਥਾਨਕ ਇਲਾਕੇ ਦੇ ਖਾਦ ਡੀਲਰਾਂ ਵੱਲੋਂ ਡੀ. ਏ. ਪੀ. ਦੀ ਖਾਦ ਨਾ ਦੇਣ ਵੱਲ ਧਿਆਨ ਦਿਵਾਉਣਾ ਚਾਹੁੰਦੇ ਹਾਂ। ਕਿਸਾਨਾਂ ਨੇ ਆਲੂਆਂ ਦੀ ਫਸਲ ਦੀ ਬਿਜਾਈ ਕਰਨੀ ਹੈ, ਪਰ ਇਹ ਖਾਦ ਮੌਜੂਦਾ ਸਮੇਂ ਸਰਕਾਰ ਵੱਲੋ ਕੋਆਪ੍ਰੇਟਿਵ ਸੁਸਾਇਟੀਆਂ ਨੂੰ ਸਪਲਾਈ ਨਹੀਂ ਕੀਤੀ ਹੈ। ਇਸ ਲਈ ਅੱਕੇ ਹੋਏ ਕਿਸਾਨ ਇਸ ਖਾਦ ਨੂੰ ਖ੍ਰੀਦਣ ਲਈ ਪ੍ਰਾਈਵੇਟ ਖਾਦ ਡੀਲਰਾਂ ਕੋਲ ਜਾ ਰਹੇ ਨੇ ਪਰ ਉਨ੍ਹਾਂ ਵੱਲੋਂ ਵੀ ਕਿਸਾਨਾਂ ਨੂੰ ਖਾਦ ਨਾ ਹੋਣ ਦੀ ਗੱਲ ਕਹਿ ਕੇ ਮੋੜਿਆ ਜਾ ਰਿਹਾ ਹੈ।

ਉਹਨਾਂ ਨੇ ਖੇਤੀਬਾੜੀ ਅਫਸਰ ਨੂੰ ਅਪੀਲ ਕਰਦਿਆਂ ਕਿਹਾ ਕਿ ਖਾਦ ਡੀਲਰਾਂ ਦਾ ਸਟਾਕ ਤੇ ਰਿਕਾਰਡ ਦੀ ਜਾਂਚ ਕੀਤੀ ਜਾਵੇ। ਜੇਕਰ ਕੋਈ ਖਾਦ ਡੀਲਰ ਡੀ. ਏ. ਪੀ. ਸਟਾਕ ਹੋਣ ਦੇ ਬਾਵਜੂਦ ਕਿਸਾਨਾਂ ਨੂੰ ਖਾਦ ਜਾਣਬੁੱਝ ਕੇ ਨਹੀ ਦੇ ਰਿਹਾ ਤਾਂ ਉਸ ਤੇ ਬਣਦੀ ਕਾਰਵਾਈ ਕੀਤੀ ਜਾਵੇ। ਇਸ ਸਬੰਧੀ ਹਰੇਕ ਖਾਦ ਡੀਲਰ ਦੇ ਸਟਾਕ ਬੋਰਡ ਸਮੇਤ ਸਬੰਧਤ ਖਾਦ ਦੀ ਕੀਮਤ ਦੇ ਬੋਰਡ ਦੁਕਾਨ ਦੇ ਬਾਹਰ ਜਨਤਕ ਤੌਰ ਤੇ ਲਗਾਉਣ ਨੂੰ ਵੀ ਕਿਹਾ ਜਾਵੇ।

# ਦੱਖਣੀ ਵਿਧਾਨ ਸਭਾ ਹਲਕੇ ਵਿੱਚ ਆਮ ਆਦਮੀ ਪਾਰਟੀ ਮਹਿਲਾ ਵਿੰਗ ਦੀ ਮੀਟਿੰਗ ਸੰਪੰਨ



**ਲੁਧਿਆਣਾ, 10 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਧਾਨ ਸਭਾ ਹਲਕਾ ਦੱਖਣੀ ਵਿੱਚ ਹਲਕਾ ਇੰਚਾਰਜ ਬਲਜਿੰਦਰ ਕੌਰ ਵੱਲੋਂ ਆਮ ਆਦਮੀ ਪਾਰਟੀ ਮਹਿਲਾ ਵਿੰਗ ਦੀ ਪੰਜਾਬ ਪ੍ਰਧਾਨ ਡਾ. ਅਮਨਦੀਪ ਕੌਰ ਅਰੋੜਾ ਅਤੇ ਪੰਜਾਬ ਇੰਚਾਰਜ ਗਾਇਤਰੀ ਵਿਸ਼ਨੋਈ ਦੀ ਅਗਵਾਈ ਹੇਠ ਇੱਕ ਮਹੱਤਵਪੂਰਨ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੀਟਿੰਗ ਦੀ ਪ੍ਰਧਾਨਗੀ ਲੁਧਿਆਣਾ ਸ਼ਹਿਰੀ ਮਹਿਲਾ ਵਿੰਗ ਦੀ ਜ਼ਿਲ੍ਹਾ ਪ੍ਰਧਾਨ ਮਨੀਸ਼ਾ ਕਪੂਰ ਨੇ ਕੀਤੀ।

ਹਲਕਾ ਵਿਧਾਇਕ ਰਜਿੰਦਰ ਪਾਲ ਕੌਰ ਛੀਨਾ ਵੀ ਮੀਟਿੰਗ ਵਿੱਚ ਮੁੱਖ ਤੌਰ 'ਤੇ ਹਾਜ਼ਰ ਰਹੇ।

ਮੀਟਿੰਗ ਦਾ ਮੁੱਖ ਉਦੇਸ਼ ਬਲਾਕ ਪ੍ਰਧਾਨਾਂ ਅਤੇ ਵਾਰਡ ਪ੍ਰਧਾਨਾਂ ਦੀਆਂ ਨਿਯੁਕਤੀਆਂ 'ਤੇ ਚਰਚਾ ਕਰਨਾ ਤੇ ਸੰਗਠਨ ਨੂੰ ਹੋਰ ਮਜ਼ਬੂਤ ਕਰਨਾ ਸੀ। ਮੀਟਿੰਗ ਵਿੱਚ ਮਾਲਵਾ ਜ਼ੋਨ ਦੀ ਇੰਚਾਰਜ ਅਜਿੰਦਰ ਕੌਰ ਵੀ ਸ਼ਾਮਲ ਹੋਈਆਂ। ਇਸ ਮੌਕੇ 2027 ਵਿਧਾਨ ਸਭਾ ਚੋਣਾਂ ਨੂੰ ਮੱਦੇਨਜ਼ਰ ਰੱਖਦਿਆਂ ਮਹਿਲਾ ਵਿੰਗ ਨੂੰ ਮਜ਼ਬੂਤ ਕਰਨ ਅਤੇ ਸੰਗਠਨਾਤਮਕ ਰਣਨੀਤੀਆਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ। ਪ੍ਰੋਗਰਾਮ ਕੋਆਰਡੀਨੇਟਰ ਬਲਜਿੰਦਰ ਕੌਰ ਨੇ ਦੱਸਿਆ ਕਿ ਵਾਰਡ ਪ੍ਰਧਾਨਾਂ ਦੀ ਸੂਚੀ ਅਤੇ ਭਵਿੱਖੀ ਕਾਰਜ ਯੋਜਨਾ ਨੂੰ ਅੰਤਿਮ ਰੂਪ ਦਿੱਤਾ ਜਾ ਰਿਹਾ ਹੈ ਅਤੇ ਇਹ ਜਲਦੀ ਹੀ ਪੇਸ਼ ਕੀਤੀ ਜਾਵੇਗੀ।

# ਹਡਾਣਾ ਦੀ ਅਗਵਾਈ ਵਿੱਚ ਸੈਂਕੜੇ ਨੌਜਵਾਨਾਂ ਨੇ ਫੜਿਆ ਆਮ ਆਦਮੀ ਪਾਰਟੀ ਦਾ ਪੱਲਾ



**ਪਟਿਆਲਾ, 10 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਲਕਾ ਸਨੌਰ ਦੇ ਚੇਅਰਮੈਨ ਅਤੇ ਪੀ.ਆਰ.ਟੀ.ਸੀ. ਦੇ ਇੰਚਾਰਜ ਡਾ. ਰਣਜੋਧ ਸਿੰਘ ਹਡਾਣਾ ਦੀ ਅਗਵਾਈ ਹੇਠ ਉਨ੍ਹਾਂ ਦੇ ਗ੍ਰਹਿ ਵਿਖੇ ਅੱਜ ਸੈਂਕੜੇ ਨੌਜਵਾਨਾਂ ਨੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਕੇ ਪਾਰਟੀ ਨੂੰ ਮਜ਼ਬੂਤ ਸਹਾਰਾ ਦਿੱਤਾ। ਇਸ ਮੌਕੇ 'ਤੇ ਹਡਾਣਾ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਵੱਲੋਂ ਲੋਕ-ਪੱਖੀ ਅਤੇ ਨੌਜਵਾਨਾਂ ਦੇ ਹੱਕਾਂ ਲਈ ਮਹੱਤਵਪੂਰਨ ਫ਼ੈਸਲੇ ਲਏ ਜਾ ਰਹੇ ਹਨ, ਜਿਸ ਕਾਰਨ ਲੋਕ ਪਾਰਟੀ ਵੱਲ ਤੇਜ਼ੀ ਨਾਲ ਰੁਝਾਨ ਰਹੇ ਹਨ।

ਨੌਜਵਾਨਾਂ ਨੇ ਹਡਾਣਾ ਨੂੰ ਭਰੋਸਾ ਦਵਾਇਆ ਕਿ ਉਹ ਪਾਰਟੀ ਦੇ ਨੀਤੀ-ਸਿਧਾਂਤਾਂ ਨੂੰ ਘਰ-ਘਰ ਤੱਕ ਪਹੁੰਚਾਉਣਗੇ ਅਤੇ ਪੰਜਾਬ ਦੀ ਤਰੱਕੀ ਵਿੱਚ ਸਰਗਰਮ ਹਿੱਸਾ ਲੈਣਗੇ। ਇਸ ਮੌਕੇ ਮੌਜੂਦ ਨੌਜਵਾਨਾਂ ਨੇ ਕਿਹਾ ਕਿ ਉਹ ਆਮ ਆਦਮੀ ਪਾਰਟੀ ਸਰਕਾਰ ਦੇ ਲੋਕ-ਹਿਤੈਸ਼ੀ ਕਦਮਾਂ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ।

# 69ਵੀਆਂ ਅੰਤਰ ਜ਼ਿਲ੍ਹਾ ਸਕੂਲ ਖੇਡਾਂ 'ਚ ਅੰਡਰ 17 ਲੜਕਿਆਂ ਦੇ ਫਰੀ ਸਟਾਈਲ ਕੁਸ਼ਤੀਆਂ ਦੇ ਹੋਏ ਮੁਕਾਬਲੇ



**ਪਟਿਆਲਾ, 10 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਪੰਜਾਬ ਸ ਭਗਵੰਤ ਸਿੰਘ ਮਾਨ ਅਤੇ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦੀ ਰਹਿਨੁਮਾਈ ਹੇਠ ਸਕੂਲਾਂ ਦੇ ਵਿਦਿਆਰਥੀਆਂ ਲਈ ਵੱਖ-ਵੱਖ ਪੱਧਰਾਂ ' ਤੇ ਖੇਡ ਮੁਕਾਬਲਿਆਂ ਦਾ ਆਯੋਜਨ ਕੀਤਾ ਜਾ ਰਿਹਾ ਹੈ।ਇਸ ਤਹਿਤ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਸੰਜੀਵ ਸ਼ਰਮਾ ਦੇ ਦਿਸ਼ਾ ਨਿਰਦੇਸ਼ ਅਤੇ ਉਪ ਜਿਲਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸਿੰਘ ਦੀ ਅਗਵਾਈ ਹੇਠ ਅੰਤਰ ਜ਼ਿਲ੍ਹਾ ਮੁਕਾਬਲੇ ਪਟਿਆਲਾ ਵਿਖੇ ਆਯੋਜਿਤ ਕੀਤੇ ਗਏ।

ਇਸ ਸੰਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ ਦਲਜੀਤ ਸਿੰਘ ਨੇ ਦੱਸਿਆ ਅੰਡਰ 17 ਲੜਕਿਆਂ ਦੇ ਫਰੀ ਸਟਾਇਲ ਕੁਸ਼ਤੀਆਂ ਅੰਤਰ ਜਿਲਾ ਮੁਕਾਬਲੇ ਪੀਐਮਸ਼੍ਰੀ ਸਰਕਾਰੀ ਮਲਟੀਪਰਪਜ਼ ਸੀਨੀਅਰ ਸੈਕੰਡਰੀ ਸਕੂਲ ਪਾਸੀ ਰੋਡ ਪਟਿਆਲਾ ਵਿਖੇ ਕਰਵਾਏ ਜਾ ਰਹੇ ਹਨ।ਅੱਜ ਦੇ ਮੁਕਾਬਲਿਆਂ ਵਿੱਚ ਮੁੱਖ ਮਹਿਮਾਨ ਦੇ ਤੋਰ ਤੇ ਪਰਮਿੰਦਰ ਸਿੰਘ ਡੂਮਛੇੜੀ ਰੁਸਤਮੇ ਏ ਹਿੰਦ,ਚਰਨਜੀਤ ਸਿੰਘ ਭੁੱਲਰ ਸਕੱਤਰ ਜ਼ਿਲ੍ਹਾ ਟੂਰਨਾਮੈਂਟ ਕਮੇਟੀ ਨੇ ਖਿਡਾਰੀਆਂ ਨੂੰ ਆਸ਼ੀਰਵਾਦ ਦਿੱਤਾ।

ਪ੍ਰਿੰਸੀਪਲ ਜਸਪਾਲ ਸਿੰਘ ਸਟੇਟ ਅਵਾਰਡੀ ਮੰਡੋਰ, ਚਰਨਜੀਤ ਸਿੰਘ ਭੁੱਲਰ ਸਕੱਤਰ ਟੂਰਨਾਮੈਂਟ ਕਮੇਟੀ ਨੇ ਉਚੇਚੇ ਤੌਰ 'ਤੇ ਪਹੁੰਚ ਕੇ ਖਿਡਾਰਨਾਂ ਨੂੰ ਆਸ਼ੀਰਵਾਦ ਦਿੱਤਾ।ਇਸ ਮੌਕੇ ਪ੍ਰਿੰਸੀਪਲ ਰਾਜੇਸ਼ ਮੋਦੀ ਮਾੜੂ, ਪ੍ਰਿੰਸੀਪਲ ਹਰਿੰਦਰ ਸਿੰਘ ਲੰਗ, ਮੈਸ ਕਮੇਟੀ ਇੰਚਾਰਜ ਪ੍ਰਿੰਸੀਪਲ ਰਾਜ ਕੁਮਾਰ ਨੋਗਾਵਾ,ਸਾਰਜ ਸਿੰਘ ਭੁੱਲਰ ਕੋਚ, ਅਮਨਿੰਦਰ ਸਿੰਘ ਬਾਬਾ ਜੋਨਲ ਸਕੱਤਰ ਪਟਿਆਲਾ 1, ਬਲਵਿੰਦਰ ਸਿੰਘ ਜੱਸਲ ਜੋਨਲ ਸਕੱਤਰ ਪਟਿਆਲਾ 2, ਰਾਜਿੰਦਰ ਸਿੰਘ ਹੈਪੀ,ਰਣਜੀਤ ਸਿੰਘ, ਅਰੁਣ ਕੁਮਾਰ, ਗੋਰਵ ਬਿਰਦੀ, ਚਮਕੌਰ ਸਿੰਘ, ਪ੍ਰੇਮ ਸਿੰਘ ਨਾਭਾ, ਵਿਕਾਸ ਜਿੰਦਲ, ਦਵਿੰਦਰ ਸਿੰਘ, ਬਲਕਾਰ ਸਿੰਘ, ਗੁਰਪ੍ਰੀਤ ਸਿੰਘ ਗੈਰੀ, ਅਮਰਜੋਤ ਸਿੰਘ ਕੋਚ,ਸੁਖਜੀਵਨ ਸਫਰੀ, ਰਕੇਸ਼ ਕੁਮਾਰ ਪਾਤੜਾਂ, ਗੁਰਪ੍ਰੀਤ ਸਿੰਘ ਝੰਡਾ, ਰਾਕੇਸ਼ ਲਚਕਾਣੀ, ਜਸਵਿੰਦਰ ਸਿੰਘ ਗੱਜੂਮਾਜਰਾ ਸਨ।

# ਸ਼ਾਮ ਸੂਰਜ ਡੁੱਬਣ ਤੋਂ ਬਾਅਦ ਅਤੇ ਸਵੇਰੇ ਸੂਰਜ ਚੜ੍ਹਨ ਤੋਂ ਪਹਿਲਾਂ ਗਊ ਵੰਸ਼ ਦੀ ਢੋਆ ਢੁਆਈ 'ਤੇ ਪਾਬੰਦੀ ਦੇ ਹੁਕਮ ਜਾਰੀ

**ਪਟਿਆਲਾ, 10 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਦੇ ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀਮਤੀ ਸਿਮਰਪ੍ਰੀਤ ਕੌਰ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਪਟਿਆਲਾ ਦੀ ਹੱਦ ਅੰਦਰ ਸ਼ਾਮ ਨੂੰ ਸੂਰਜ ਡੁੱਬਣ ਤੋਂ ਬਾਅਦ ਅਤੇ ਸਵੇਰੇ ਸੂਰਜ ਚੜ੍ਹਨ ਤੋਂ ਪਹਿਲਾਂ ਗਊ ਵੰਸ਼ ਦੀ ਢੋਆ ਢੁਆਈ ਤੇ ਪੂਰਨ ਪਾਬੰਦੀ ਲਗਾਈ ਹੈ ਅਤੇ ਜਿਹਨਾਂ ਲੋਕਾਂ ਨੇ ਗਊ ਵੰਸ਼ ਰੱਖੇ ਹੋਏ ਹਨ ਉਹਨਾਂ ਨੂੰ ਪਸ਼ੂ ਪਾਲਣ ਵਿਭਾਗ ਕੋਲ ਰਜਿਸਟਰਡ ਕਰਾਉਣ ਦੇ ਆਦੇਸ਼ ਦਿੱਤੇ ਹਨ। ਹੁਕਮਾਂ ਵਿੱਚ ਕਿਹਾ ਗਿਆ ਹੈ ਆਮ ਵੇਖਣ ਵਿੱਚ ਆਇਆ ਹੈ ਕਿ ਲਾਵਾਰਸ ਗਊਆਂ ਕਾਰਨ ਰਾਤ ਸਮੇਂ ਸੜਕ ਤੇ ਕਈ ਵਾਰ ਐਕਸੀਡੈਂਟ ਹੋ ਜਾਂਦੇ ਹਨ। ਇਸ ਕਾਰਨ ਆਮ ਲੋਕਾਂ ਦਾ ਜਾਨੀ ਤੇ ਮਾਲੀ ਨੁਕਸਾਨ ਵੀ ਹੁੰਦਾ ਹੈ। ਐਕਸੀਡੈਂਟ ਕਾਰਨ ਗਊ ਵੰਸ਼ ਸਬੰਧੀ ਕਈ ਵਾਰ ਲੋਕਾਂ ਵੱਲੋਂ ਇਹ ਇਲਜ਼ਾਮ ਲਗਾਇਆ ਜਾਂਦਾ ਹੈ ਕਿ ਇਹਨਾਂ ਨੂੰ ਕਿਸੇ ਸ਼ਰਾਰਤੀ ਅਨਸਰਾਂ ਨੇ ਮਾਰ ਕੇ ਸੁੱਟ ਦਿੱਤਾ ਹੈ ਜਿਸ ਨਾਲ ਸਮਾਜ ਦੇ ਵੱਡੇ ਵਰਗ ਵਿੱਚ ਬੇਚੈਨੀ ਫੈਲਦੀ ਹੈ।

ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਨੇ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਪਟਿਆਲਾ ਨੂੰ ਨਿਰਦੇਸ਼ ਦਿੱਤੇ ਹਨ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਜ਼ਿਲੇ ਦੇ ਸ਼ਹਿਰਾਂ ਅਤੇ ਪਿੰਡਾਂ ਵਿੱਚ ਜਿਹਨਾਂ ਲੋਕਾਂ ਕੋਲ ਗਊ ਵੰਸ਼ ਰੱਖਿਆ ਹੋਇਆ ਹੈ, ਉਹ ਉਹਨਾਂ ਨੂੰ ਰਜਿਸਟਰਡ ਜ਼ਰੂਰ ਕਰਵਾਉਣ ਤਾਂ ਜੋ ਆਉਣ ਵਾਲੇ ਸਮੇਂ ਵਿੱਚ ਗਊ ਵੰਸ਼ ਨੂੰ ਲੈ ਕੇ ਕੋਈ ਅਣਸੁਖਾਵੀਂ ਘਟਨਾ ਨਾ ਵਾਪਰ ਸਕੇ ਅਤੇ ਗਊ ਵੰਸ਼ ਦੀ ਸੁਰੱਖਿਆ ਸਬੰਧੀ ਉਪਰਾਲੇ ਕੀਤੇ ਜਾ ਸਕਣ।

ਇਹ ਹੁਕਮ 010 ਅਕਤੂਬਰ ਤੋਂ 5 ਦਸੰਬਰ 2025 ਤੱਕ ਲਾਗੂ ਰਹਿਣਗੇ ਅਤੇ ਇਹਨਾਂ ਹੁਕਮਾਂ ਦੀ ਉਲੰਘਣਾ ਕਰਨ ਵਾਲੇ ਵਿਅਕਤੀ ਖਿਲਾਫ਼ ਕਾਨੂੰਨੀ ਕਾਰਵਾਈ ਨੂੰ ਅਮਲ ਵਿੱਚ ਲਿਆਂਦਾ ਜਾਵੇਗਾ।

# ਕੈਟਲ ਫੀਡ ਫੈਕਟਰੀ ਵਿੱਚ ਲੱਗੀ ਭਿਆਨਕ ਅੱਗ



**ਰਾਜਪੁਰਾ, 10 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਜਪੁਰਾ ਦੇ ਪਿੰਡ ਖੜੋਲੀ ਵਿੱਚ ਸਥਿਤ ਇੱਕ ਕੈਟਲ ਫੀਡ ਫੈਕਟਰੀ ਦੇ ਗੋਦਾਮ ਵਿੱਚ ਬਹੁਤ ਭਿਆਨਕ ਅੱਗ ਲੱਗ ਗਈ, ਇਹ ਅੱਗ ਤਕਰੀਬਨ 5 ਵਜੇ ਦੇ ਕਰੀਬ ਲੱਗੀ ਹੋਈ ਦੱਸੀ ਜਾਂਦੀ ਹੈ। ਫੈਕਟਰੀ ਦੇ ਮਾਲਕਾਂ ਨੂੰ ਵੀ ਤਕਰੀਬਨ 5.20 ਵਜੇ ਹੀ ਇਸ ਅੱਗ ਦਾ ਪਤਾ ਲੱਗਿਆ। ਲੱਗੀ ਹੋਈ ਅੱਗ ਇੰਨੀ ਜ਼ਿਆਦਾ ਭਿਆਨਕ ਸੀ ਕਿ ਅੱਗ ਨੂੰ ਬੁਝਾਉਣ ਵਾਸਤੇ ਕਾਫੀ ਥਾਵਾਂ ਤੋਂ ਜਿਵੇਂ ਸੀਲ ਕੈਮੀਕਲ ਥਰਮਲ ਪਲਾਂਟ ਪਟਿਆਲਾ ਤੋਂ ਅਤੇ ਲੋਕਲ ਰਾਜਪੁਰਾ ਤੋਂ ਫਾਇਰ ਬ੍ਰਿਗੇਡ ਦੀਆਂ ਅੱਗ ਬੁਝਾਉਣ ਵਾਲੀਆਂ ਗੱਡੀਆਂ ਮੰਗਾਉਣੀਆਂ ਪਈਆਂ। ਫੀਡ ਫੈਕਟਰੀ ਦੇ ਮਾਲਕਾਂ ਨੇ ਦੱਸਿਆ ਕਿ ਅੱਗ ਲੱਗਣ ਨਾਲ ਲੱਖਾਂ ਰੁਪਏ ਦਾ ਨੁਕਸਾਨ ਹੋ ਚੁੱਕਿਆ ਹੈ। ਤਕਰੀਬਨ ਸਾਰਾ ਮਾਲ ਸੜ ਕੇ ਸਵਾਹ ਹੋ ਚੁੱਕਿਆ ਹੈ। ਅੱਗ ਲੱਗਣ ਦੇ ਕਾਰਨਾਂ ਦਾ ਅਜੇ ਤੱਕ ਕੁਝ ਵੀ ਪਤਾ ਨਹੀਂ ਲੱਗ ਸਕਿਆ ਹੈ

# ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਭਾਖੜਾ ਅਤੇ ਹੋਰ ਵੱਡੀਆਂ-ਛੋਟੀਆਂ ਨਹਿਰਾਂ ਵਿੱਚ ਨਹਾਉਣ 'ਤੇ ਪਾਬੰਦੀ

**ਪਟਿਆਲਾ, 10 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਦੇ ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀਮਤੀ ਸਿਮਰਪ੍ਰੀਤ ਕੌਰ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਪਟਿਆਲਾ ਦੀ ਹੱਦ ਅੰਦਰੋਂ ਵੱਖ-ਵੱਖ ਸਥਾਨਾ ਤੋਂ ਲੰਘਦੀ ਭਾਖੜਾ ਨਹਿਰ ਅਤੇ ਹੋਰ ਵੱਡੀਆਂ ਛੋਟੀਆਂ ਨਦੀਆਂ/ਨਹਿਰਾਂ ਵਿੱਚ ਕਿਸੇ ਵੀ ਸਥਾਨ ਤੇ ਆਮ ਜਨਤਾ ਦੇ ਨਹਾਉਣ ਅਤੇ ਤੈਰਨ 'ਤੇ ਪੂਰਨ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਜ਼ਿਲ੍ਹਾ ਮੈਜਿਸਟ੍ਰੇਟ ਨੇ ਇਨ੍ਹਾਂ ਹੁਕਮਾਂ ਦੀ ਉਲੰਘਣਾ ਕਰਨ ਵਾਲੇ ਵਿਅਕਤੀ ਦੇ ਖਿਲਾਫ਼ ਕਾਨੂੰਨੀ ਕਾਰਵਾਈ ਨੂੰ ਅਮਲ ਵਿੱਚ ਲਿਆਉਣ ਦੇ ਆਦੇਸ਼ ਦਿੱਤੇ ਹਨ। ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਨੇ ਦੱਸਿਆ ਕਿ ਸਕੂਲਾਂ ਤੇ ਕਾਲਜਾਂ ਦੇ ਵਿਦਿਆਰਥੀ ਅਤੇ ਆਮ ਲੋਕ ਜਿਹਨਾਂ ਵਿੱਚ ਬੱਚੇ ਤੇ ਨੌਜਵਾਨ ਵੀ ਸ਼ਾਮਲ ਹੁੰਦੇ ਹਨ, ਭਾਖੜਾ ਨਹਿਰ ਅਤੇ ਜ਼ਿਲ੍ਹੇ ਦੀਆਂ ਹੋਰ ਵੱਡੀਆਂ/ਛੋਟੀਆਂ ਨਹਿਰਾਂ ਵਿੱਚ ਨਹਾਉਣ/ਤੈਰਨ ਲਈ ਜਾਂਦੇ ਹਨ। ਉਹਨਾਂ ਕਿਹਾ ਕਿ ਕਈ ਵਾਰ ਪਾਣੀ ਦੇ ਤੇਜ ਵਹਾਅ ਕਾਰਨ ਇਹਨਾਂ ਨਦੀਆਂ/ਨਹਿਰਾਂ ਵਿੱਚ ਤੈਰਨ/ਨਹਾਵੁਣ ਵਾਲੇ ਵਿਅਕਤੀ ਪਾਣੀ ਵਿੱਚ ਰੁੜ੍ਹ/ਡੁੱਬ ਜਾਂਦੇ ਹਨ, ਜਿਸ ਕਾਰਨ ਪਟਿਆਲਾ ਜ਼ਿਲ੍ਹੇ ਦੀ ਹੱਦ ਅੰਦਰ ਪੈਂਦੀਆਂ ਨਹਿਰਾਂ ਵਿੱਚ ਨਹਾਉਣ ਤੇ ਪੂਰਨ ਪਾਬੰਦੀ ਲਗਾਈ ਗਈ ਹੈ। ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਜਾਰੀ ਪਾਬੰਦੀ ਦੇ ਇਹ ਹੁਕਮ 010 ਅਕਤੂਬਰ ਤੋਂ 5 ਦਸੰਬਰ 2025 ਤੱਕ ਲਾਗੂ ਰਹਿਣਗੇ।

# ਹੈਲਥ ਅਵੇਅਰਨੈਸ ਸੋਸਾਇਟੀ ਅਤੇ ਯੋਗਾ ਪਰਿਵਾਰ, ਪਟਿਆਲਾ ਨੇ ਆਪਣੀ ਦਸਵੀਂ ਸਾਲ ਗਿਰਾਹ ਮਨਾਈ

**ਪਟਿਆਲਾ, 10 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਹਤ ਸੰਭਾਲ ਸੇਵਾ ਲਈ ਸਮਾਜ ਨੂੰ ਸਮਰਪਿਤ ਹੈਲਥ ਅਵੇਅਰਨੈਸ ਸੋਸਾਇਟੀ, ਪਟਿਆਲਾ ਦੇ ਯੋਗਾ ਪਰਿਵਾਰ ਗਰੁੱਪ ਨੇ ਆਪਣੀ ਦਸਵੀਂ ਸਾਲ ਗਿਰਾਹ ਬੜੀ ਧੂਮ ਧਾਮ ਨਾਲ ਵਿਸ਼ਾਲ ਬਾਰਾਦਰੀ ਗਾਰਡਨ ਵਿੱਚ ਮਨਾਈ ਜਿਸ ਵਿਚ ਬਾਰਾਦਰੀ ਬਾਗ ਦੇ 23 ਸੈਰ ਪ੍ਰੇਮੀ ਗਰੁੱਪਾਂ ਦੇ ਮੈਂਬਰਾਂ ਨੇ ਭਾਗ ਲਿਆ। ਇਸ ਮੌਕੇ ਹਾਰਟੀਕਲਚਰ ਵਿਭਾਗ, ਪੰਜਾਬ ਦੇ ਡਿਪਟੀ ਡਾਇਰੈਕਟਰ ਸ੍ਰੀ ਸੰਦੀਪ ਗਰੇਵਾਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਸਮਾਜ ਸੇਵਕ ਜੇ.ਕੇ. ਜਿੰਦਲ ਵੀ ਹਾਜਰ ਸਨ। ਇਸ ਦੇ ਨਾਲ ਹੀ ਸ਼ਹਿਰ ਦੀਆਂ ਅਨੇਕਾਂ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਵੀ ਪ੍ਰੋਗਰਾਮ ਵਿੱਚ ਸ਼ਮੂਲੀਅਤ ਕੀਤੀ ਅਤੇ ਹੈਲਥ ਅਵੇਅਰਨੈਸ ਸੋਸਾਇਟੀ ਦੇ ਪ੍ਰਧਾਨ ਸ੍ਰੀ ਜਸਵੰਤ ਸਿੰਘ ਕੌਲੀ ਜਨਰਲ ਸਕੱਤਰ ਐਡਵੋਕੇਟ ਸ੍ਰੀ ਟੀ ਐਸ ਭਮਰਾ ਅਤੇ ਹੋਰ ਅਹੁਦੇਦਾਰਾਂ ਨੂੰ ਵਧਾਈਆਂ



ਦਿੱਤੀਆਂ। ਸਜਰੀ ਸਵੇਰ ਗਰੁੱਪ ਨੇ ਸੰਗੀਤ ਦਾ ਰੰਗਾ ਰੰਗ ਪ੍ਰੋਗਰਾਮ ਪੇਸ਼ ਕਰਕੇ ਪ੍ਰੋਗਰਾਮ ਨੂੰ ਰੌਚਿਕ ਬਣਾ ਦਿੱਤਾ। ਡਾਕਟਰ ਜੀ ਐਸ ਅਨੰਦ, ਸਾਬਕਾ ਡਾਇਰੈਕਟਰ ਐਨ ਆਈ ਐਸ ਨੇ ਇਸ ਮੌਕੇ ਬੋਲਦਿਆਂ ਸਰਦਾਰ ਜਸਵੰਤ ਸਿੰਘ ਕੌਲੀ ਦੀ ਅਗਵਾਈ ਹੇਠ ਕੰਮ ਕਰ ਰਹੀ ਹੈਲਥ ਅਵੇਅਰਨੈਸ ਸੋਸਾਇਟੀ ਅਤੇ ਯੋਗਾ ਪਰਿਵਾਰ ਦੀ ਸ਼ਲਾਘਾ ਕੀਤੀ ਅਤੇ ਦੱਸਿਆ ਕਿ ਪਿਛਲੇ ਲੰਬੇ ਅਰਸੇ ਤੋਂ ਹੈਲਥ ਅਵੇਅਰਨੈਸ ਸੋਸਾਇਟੀ ਲੋਕਾਂ ਦੀ ਸਿਹਤ ਸੰਭਾਲ ਲਈ ਬਹੁਤ ਹੀ ਵਧੀਆ ਉਪਰਾਲੇ ਕਰ ਰਹੀ ਹੈ ਜਿਨ੍ਹਾਂ ਵਿੱਚ ਲੋਕਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨ ਲਈ ਅਨੇਕਾਂ ਸੈਮੀਨਾਰ ਕਰਵਾਏ ਗਏ ਹਨ, ਮੈਡੀਕਲ ਚੈਕ ਅਪ ਕੈਂਪ ਅਤੇ ਖੂਨਦਾਨ ਕੈਂਪ ਵੀ ਲਗਾਏ ਗਏ ਹਨ ਅਤੇ ਪਿਛਲੇ 10 ਵਰ੍ਹਿਆਂ ਤੋਂ ਲਗਾਤਾਰ ਬਾਰਾਦਰੀ ਬਾਗ ਵਿਖੇ ਲੋਕਾਂ ਲਈ ਨਿਸ਼ੁਲਕ ਯੋਗਾ ਕਲਾਸਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਦੇ ਨਾਲ ਹੀ ਸਾਰੇ ਰਾਸ਼ਟਰੀ ਤੇ ਅੰਤਰਰਾਸ਼ਟਰੀ ਸਿਹਤ ਨਾਲ ਸੰਬੰਧਿਤ ਦਿਵਸ ਮਨਾਏ ਜਾ ਰਹੇ ਹਨ ਤਾਂ ਜੋ ਲੋਕਾਂ ਨੂੰ ਭਿਆਨਕ ਬਿਮਾਰੀਆਂ ਅਤੇ ਉਹਨਾਂ ਦੇ ਬਚਾਓ ਲਈ ਸੁਚੇਤ ਕੀਤਾ ਜਾ ਸਕੇ। ਇਹ ਸਮਾਗਮ ਧਾਰਮਿਕ ਸ਼ਬਦ ਦੇ ਨਾਲ ਅਰੰਭ ਕੀਤਾ ਗਿਆ। ਇਸ ਤੋਂ ਬਾਅਦ ਸੁਸ਼ਮਾ ਗੋਗੀਆ ਯੋਗਾ ਅਤੇ ਜਮਨਾਸਟਿਕ ਕੋਚ ਨੇ ਆਪਣੀ ਟੀਮ ਤੋਂ ਵੱਖ-ਵੱਖ ਅੰਦਾਜ ਵਿੱਚ ਅਦਾਕਰੀਆਂ ਪੇਸ਼ ਕੀਤੀਆਂ। ਜਿਸ ਦਾ ਦਰਸ਼ਕਾਂ ਨੇ ਭਰਪੂਰ ਤਾੜੀਆਂ ਨਾਲ ਹੌਂਸਲਾ ਅਫਜਾਈ ਕੀਤੀ। ਮੰਚ ਦੇ ਸ਼ਸ਼ੋਬਤ ਸ਼ਖਸ਼ੀਅਤਾਂ ਅਤੇ ਪ੍ਰਧਾਨ ਜਸਵੰਤ ਸਿੰਘ ਕੌਲੀ ਦੀ ਟੀਮ ਨੇ ਕੇਕ ਕੱਟਣ ਦੀ ਰਸਮ ਅਦਾ ਕੀਤੀ। ਮੰਚ ਤੇ ਸ਼ਸ਼ੋਬਿਤ ਸ਼ਖਸੀਅਤਾਂ ਨੇ ਉਹਨਾਂ ਵਿਅਕਤੀਆਂ ਦੀ ਸਲਾਹਨਾ ਕੀਤੀ ਜਿਨਾਂ ਨੇ 17 ਦਿਨ ਲਗਾਤਾਰ ਬਾਰਾਦਰੀ ਗਾਰਡਨ ਦੀ ਸਾਫ ਸਫਾਈ ਡਾ. ਸੰਦੀਪ ਸਿੰਘ ਗਰੇਵਾਲ ਡਿਪਟੀ ਡਾਇਰੈਕਟਰ ਬਾਗਬਾਨੀ ਵਿਭਾਗ ਦੀ ਨਿਗਰਾਨੀ ਹੇਠ ਕੀਤੀ। ਜਿਨ੍ਹਾਂ ਵਿੱਚ ਜਸਵੰਤ ਸਿੰਘ ਕੌਲੀ, ਰਣਜੀਤ ਕੌਰ, ਹਰਿੰਦਰ ਸਿੰਘ ਬਾਗਬਾਨੀ ਅਫਸਰ, ਹਰਜੀਤ ਕੌਰ ਰੌਜੀ, ਜਸਵਿੰਦਰ ਕੌਰ ਅਤੇ ਪੂਰਨ ਸੁਆਮੀ ਸਨ। ਇੰਦਰਜੀਤ ਕੌਰ ਬਾਵਾ ਅਤੇ ਐਸ.ਐਮ.ਐਸ. ਸੋਹਲ ਵਲੋਂ ਤਿਆਰ ਟੋਕਨ ਨਾਮ ਦਰਜ ਰਜਿਸਟਰ ਰਾਹੀਂ 5 ਲੱਕੀ ਡਰਾਅ ਡਿਪਟੀ ਡਾਇਰੈਕਟਰ ਗਰੇਵਾਲ ਸਾਹਿਬ, ਡਾ. ਜੀ.ਐਸ. ਆਨੰਦ, ਡਾ. ਸਵਰਨ ਸਿੰਘ ਮਾਨ, ਜੇ.ਕੇ.ਜਿੰਦਲ ਸਮਾਜ ਸੇਵਕ, ਵਿਨੋਦ ਸ਼ਰਮਾ ਜਨਹਿੱਤ ਸਮਿਤੀ ਰਾਹੀਂ ਕੱਢੇ ਗਏ। ਇਸ ਦਾ ਮਨੋਰਥ 25 ਅਕਤੂਬਰ 2025 ਨੂੰ ਸੈਰ ਤੇ ਸੁਸਾਇਟੀ ਅਹੁਦੇਦਾਰਾਂ ਨਾਲ ਜਾਣਗੇ। ਰਜਿੰਦਰ ਅੱਜੀ ਫਿਟਨਸ ਲਵਰ ਪੰਜਾਬ, ਹੈਪੀ ਵਰਮਾ ਫਿਟਨਸ ਕਲੱਬ ਪਟਿਆਲਾ ਅਤੇ ਸੀਤਾ ਰਾਮ, ਪਰਮਿੰਦਰ ਕੌਰ ਰੋਆਇਲ ਫਿੱਟ ਕਲੱਬ, ਸਿੰਮੀ ਭਾਟੀਆ ਭੰਗੜਾ ਗਰੁੱਪ, ਜੱਗੀ ਅਹੂਜਾ, ਜਨਕ ਰਾਜ, ਰਾਮ ਰਤਨ, ਸਤਪਾਲ ਚਾਂਦ, ਅਮਰਜੀਤ ਸਿੰਘ ਪਨਸਪ, ਜਸਜੀਤ ਸਿੰਘ ਰਾਜੂ, ਜਗਤਾਰ ਜੱਗੀ, ਹਰੀ ਚੰਦ ਬਾਂਸਲ ਆਦਿ ਨੇ ਸ਼ਿਰਕਤ ਕੀਤੀ। ਜਸਵੰਤ ਸਿੰਘ ਕੌਲੀ ਨੇ ਬਾਰਾਦਰੀ ਦੇ ਸਾਰੇ ਗਰੁੱਪ ਮੈਂਬਰਾਂ ਦਾ ਉਹਨਾਂ ਦੇ ਸਹਿਯੋਗ ਲਈ ਧੰਨਵਾਦ ਕੀਤਾ। ਅੰਤ ਵਿੱਚ ਸਾਰੇ ਆਇਆਂ ਨੂੰ ਰਿਫਰੈਂਸਮੈਂਟ ਦਿੱਤੀ ਗਈ।

# ਕੈਬਨਿਟ ਮੰਤਰੀ ਸੰਜੀਵ ਅਰੋੜਾ ਵੱਲੋਂ ਉਦਯੋਗ ਵਿਭਾਗ ਨਾਲ ਸਮੀਖਿਆ ਮੀਟਿੰਗ



**ਲੁਧਿਆਣਾ, 10 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਨਯੋਗ ਕੈਬਨਿਟ ਮੰਤਰੀ ਸ਼੍ਰੀ ਸੰਜੀਵ ਅਰੋੜਾ ਨੇ ਲੁਧਿਆਣਾ ਵਿੱਚ ਉਦਯੋਗ ਵਿਭਾਗ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਜ਼ਿਲ੍ਹੇ ਦੀਆਂ ਉਦਯੋਗਿਕ ਪਹਿਲਕਦਮੀਆਂ ਦੀ ਪ੍ਰਗਤੀ ਦੀ ਸਮੀਖਿਆ ਕੀਤੀ। ਮੀਟਿੰਗ ਵਿੱਚ ਪੰਜਾਬ ਦਰਮਿਆਨੇ ਉਦਯੋਗ ਵਿਕਾਸ ਬੋਰਡ ਦੇ ਸੀਨੀਅਰ ਵਾਈਸ ਚੇਅਰਮੈਨ ਸ਼੍ਰੀ ਸ਼ਰਨਪਾਲ ਸਿੰਘ ਮੱਕੜ, ਵਿਧਾਇਕ ਸ਼੍ਰੀ ਕੁਲਵੰਤ ਸਿੰਘ ਸਿੱਧੂ, ਸ਼੍ਰੀ ਜਗਤਾਰ ਸਿੰਘ ਦਿਆਲ ਪੁਰਾ ਅਤੇ ਵਿਭਾਗੀ ਅਧਿਕਾਰੀ ਹਾਜ਼ਰ ਸਨ।

ਸ਼੍ਰੀ ਅਰੋੜਾ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਦਯੋਗਪਤੀਆਂ ਨੂੰ ਕਿਸੇ ਤਰ੍ਹਾਂ ਦੀ ਅਸੁਵਿਧਾ ਨਾ ਹੋਵੇ ਅਤੇ ਸਾਰੇ ਮੁੱਦੇ ਤੁਰੰਤ ਹੱਲ ਕੀਤੇ ਜਾਣ। ਉਨ੍ਹਾਂ ਨੇ ਪਾਰਦਰਸ਼ਤਾ ਤੇ ਜਵਾਬਦੇਹੀ 'ਤੇ ਜ਼ੋਰ ਦਿੰਦਿਆਂ ਚੇਤਾਵਨੀ ਦਿੱਤੀ ਕਿ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਸ਼੍ਰੀ ਸ਼ਰਨਪਾਲ ਸਿੰਘ ਮੱਕੜ ਨੇ ਮੰਤਰੀ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਲੁਧਿਆਣਾ ਵਿੱਚ ਉਦਯੋਗਿਕ ਵਿਕਾਸ ਨੂੰ ਹੋਰ ਤੇਜ਼ੀ ਨਾਲ ਅੱਗੇ ਵਧਾਇਆ ਜਾਵੇਗਾ ਅਤੇ ਸਰਕਾਰ-ਉਦਯੋਗ ਸਹਿਯੋਗ ਨਾਲ ਪੰਜਾਬ ਦੀ ਆਰਥਿਕ ਤਰੱਕੀ ਨੂੰ ਨਵੀਂ ਦਿਸ਼ਾ ਮਿਲੇਗੀ।

# ਤਰਕਸ਼ੀਲ ਸੁਸਾਇਟੀ ਪੰਜਾਬ, ਇਕਾਈ ਪਟਿਆਲਾ ਦੀ ਮੀਟਿੰਗ ਬੰਗ ਮੀਡੀਆ ਕੰਪਲੈਕਸ, ਜੇਲ੍ਹ ਰੋਡ ਵਿਖੇ ਆਯੋਜਿਤ



**ਪਟਿਆਲਾ, 10 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਤਰਕਸ਼ੀਲ ਸੁਸਾਇਟੀ ਪੰਜਾਬ, ਇਕਾਈ ਪਟਿਆਲਾ ਦੀ ਮੀਟਿੰਗ ਬੰਗ ਮੀਡੀਆ ਕੰਪਲੈਕਸ, ਜੇਲ ਰੋਡ ਵਿਖੇ ਤਰਕਸ਼ੀਲ ਆਗੂ ਸ੍ਰੀ ਰਾਮ ਕੁਮਾਰ ਢਕੜਬਾ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਸਮਾਜ ਸੇਵੀ ਗੁਰੂ ਸੰਪੂਰਨ ਜੀਤ ਸਿੰਘ ਵੱਲੋਂ ਲਿਆਂਦੇ ਗਏ ਸਰੀਰ ਦਾਨ ਪ੍ਰਣ -ਪੱਤਰ ਸਾਰੇ ਤਰਕਸ਼ੀਲ ਮੈਂਬਰਾਂ ਨੂੰ ਭਰਨ ਲਈ ਦਿੱਤੇ ਗਏ।

ਇਸ ਮੀਟਿੰਗ ਬਾਰੇ ਗਲਬਾਤ ਕਰਦਿਆਂ ਪਟਿਆਲਾ ਇਕਾਈ ਦੇ ਮੀਡੀਆ ਮੁਖੀ ਰਾਮ ਸਿੰਘ ਬੰਗ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਪੰਜਾਬ ਦੇ ਬਹੁਤ ਸਾਰੇ ਸਕੂਲਾਂ ਵਿਚ ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਵਿਦਿਆਰਥੀਆਂ ਦੀ ਸੋਚ ਨੂੰ ਵਿਗਿਆਨਕ ਬਨਾਉਣ ਲਈ ਚੇਤਨਾਂ ਪਰਖ਼ ਪ੍ਰੀਖਿਆ ਲਈ ਜਾ ਰਹੀ ਹੈ ਜਿਸ ਵਿਚ ਪੈਂਤੀ ਹਜ਼ਾਰ ਤੋਂ ਵੱਧ ਬੱਚੇ ਹਿੱਸਾ ਲੈ ਰਹੇ ਹਨ। ਇਸ ਪਰਖ਼ ਪ੍ਰੀਖਿਆ ਵਿੱਚ ਪਾਸ ਹੋਣ ਵਾਲੇ ਵਿਦਿਆਰਥੀਆਂ ਨੂੰ ਸਨਮਾਨ ਪੱਤਰ ਅਤੇ ਇਨਾਮ ਵੀ ਦਿੱਤੇ ਜਾਣਗੇ। ਇਸ ਸਮੇਂ ਕੱਲ 10 ਅਕਤੂਬਰ 2025 ਨੂੰ ਪ੍ਰੀਖਿਆ ਕਰਵਾਉਣ ਲਈ ਸਾਰੇ ਸੁਸਾਇਟੀ ਮੈਂਬਰਾਂ ਦੀ ਪਟਿਆਲਾ ਦੇ ਅੱਡ ਅੱਡ ਸਕੂਲਾਂ ਵਿਚ ਡਿਊਟੀ ਲਗਾਈ ਗਈ।

ਇਸ ਮੌਕੇ ਸ੍ਰੀ ਹਰਬੰਸ ਲਾਲ, ਪ੍ਰੋ, ਪੂਰਨ ਸਿੰਘ, ਅਧਿਆਪਕ ਮਨੋਜ ਘਈ, ਰਣਧੀਰ ਸਿੰਘ, ਗੁਰ ਸੰਪੂਰਨ ਜੀਤ ਸਿੰਘ ਅਤੇ ਰਾਮ ਕੁਮਾਰ ਨੇ ਕਿਹਾ ਅੰਧਵਿਸ਼ਵਾਸਾਂ ਨੂੰ ਸਮਾਜ ਵਿਚੋਂ ਖ਼ਤਮ ਕਰਨ ਲਈ ਅਤੇ ਵਿਗਿਆਨ ਦਾ ਲਾਹਾ ਲੈਣ ਲਈ ਵਿਗਿਆਨਕ ਸੋਚ ਦੀ ਬੇਹੱਦ ਲੋੜ ਹੈ। ਉਨ੍ਹਾਂ ਕਿਹਾ ਕਿ ਤਰਕਸ਼ੀਲਾਂ ਅਤੇ ਅਗਾਂਹਵਧੂ ਲੋਕਾਂ ਨੂੰ ਵੱਡੇ ਉਪਰਾਲੇ ਕਰਨੇ ਚਾਹੀਦੇ ਹਨ ਤਾਂ ਕਿ ਦੇਸ਼ ਅਤੇ ਸਮਾਜ ਹੋਰ ਵਿਕਸਤ ਹੋ ਸਕੇ। ਉਨ੍ਹਾਂ ਇਹ ਵੀ ਕਿਹਾ ਕਿ ਇਸ ਤਰਕਸ਼ੀਲ ਮੁਹਿੰਮ ਵਿਚ ਸਾਰੇ ਸਮਾਜ ਸੇਵੀ ਜਥੇਬੰਦੀਆਂ ਨੂੰ ਸ਼ਾਥ ਦੇਣਾ ਚਾਹੀਦਾ।

# ਬ੍ਰਾਹਮਣਾਂ ਦੀ ਭਲਾਈ ਲਈ ਚੁੱਕਾਂਗੇ ਢੁਕਵੇਂ ਕਦਮ: ਧਨੰਜੇ



**ਲੁਧਿਆਣਾ, 10 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਲੁਧਿਆਣਾ ਦੇ ਸਰਕਟ ਹਾਊਸ ਵਿਖੇ ਬ੍ਰਾਹਮਣ ਭਲਾਈ ਬੋਰਡ ਪੰਜਾਬ ਸਰਕਾਰ ਦੀ ਇੱਕ ਮੀਟਿੰਗ ਹੋਈ ਅਤੇ ਬ੍ਰਾਹਮਣਾਂ ਦੀ ਭਲਾਈ ਲਈ ਵਿਚਾਰ ਵਟਾਂਦਰਾ ਕੀਤਾ ਗਿਆ ਸ਼ਵਿੰਦਰ ਧਨੰਜੇ ਮੈਂਬਰ ਬ੍ਰਾਹਮਣ ਭਲਾਈ ਬੋਰਡ ਪੰਜਾਬ ਨੇ ਦੱਸਿਆ ਕਿ ਪਿਛਲੀਆਂ ਸਰਕਾਰਾਂ ਵੱਲੋਂ ਗਰੀਬ ਬ੍ਰਾਹਮਣਾਂ ਅਤੇ ਗਰੀਬ ਜਨਰਲ ਵਰਗ ਲਈ ਕੋਈ ਵੀ ਕਿਸੇ ਕਿਸਮ ਦੀ ਭਲਾਈ ਸਕੀਮ ਨਹੀਂ ਚਲਾਈ ਗਈ ਬੋਰਡ ਵੱਲੋਂ ਜਲਦ ਹੀ ਗਰੀਬੀ ਰੇਖਾ ਤੋਂ ਨੀਚੇ ਰਹਿੰਦੇ ਬ੍ਰਾਹਮਣ ਪਰਿਵਾਰਾਂ ਲਈ ਵੈਲਫੇਅਰ ਸਕੀਮਾਂ ਲਿਆਂਦੀਆ ਜਾਣਗੀਆਂ ਤਾਂ ਜੋ ਗਰੀਬ ਬ੍ਰਾਹਮਣ ਪਰਿਵਾਰਾਂ ਦਾ ਗੁਜਰ-ਬਸਰ ਸੁਖਾਲਾ ਹੋ ਸਕੇ ਇਸ ਮੌਕੇ ਬ੍ਰਾਹਮਣ ਭਲਾਈ ਬੋਰਡ ਦੇ ਚੇਅਰਮੈਨ ਪੰਕਜ ਸਾਰਦਾ ਮੈਂਬਰ ਸ਼ਵਿੰਦਰ ਧਨੰਜਿਆ ਪਟਿਆਲਾ ਕਰਨ ਸ਼ਰਮਾ ਲੁਧਿਆਣਾ ਰਵਿੰਦਰ ਰਵੀ ਹੁਸ਼ਿਆਰਪੁਰ ਸਮਿਤ ਸ਼ਰਮਾ ਨੰਗਲ ਹਾਜ਼ਰ ਰਹੇ।

# ਘੱਗਾ ਵਿਖੇ ਖੂਨਦਾਨ ਅਤੇ ਅੱਖਾਂ ਦਾ ਮੁਫ਼ਤ ਕੈਂਪ ਆਯੋਜਿਤ



**ਘੱਗਾ, 10 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਕਸਬਾ ਘੱਗਾ ਦੇ ਨੌਜਵਾਨ ਵਰਗ ਵੱਲੋਂ ਸਥਾਨਕ ਦੁਰਗਾ ਮੰਦਰ ਵਿਚ ਖ਼ੂਨਦਾਨ ਅਤੇ ਅੱਖਾਂ ਦਾ ਮੁਫ਼ਤ ਕੈਂਪ ਲਗਾਇਆ ਗਿਆ। ਜਿਸ ਵਿਚ 32 ਦੇ ਕਰੀਬ ਵਿਅਕਤੀਆਂ ਨੇ ਖ਼ੂਨਦਾਨ ਕੀਤਾ ਅਤੇ 120 ਦੇ ਕਰੀਬ ਮਰੀਜ਼ਾਂ ਦੀਆਂ ਅੱਖਾਂ ਦਾ ਚੈੱਕ ਅੱਪ ਕਰਕੇ ਉਨ੍ਹਾਂ ਨੂੰ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ। ਜਦ ਕਿ 10 ਮਰੀਜ਼ਾਂ ਦੀਆਂ ਅੱਖਾਂ ਦਾ ਮੁਫ਼ਤ ਆਪ੍ਰੇਸ਼ਨ ਕੀਤਾ ਗਿਆ। ਖ਼ੂਨ ਇਕੱਤਰ ਕਰਨ ਲਈ ਕੇ ਕੇ ਜੌਹਰੀ ਹਸਪਤਾਲ ਸਮਾਨਾ ਅਤੇ ਅੱਖਾਂ ਦੇ ਕੈਂਪ ਵਿੱਚ ਹਾਂਡਾ ਆਈ ਕੇਅਰ ਸੈਂਟਰ ਪਟਿਆਲਾ ਤੋਂ ਅੱਖਾਂ ਦੇ ਰੋਗਾਂ ਦੇ ਮਾਹਰ ਡਾਕਟਰਾਂ ਦੀ ਟੀਮ ਨੇ ਸ਼ਮੂਲੀਅਤ ਕੀਤੀ।

ਇਸ ਮੌਕੇ ਨੌਜ਼ਵਾਨ ਆਗੂ ਕਰਨਦੀਪ ਸਿੰਘ, ਰਣਦੀਪ ਬਰਿਆਰ ਅਤੇ ਰਵੀ ਸ਼ਰਮਾ ਨੇ ਦੱਸਿਆ ਕਿ ਇਹ ਖ਼ੂਨਦਾਨ ਅਤੇ ਅੱਖਾਂ ਦਾ ਮੁਫ਼ਤ ਕੈਂਪ ਬਿਨਾਂ ਕਿਸੇ ਪਾਰਟੀ ਬਾਜੀ, ਕਿਸੇ ਸਿਆਸੀ ਪਾਰਟੀ ਜਾਂ ਕਿਸੇ ਕਲੱਬ ਵੱਲੋਂ ਨਹੀਂ ਸਗੋਂ ਜਾਤੀਵਾਦੀ ਤੋਂ ਉੱਪਰ ਉੱਠ ਕੇ ਆਮ ਨੌਜਵਾਨਾਂ ਵੱਲੋਂ ਲਗਾਇਆ ਗਿਆ।

ਉਨ੍ਹਾਂ ਦੱਸਿਆ ਕਿ ਸਾਨੂੰ ਇਹ ਕੈਂਪ ਲਗਾਉਣ ਲਈ ਪਿੰਡ ਵਾਸੀਆਂ ਦਾ ਬਹੁਤ ਵੱਡਾ ਸਹਿਯੋਗ ਮਿਲਿਆ ਹੈ। ਉਨ੍ਹਾਂ ਪੰਚਾਇਤਾਂ, ਕਲੱਬਾਂ, ਸੰਸਥਾਵਾਂ ਅਤੇ ਕਮੇਟੀਆਂ ਨੂੰ ਅਪੀਲ ਕੀਤੀ ਕਿ ਉਹ ਵੀ ਮਾਨਵਤਾ ਦੇ ਭਲੇ ਲਈ ਅਜਿਹੇ ਕੈਂਪ ਲਗਾ ਕੇ ਲੋਕਾਂ ਦੀ ਸੇਵਾ ਲਈ ਅੱਗੇ ਆਉਣ।

ਉਨ੍ਹਾਂ ਕਿਹਾ ਕਿ ਖ਼ੂਨਦਾਨ ਇੱਕ ਉਤਮ ਦਾਨ ਹੈ ਜਿਸ ਨਾਲ ਮਰੀਜ਼ਾਂ ਦੀਆਂ ਕੀਮਤੀ ਜਾਨਾਂ ਬਚਾਈਆਂ ਜਾ ਸਕਦੀਆਂ ਹਨ ਅਤੇ ਅੱਖਾਂ ਦੇ ਮੁਫ਼ਤ ਕੈਂਪ ਲਗਾ ਕੇ ਗਰੀਬ ਲੋਕਾਂ ਲਈ ਚਾਨਣ ਮੁਨਾਰੇ ਸਾਬਤ ਹੋ ਸਕਦੇ ਹਨ।

ਇਸ ਮੌਕੇ ਬ੍ਰਾਹਮਣ ਸਭਾ ਪੰਜਾਬ ਦੇ ਪ੍ਰਧਾਨ ਮੰਗਤ ਸ਼ਰਮਾ, ਸਤਨਾਮ ਬਰਾਸ, ਅਕਾਲੀ ਬੋਤਾ ਸਿੰਘ, ਹਨੀ ਜਾਫਰਪੁਰ, ਬੰਟੀ ਘੱਗਾ, ਅਨਿਲ ਕੁਮਾਰ, ਸੈਮੀ ਘੱਗਾ,ਪਰਮ ਖੇੜੀ ਵਰਨਾ ਅਤੇ ਮਨੀਸ਼ ਘੰਗਰੋਲੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਦੁਨੀਆਂ ਦਾ ਅਨੋਖਾ ਯੂਰਪੀਅਨ ਦੇਸ਼ 'ਆਸਟਰੀਆ'



– ਹਰਦੀਪ ਸਿੰਘ ਮਾਨ

ਆਓ ਇਕ ਅਜਿਹੇ ਦੇਸ਼ ਦੀ ਕਲਪਨਾ ਕਰੀਏ ਜਿਸ ਵਿਚ ਧਰਮ-ਨਿਰਪੱਖਤਾ, ਇਨਸਾਨੀ-ਬਰਾਬਰੀ, ਕਾਨੂੰਨ ਦੀ ਪਾਲਣਾਂ, ਮਨੁੱਖੀ ਅਜ਼ਾਦੀ ਅਤੇ ਹਰ ਅਦਾਰੇ ਤੇ ਨਿਯੰਤਰਣ ਹੋਵੇ, ਜਿੱਥੇ ਸਰਕਾਰੀ ਜਾਂ ਗ਼ੈਰ-ਸਰਕਾਰੀ ਅਦਾਰੇ ਰੰਗ, ਨਸਲ, ਮਜ਼੍ਹਬ ਅਤੇ ਵੱਖਰੀ ਦਿੱਖ ਦੇ ਆਧਾਰ ਤੋਂ ਬਿਨਾਂ ਕੰਮ ਕਰਨ। ਜੇ ਦੂਜੇ ਸ਼ਬਦਾਂ ਵਿਚ ਕਹੀਏ, ਇਕ ਆਮ ਨਾਗਰਿਕ ਆਪਣੇ ਦੇਸ਼ ਜਾਂ ਸ਼ਹਿਰ ਤੋਂ ਸ਼ੁੱਧ ਹਵਾ-ਪਾਣੀ, ਸੁਰੱਖਿਅਤ-ਜੀਵਨ, ਰੋਜ਼ਗਾਰ, ਸਰਕਾਰੀ ਸਹੂਲਤਾਂ, ਬੁਨਿਆਦੀ ਹੱਕ, ਸ਼ਾਂਤੀ ਅਤੇ ਇਨਸਾਫ਼ ਦੀ ਉਮੀਦ ਰੱਖਦਾ ਹੈ। ਹੁਣ ਦੇਖਦੇ ਹਾਂ, ਕੀ ਇਹ ਸਾਰੀਆਂ ਖੂਬੀਆਂ ਆਸਟਰੀਆ ਦੇਸ਼ ਵਿਚ ਹਨ?

**ਆਸਟਰੀਆ:**
ਆਸਟਰੀਆ, ਸੰਸਾਰ ਦੇ ਨਕਸ਼ੇ ਉੱਪਰ ਇਕ ਛੋਟਾ ਜਿਹਾ ਦਿਸਣ ਵਾਲਾ ਦੇਸ਼ ਅੱਜ ਤੋਂ 92 ਸਾਲ ਪਹਿਲਾਂ ਬਹੁਤ ਵੱਡਾ ਹੁੰਦਾ ਸੀ। ਪੂਰੇ ਦੇ ਪੂਰੇ ਦੇਸ਼ ਚੈਕੋ, ਸਲਾਵਾਕੀਆ, ਹੰਗਰੀ, ਸਲਵੇਨੀਆ, ਲਿਖਤਨਸਟਾਈਨ ਅਤੇ ਕੁਝ ਇਲਾਕੇ ਰੁਮਾਨੀਆ, ਇਟਲੀ, ਪੋਲੈਂਡ ਅਤੇ ਯੂਕਰੇਨ ਦੇ ਆਸਟਰੀਆ ਵਿਚ ਸ਼ਾਮਲ ਸਨ। ਆਸਟਰੀਆ ਵਾਰੇ ਬਹੁਤੇ ਲੋਕਾਂ ਨੂੰ ਜਾਣਕਾਰੀ ਨਾ ਹੋਣ ਕਰਕੇ ਉਹ ਇਸ ਨੂੰ ਆਸਟਰੇਲੀਆ ਨਾਂਵ ਤੇ ਬਦਲ ਦਿੰਦੇ ਹਨ। ਆਸਟਰੀਆ ਦਾ ਖ਼ੇਤਰਫਲ 83,858 ਵਰਗ ਕਿਲੋਮੀਟਰ ਹੈ, ਭਾਵ ਭਾਰਤ ਦਾ ਇਕ ਰਾਜ 'ਅਰੁਣਾਚਲ ਪ੍ਰਦੇਸ਼' ਪੂਰੇ ਆਸਟਰੀਆ ਦੇ ਬਰਾਬਰ ਹੈ। ਆਸਟਰੀਆ ਦੇ 9 ਰਾਜ ਹਨ। 'ਵਿਆਨਾ' ਆਸਟਰੀਆ ਦੀ ਰਾਜਧਾਨੀ ਹੈ। ਆਸਟਰੀਆ ਦੇ ਅੱਠ ਗੁਆਢੀ ਦੇਸ਼ਾਂ ਦੇ ਨਾਮ ਜਰਮਨੀ, ਸਵਿਟਜ਼ਰਲੈਂਡ, ਲਿਖਤਨਸਟਾਈਨ, ਇਟਲੀ, ਸਲਵੇਨੀਆ, ਹੰਗਰੀ, ਸਲਾਵਾਕੀਆ ਅਤੇ ਚੈਕੋ ਹਨ। ਇਸ ਦੇਸ਼ ਦਾ ਕਾਨੂੰਨੀ ਕੋਈ ਧਰਮ ਨਹੀਂ। ਵੈਸੇ, ਆਸਟਰੀਆ ਵਿਚ 78% ਕੈਥੋਲਿਕ, 5% ਪ੍ਰੈਟੈਸਟੈਂਟ, 2% ਮੁਸਲਮ ਧਰਮ ਦੇ ਲੋਕ ਰਹਿੰਦੇ ਹਨ। ਇੱਥੋਂ ਦੀ ਬੋਲੀ ਨੂੰ ਅੰਗ੍ਰੇਜ਼ੀ ਵਿਚ 'ਜਰਮਨ' ਅਤੇ ਜਰਮਨ ਵਿਚ 'ਡੁਚ' ਕਹਿੰਦੇ ਹਨ, ਭਾਵ ਇਸ ਦੇਸ਼ ਨੂੰ ਅੰਗ੍ਰੇਜ਼ੀ ਵਿਚ 'ਆਸਟਰੀਆ' ਅਤੇ ਜਰਮਨ ਜਾਂ ਡੁਚ ਵਿਚ 'ਉਸਟਰਾਹੀਖ਼' ਕਹਿੰਦੇ ਹਨ, ਇਸੇ ਤਰ੍ਹਾਂ ਹੀ ਰਾਜਧਾਨੀ ਨੂੰ ਅੰਗ੍ਰੇਜ਼ੀ ਵਿਚ 'ਵਿਆਨਾ' ਅਤੇ ਜਰਮਨ ਜਾਂ ਡੁਚ ਵਿਚ 'ਵੀਨ' ਕਹਿੰਦੇ ਹਨ।

ਸਰਵੇਖਣਾਂ ਅਨੁਸਾਰ ਆਸਟਰੀਆ ਵਿਚ ਜ਼ਿਆਦਾਤਰ ਮਰਦ 75 ਸਾਲ ਅਤੇ ਔਰਤਾਂ 81 ਸਾਲ ਤੱਕ ਉਮਰ ਭੋਗਦੀਆਂ ਹਨ। ਆਸਟਰੀਆ ਵਿਚ ਸਿਰਫ਼ ਚਾਰ ਰਾਜਨੀਤਿਕ ਪਾਰਟੀਆਂ ਤਾਕਤ ਵਿਚ ਹਨ। ਆਸਟਰੀਅਨ ਨਾਗਰਿਕ ਨੂੰ ਆਮ ਤੌਰ ਤੇ 20% ਟੈਕਸ ਦੇਣਾਂ ਪੈਂਦਾ ਹੈ। ਆਸਟਰੀਆ ਦੀ ਤਰੱਕੀ ਦਾ ਰਾਜ ਇੱਥੇ ਵੱਡੀ ਗਿਣਤੀ ਵਿਚ ਸੈਲਾਨੀਆਂ ਦਾ ਆਉਣਾਂ ਹੈ। ਸਾਲ ਦੇ 1.5 ਮਿਲੀਅਨ ਸੈਲਾਨੀ ਇੱਕਲੇ ਵਿਆਨਾ ਨੂੰ ਦੇਖਣ ਆਉਂਦੇ ਹਨ ਅਤੇ ਇਹ




ਗਿਣਤੀ ਹਰ ਸਾਲ ਵੱਧ ਵੀ ਜਾਂਦੀ ਹੈ। ਆਸਟਰੀਆ ਵੀ ਦੇਸ਼ ਬਾਰੇ ਮਸ਼ਹੂਰੀ ਅਤੇ ਸੈਲਾਨੀਆਂ ਦੀ ਮੰਗਾਂ ਨੂੰ ਪੂਰੀਆਂ ਕਰਨ ਵਿਚ ਕੋਈ ਕਸਰ ਨਹੀਂ ਛੱਡਦਾ। ਇਸ ਦੇਸ਼ ਨੇ ਹਰ ਤਰ੍ਹਾਂ ਦੇ ਮਹਾਨ ਵਿਅਕਤੀ ਪੈਦਾ ਕੀਤੇ ਜਿਵੇਂ ਅਭਿਨੇਤਾ, ਖਿਡਾਰੀ, ਲੇਖਕ, ਸੰਗੀਤਕਾਰ ਵਗੈਰਾ ਵਗੈਰਾ, ਜਿਨ੍ਹਾਂ ਨੇ ਸੰਸਾਰ ਭਰ ਵਿਚ ਆਸਟਰੀਆ ਦਾ ਨਾਮ ਉੱਚਾ ਕੀਤਾ ਅਤੇ ਕਰ ਰਹੇ ਹਨ। ਮਸ਼ਹੂਰ ਅਭਿਨੇਤਾ 'ਆਰਨੋਲਡ ਸਵਾਰਚੇਨੀਗਰ', ਜਿਸ ਨੇ 'ਕਮਾਡੋ' ਅਤੇ 'ਦਾ ਟਰਮੀਨੇਟਰ' ਵਰਗੀਆਂ ਅੰਗ੍ਰੇਜ਼ੀ ਫਿਲਮਾਂ ਵਿਚ ਕੰਮ ਕੀਤਾ ਅਤੇ ਹੁਣ ਵੀ ਉਸ ਦੀਆਂ ਨਵੀਆਂ ਫਿਲਮਾਂ ਆ ਰਹੀਆਂ ਹਨ, ਉਸ ਦਾ ਜਨਮ ਆਸਟਰੀਆ ਦੇ ਇਕ ਸ਼ਹਿਰ 'ਗਰਾਸ' ਵਿਚ ਹੀ ਹੋਇਆ ਹੈ। ਆਸਟਰੀਆ ਦੇ ਇਕ ਸੰਸਾਰ ਪ੍ਰਸਿੱਧ ਖਿਡਾਰੀ ਦਾ ਨਾਮ 'ਹਰਮਨ ਮਾਅਰ' ਹੈ, ਜਿਸ ਨੇ ਸਰਦੀ-ਰੁੱਤ ਦੀਆਂ ਖੇਡਾਂ ਵਿਚ ਆਸਟਰੀਆ ਲਈ ਕਈ ਸੋਨੇ ਦੇ ਤਮਗੇ ਜਿੱਤੇ। ਜਿਸ ਤਰ੍ਹਾਂ ਆਰਨੋਲਡ ਨੂੰ ਲੋਕੀਂ ਪਿਆਰ ਨਾਲ 'ਟਰਮੀਨੇਟਰ' ਕਹਿੰਦੇ ਹਨ, ਉਸੇ ਤਰ੍ਹਾਂ ਹਰਮਨ ਨੂੰ 'ਹਰਮੀਨੇਟਰ' ਕਹਿੰਦੇ ਹਨ।



ਆਬਾਦੀ ਘੱਟ ਹੋਣ ਕਰਕੇ ਹਰ ਆਸਟਰੀਅਨ ਨਾਗਰਿਕਤਾ ਪ੍ਰਾਪਤ ਮਰਦ ਨੂੰ 18 ਤੋਂ 35 ਸਾਲ ਦੀ ਉਮਰ ਦੇ ਵਿਚ 8 ਮਹੀਨੇ ਫ਼ੌਜ ਦੀ ਸਿਖਲਾਈ ਲਈ ਜਾਣਾਂ ਪੈਂਦਾ ਹੈ, ਤਾਂਕਿ ਲੜਾਈ ਲੱਗਣ ਤੇ ਸਾਰੇ ਮਰਦ ਆਪਣੇ ਕੰਮ-ਕਾਰ ਛੱਡ ਕੇ ਦੇਸ਼ ਲਈ ਲੜ੍ਹਨ ਲਈ ਪਹਿਲਾਂ ਤੋਂ ਹੀ ਤਿਆਰ ਰਹਿਣ। ਔਰਤਾਂ ਫ਼ੌਜੀ ਸਿਖਲਾਈ ਜਾਂ ਫ਼ੌਜ ਵਿਚ ਭਰਤੀ ਹੋਣ ਲਈ ਸਵੈ-ਇਛੁਕ ਜਾ ਸਕਦੀਆਂ ਹਨ, ਪਰ ਸਰੀਰਕ ਅਤੇ ਮਾਨਸਿਕ ਤੌਰ ਤੇ ਸੰਪੂਰਨ ਮਰਦਾਂ ਨੂੰ ਕਾਨੂੰਨੀ ਜਾਣਾਂ ਪੈਂਦਾ ਹੈ। ਫ਼ੌਜੀ ਸਿਖਲਾਈ ਦੌਰਾਨ ਸਰਕਾਰੀ ਬਿੱਲ ਮਾਫ਼ ਕਰ ਦਿੱਤੇ ਜਾਂਦੇ ਹਨ ਅਤੇ ਫ਼ੌਜੀ ਦੇ ਖਰਚਿਆਂ ਅਨੁਸਾਰ ਮਾਲੀ ਮਦਦ ਵੀ ਦਿੱਤੀ ਜਾਂਦੀ ਹੈ। ਆਸਟਰੀਆ ਵਿਚ 6 ਤੋਂ 15 ਸਾਲ ਦੀ ਉਮਰ ਦੇ ਬੱਚਿਆਂ ਦਾ ਸਕੂਲੇ ਜਾਣਾਂ ਜ਼ਰੂਰੀ ਹੈ। ਇੱਥੇ ਸਰਕਾਰੀ ਸਕੂਲਾਂ ਦੀ ਪੜ੍ਹਾਈ ਮੁਫ਼ਤ ਹੈ, ਸਿਰਫ਼ ਕਿਤਾਬਾਂ ਦੀ 10% ਕੀਮਤ ਦੇਣੀ ਪੈਂਦੀ ਹੈ, ਪਰ ਉਨੀ ਕੁ ਸਰਕਾਰ ਵਲੋਂ ਵੀ ਮਾਲੀ ਮਦਦ ਮਿਲ ਜਾਂਦੀ ਹੈ। ਯੂਨੀਵਰਸਿਟੀ ਵਿਚ ਪੜ੍ਹਨਾਂ ਵੀ ਇਸੇ ਤਰ੍ਹਾਂ ਹੀ ਹੈ, ਸਰਕਾਰ ਪੜ੍ਹਾਈ ਦਾ ਖ਼ਰਚਾ ਇਕ ਹੱਥ ਦੇ ਕੇ ਦੂਜੇ ਹੱਥ ਲੈ ਲੈਂਦੀ ਹੈ। ਵਿਦਿਆਰਥੀਆਂ ਨੂੰ ਹੋਰ ਬਹੁਤ ਸਾਰੀਆਂ ਸਹੂਲਤਾਂ ਮਿਲਦੀਆਂ ਹਨ, ਜਿਵੇਂ ਜਨਤਕ ਗੱਡੀਆਂ ਦੇ ਪਾਸ ਵਿਚ ਛੋਟ।

ਆਸਟਰੀਆ ਵਿਚ ਪਿਛਲੇ ਕੁਝ ਸਾਲਾਂ ਤੋਂ ਬਹੁਤ ਘੱਟ ਬੱਚੇ ਪੈਦਾ ਕੀਤੇ ਜਾ ਰਹੇ ਹਨ, ਸਾਲ 2001 ਵਿਚ ਪਿਛਲੇ ਸਾਲ ਨਾਲੋਂ 3000 ਬੱਚੇ ਘੱਟ ਪੈਦਾ ਹੋਏ, ਇਸ ਲਈ ਸਰਕਾਰ ਦੇਸ਼ ਦੇ ਭਵਿੱਖ ਲਈ ਬਹੁਤ ਚਿੰਤਕ ਹੈ। ਕਿਉਂਕਿ ਜੇ ਦੇਸ਼ ਦੀ ਆਬਾਦੀ ਵਿਚ ਵਾਧਾ ਨਹੀਂ ਹੁੰਦਾ ਜਾਂ ਬਹੁਤ ਹੌਲੀ ਹੁੰਦਾ ਹੈ ਤਾਂ ਪੈਨਸ਼ਨਾਂ ਕੌਣ ਭਰੇਗਾ? ਚਿੰਤਕਾਂ ਨੂੰ ਡਰ ਹੈ ਕਿ ਜੇ ਆਬਾਦੀ ਵਿਚ ਵਾਧਾ ਨਹੀਂ ਹੋਇਆ ਤਾਂ ਸਾਲ 2035 ਵਿਚ ਪੈਨਸ਼ਨਾਂ ਦੇਣੀਆਂ ਅਸੰਭਵ ਹੋ ਜਾਣਗੀਆਂ। ਇਸੇ ਕਰਕੇ ਵੱਧ ਤੋਂ ਵੱਧ ਬੱਚੇ ਪੈਦਾ ਕਰਨ ਦਾ ਲਾਲਚ ਦਿੱਤਾ ਜਾ ਰਿਹਾ ਹੈ, ਜਿਵੇਂ ਸਰਕਾਰ ਵਲੋਂ ਬੱਚਿਆਂ ਦੇ ਪਾਲਣ-ਪੋਸ਼ਣ ਲਈ ਮਾਲੀ ਮਦਦ ਦੇਣੀ, ਮਾਂ ਕੋਲੋਂ ਬੱਚੇ ਦੇ ਬਾਪ ਦਾ ਨਾਮ ਨਾ ਪੁੱਛਣਾਂ। ਹੋਰ ਵਿਕਸਿਤ ਦੇਸ਼ ਵਾਂਗ ਇੱਥੇ ਵੀ ਬੱਚਿਆਂ ਨੂੰ ਮਾਰਨਾ-ਕੁੱਟਣਾਂ ਕਾਨੂੰਨੀ ਜ਼ੁਲਮ ਹੈ। ਸਕੂਲਾਂ ਵਿਚ ਸਮੇਂ ਸਮੇਂ ਤੇ ਬੱਚਿਆਂ ਦੀ ਸਰੀਰਕ ਅਤੇ ਮਾਨਸਿਕ ਜਾਂਚ ਕੀਤੀ ਜਾਂਦੀ ਹੈ। ਮਾਂ-ਬਾਪ ਨੂੰ ਵੀ ਬੱਚੇ ਦੇ ਪਾਲਣ-ਪੋਸ਼ਣ ਲਈ ਸਰਕਾਰ ਵਲੋਂ ਵੀ ਮਾਲੀ ਮਦਦ ਦੇ ਨਾਲ ਨਾਲ ਸਖ਼ਤ ਹਦਾਇਤਾਂ ਵੀ ਦਿੱਤੀਆਂ ਜਾਂਦੀਆਂ ਹਨ। ਰਾਤਾਂ ਨੂੰ ਛੋਟੀ ਉਮਰ ਦੇ ਬੱਚਿਆਂ ਨੂੰ ਨਾਲ ਲੈ ਕੇ ਘੁੰਮਣਾਂ ਮਨ੍ਹਾਂ ਹੈ। ਹੋਰ ਜੋ ਸਭ ਕੁਝ ਬਾਕੀ ਵਿਕਸਿਤ ਦੇਸ਼ਾਂ ਵਿਚ ਹੁੰਦਾ ਹੈ, ਉਹ ਇੱਥੇ ਵੀ ਹੁੰਦਾ ਹੈ। ਇੱਥੇ ਵੀ ਜਵਾਨ ਮੁੰਡੇ-ਕੁੜੀਆਂ ਨੂੰ ਹੱਦੋਂ ਵੱਧ ਆਜ਼ਾਦੀ ਹੈ। ਸੜਕਾਂ ਤੇ ਨੰਗੇਜ਼ਵਾਦ ਅਤੇ ਮੁੰਡੇ-ਕੁੜੀਆਂ ਦੀਆਂ ਅਸ਼ਲੀਲ ਹਰਕਤਾਂ ਆਮ ਦੇਖਣ 'ਚ ਆਉਂਦੀਆਂ ਹਨ। ਕੁੜੀਆਂ 22 ਸਾਲਾਂ ਦੀਆਂ ਹੋ ਕੇ ਪਰਿਵਾਰ ਨਾਲੋਂ ਵੱਖ ਹੋ ਕੇ ਰਹਿਣ ਲੱਗ ਪੈਂਦੀਆਂ ਹਨ ਅਤੇ ਮੁੰਡੇ 24 ਸਾਲ ਦੇ। ਵਿਆਨਾ ਵਿਚ 44.5% ਲੋਕ ਇੱਕਲੇ ਰਹਿ ਰਹੇ ਹਨ। ਇੱਥੇ ਵੀ ਬੰਦੇ ਬੰਦਿਆਂ ਨਾਲ ਵਿਆਹ ਕਰਵਾਈ ਜਾ ਰਹੇ ਹਨ ਅਤੇ ਔਰਤਾਂ ਔਰਤਾਂ ਨਾਲ। ਅਣ-ਵਿਆਹੇ ਇੱਕਠਿਆਂ ਰਹਿਣ ਦਾ ਰੁਝਾਨ ਵੱਧ ਰਿਹਾ ਹੈ। ਆਸਟਰੀਆ ਵਿਚ ਸਾਲ 2001 ਪੈਦਾ ਹੋਏ ਹਰ ਤੀਜੇ ਬੱਚੇ ਦੇ ਮਾਂ-ਬਾਪ ਅਣ-ਵਿਆਹੇ ਹਨ।

**ਆਬਾਦੀ:** ਇਸ ਦੇਸ਼ ਦੀ ਜਨਸੰਖਿਆ ਸਾਲ 2001 ਦੇ ਸਰਕਾਰੀ ਅੰਕੜਿਆਂ ਅਨੁਸਾਰ 80,65,465 ਸੀ। ਹੈਰਾਨੀ ਦੀ ਗੱਲ ਹੈ ਕਿ ਇਸ ਦੇ ਸਾਰੇ ਹੀ ਰਾਜਾਂ ਵਿਚ ਔਰਤਾਂ ਦੀ ਗਿਣਤੀ ਜ਼ਿਆਦਾ ਹੈ। ਇਕੱਲੇ ਵਿਆਨਾ ਸ਼ਹਿਰ ਵਿਚ ਮਰਦਾਂ ਨਾਲੋਂ 86,000 ਜ਼ਿਆਦਾ ਔਰਤਾਂ ਰਹਿ ਰਹੀਆਂ ਹਨ, ਕੁਝ ਲੋਕਾਂ ਲਈ ਸ਼ਾਇਦ ਇਹ ਸਵਰਗ ਦੀ ਕਲਪਨਾ ਹੋਵੇਗੀ। ਮਰਦਾਂ ਅਤੇ ਔਰਤਾਂ ਦਾ ਵੱਡੀ ਗਿਣਤੀ ਵਿਚ ਇਹ ਅੰਤਰ ਸੰਸਾਰ ਯੁੱਧਾਂ ਵਿਚ ਬਹੁਤੇ ਮਰਦਾਂ ਦਾ ਮਾਰੇ ਜਾਣਾ ਅਤੇ ਵਿਕਸਿਤ ਸਮਾਜ ਵਿਚ ਧੀ-ਪੁੱਤਰ ਨੂੰ ਇਕ ਬਰਾਬਰ ਸਮਝਣਾਂ ਹੈ। ਪਿਛਲੇ ਦਸ ਸਾਲਾਂ ਵਿਚ ਆਸਟਰੀਆ ਦੀ ਆਬਾਦੀ 3.5% ਵਧੀ ਹੈ। ਸਾਰੇ ਆਸਟਰੀਆ ਵਿਚ 9.3% ਲੋਕਾਂ ਕੋਲ ਆਸਟਰੀਅਨ ਨਾਗਰਿਕਤਾ ਨਹੀਂ ਹੈ, ਜੋ ਕਿ ਯੂਰਪੀਅਨ ਯੂਨੀਅਨ ਦੇਸ਼ਾਂ ਨਾਲੋਂ ਸਭ ਤੋਂ ਵੱਧ ਹੈ। ਪ੍ਰਵਾਸੀਆਂ ਵਿਚ ਜ਼ਿਆਦਾ ਯੂਗੋ, ਸਲਾਵੀਅਨ, ਟੁਰਕੀ ਅਤੇ ਪੋਲੈਂਡੀਅਨ ਹਨ।

ਅਖ਼ਬਾਰਾਂ ਵੇਚਣ ਦੇ ਕੰਮ ਲਈ ਵਿਸ਼ੇਸ਼ ਵੀਜ਼ੇ ਖੁਲ੍ਹਣ ਕਰਕੇ ਸਾਲ 1980 ਵਿਚ ਭਾਰਤੀਆ ਨੇ ਆਸਟਰੀਆ ਆਉਣਾਂ ਸ਼ੁਰੂ ਕੀਤਾ। ਆਸਟਰੀਆ ਵਿਚ ਸਾਲ 2001 ਵਿਚ 5127 ਭਾਰਤੀ ਨਾਗਰਿਕਤਾ ਵਾਲੇ ਦਰਜ ਸਨ। ਪਿਛਲੇ ਸਾਲ 91 ਭਾਰਤੀ ਬੱਚਿਆਂ ਨੇ ਆਸਟਰੀਆ ਵਿਚ ਜਨਮ ਲਿਆ। 678 ਭਾਰਤੀਆਂ ਨੇ ਸਾਲ 2001 ਵਿਚ ਆਸਟਰੀਅਨ ਪਾਸਪੋਰਟ ਲਏ, ਜਿਨ੍ਹਾਂ ਵਿਚੋਂ ਜ਼ਿਆਦਾਤਰ ਔਰਤਾਂ ਅਤੇ ਬੱਚੇ ਸਨ। ਸਰਕਾਰੀ ਅੰਕੜਿਆਂ ਤੋਂ ਪਤਾ ਲੱਗਦਾ ਹੈ ਕਿ ਆਸਟਰੀਆ ਦੇ ਸਾਰੇ ਰਾਜਾਂ ਵਿਚ ਆਪਣੇ ਭਾਰਤੀ ਹਨ, ਪਰ ਵੱਡੀ ਗਿਣਤੀ, ਸਾਲ 2001 ਵਿਚ 3756 ਭਾਰਤੀ ਨਾਗਰਿਕਤਾ ਵਾਲੇ, ਵਿਆਨਾ ਵਿਚ ਹੀ ਹੈ। ਜੇ ਸਾਰੇ ਆਸਟਰੀਆ ਵਿਚ ਸਾਲ 1979 ਤੋਂ ਲੈ ਕੇ ਸਾਲ 2001 ਤੱਕ ਭਾਰਤੀ ਪਾਸਪੋਰਟਾਂ ਨੂੰ ਦੇ ਕੇ ਆਸਟਰੀਅਨ ਪਾਸਪੋਰਟ ਲੈਣ ਵਾਲਿਆਂ ਦੀ ਗਿਣਤੀ ਦਾ ਕੁਲ ਜੋੜ ਲਾਈਏ ਤਾਂ ਇਹ 5670 ਬਣਦੀ ਹੈ। ਜ਼ਿਆਦਾਤਰ ਪੰਜਾਬ ਅਤੇ ਕੇਰਲਾ ਤੋਂ ਭਾਰਤੀ ਆਸਟਰੀਆ ਵਿਚ ਹਨ। ਦੇਖਣ ਵਿਚ ਆਇਆ ਹੈ ਕਿ ਇੱਥੇ ਹੋਰ ਦੇਸ਼ਾਂ ਦੇ ਨਾਗਰਿਕਾਂ ਨਾਲੋਂ ਭਾਰਤੀਆਂ ਨੂੰ ਵੀਜ਼ੇ ਅਤੇ ਆਸਟਰੀਅਨ ਪਾਸਪੋਰਟ ਸੌਖੇ ਅਤੇ ਛੇਤੀ ਮਿਲ ਜਾਂਦੇ ਹਨ। ਸ਼ਾਇਦ ਇਨ੍ਹਾਂ ਨੂੰ ਭਾਰਤੀਆਂ ਦੇ ਮਿਹਨਤੀ, ਅਮਨਪਸੰਦ ਅਤੇ ਖੁਲ੍ਹੇ ਸੁਭਾਅ ਵਾਰੇ ਪਤਾ ਹੈ। ਸਾਲ 2001 ਵਿਚ 429 ਭਾਰਤੀ ਆਸਟਰੀਆ ਛੱਡ ਕੇ ਚਲੇ ਗਏ। ਸਰਕਾਰੀ ਅੰਕੜਿਆਂ ਅਨੁਸਾਰ ਸਾਲ 1978 ਵਿਚ ਪਹਿਲੀ ਬਾਰ 8 ਭਾਰਤੀਆਂ ਨੇ ਆਸਟਰੀਅਨ ਸਿਆਸੀ-ਪਨਾਹ ਲਈ ਸੀ, ਪਰ ਸਾਲ 2000 ਵਿਚ ਇਹ ਵਧ ਕੇ 2441 ਹੋ ਗਈ। ਸਾਲ 2001 ਵਿਚ 1804 ਭਾਰਤੀ ਸਿਆਸੀ ਪਨਾਹਗੀਰ ਸਨ। ਸਭ ਤੋਂ ਵੱਧ ਇੱਥੇ ਅਫ਼ਗਾਨਿਸਤਾਨ ਅਤੇ ਇਰਾਨ ਤੋਂ ਲੋਕ ਸਿਆਸੀ ਪਨਾਹ ਲਈ ਆਉਂਦੇ ਹਨ।

**ਵਿਆਨਾ:** ਕਿਉਂਕਿ ਹਰ ਦੇਸ਼ ਦੀ ਰਾਜਧਾਨੀ ਉਸ ਦੇਸ਼ ਦਾ ਕੇਂਦਰੀ ਧੁਰਾ ਹੁੰਦਾ ਹੈ, ਇਸ ਕਰਕੇ 'ਵਿਆਨਾ' ਬਾਰੇ ਵਿਸਥਾਰਪੂਰਕ ਦੱਸਦੇ ਹਾਂ। ਵਿਆਨਾ ਵਿਚ ਰੋਜ਼ਗਾਰ ਦੇ ਸਾਧਨ ਜ਼ਿਆਦਾ ਹੋਣ ਕਰਕੇ ਇੱਥੇ ਸੰਸਾਰ ਦੇ ਸਾਰੇ ਦੇਸ਼ਾਂ ਦੇ ਲੋਕ ਰਹਿੰਦੇ ਹਨ। ਸਾਲ 2001 ਵਿਚ ਸਿਰਫ਼ 6.1% ਨਾਗਰਿਕ ਆਸਟਰੀਆ ਵਿਚ ਬੇਰੁਜ਼ਗਾਰ ਸਨ। ਭਾਵੇਂ ਵਿਆਨਾ ਆਸਟਰੀਆ ਦੇ ਬਾਕੀ ਰਾਜਾਂ ਨਾਲੋਂ ਸਭ ਤੋਂ ਛੋਟਾ ਹੈ, ਪਰ ਰਾਜਧਾਨੀ ਹੋਣ ਕਰਕੇ ਇਸ ਦੀ ਆਬਾਦੀ (15,62,482) ਬਾਕੀ ਰਾਜਾਂ ਨਾਲੋਂ ਜ਼ਿਆਦਾ ਹੈ, ਇਸੇ ਕਰਕੇ ਹੀ ਸਾਰੇ ਰਾਜਾਂ ਨਾਲੋਂ ਵੱਧ ਵਿਆਨਾ ਦੇ 17.7% ਲੋਕਾਂ ਕੋਲ ਆਸਟਰੀਅਨ ਨਾਗਰਿਕਤਾ ਨਹੀਂ ਹੈ।

ਵਿਆਨਾ ਵਿਚ ਜਗ੍ਹਾ ਥੋੜ੍ਹੀ ਅਤੇ ਆਬਾਦੀ ਜ਼ਿਆਦਾ ਹੋਣ ਕਰਕੇ ਜ਼ਿਆਦਾਤਰ ਲੋਕ ਫਲੈਟਾਂ (ਬਿਲਡਿੰਗਾਂ) ਵਿਚ ਰਹਿੰਦੇ ਹਨ, ਸਿਰਫ਼ 8.1% ਲੋਕ ਆਪਣੇ ਘਰਾਂ (ਹਾਊਸ) ਵਿਚ ਰਹਿੰਦੇ ਹਨ। ਵਿਆਨਾ ਦੇ ਫਲੈਟਾਂ ਦੀ ਕੀਮਤ ਲਗਪਗ ਇੰਗਲੈਂਡ ਦੇ ਘਰਾਂ ਜਿੰਨੀ ਹੈ। ਆਸਟਰੀਆ ਵਿਚ ਕੰਮ ਕਰਨ ਵਾਲਿਆਂ ਨੂੰ ਸਾਲ ਦੀਆਂ ਚੌਦਾਂ ਤਨਖ਼ਾਹਾਂ ਮਿਲਦੀਆਂ ਹਨ ਅਤੇ ਸਾਲ ਦੀਆਂ 15 ਸਰਕਾਰੀ ਛੁੱਟੀਆਂ ਹੁੰਦੀਆਂ ਹਨ। ਵਧੇਰੇ ਸਰਕਾਰੀ ਛੁੱਟੀਆਂ ਦੀ ਗਿਣਤੀ ਵਿਚ ਵੀ ਆਸਟਰੀਆ ਮੋਹਰੀ ਦੇਸ਼ਾਂ ਵਿਚ ਆਉਂਦਾ ਹੈ। ਇਸ ਤੋਂ ਇਲਾਵਾ ਕਾਮਾਂ ਤਨਖ਼ਾਹ ਤੇ ਸਾਲ ਵਿਚ ਪੰਜ ਹਫ਼ਤੇ ਦੀਆਂ ਛੁੱਟੀਆਂ ਲੈ ਸਕਦਾ ਹੈ। ਵਿਆਨਾ ਦੀ ਸਫ਼ਾਈ ਦੀ ਗੱਲ ਕਰੀਏ ਤਾਂ ਇੱਥੇ ਹਰ ਤਰ੍ਹਾਂ ਦੇ ਕੂੜੇ ਲਈ ਵੱਖਰਾ ਕੂੜੇਦਾਨ ਹੈ। ਜ਼ਿਆਦਾਤਰ ਬਹੁ-ਮੰਜ਼ਿਲੀ ਇਮਾਰਤਾਂ ਵਿਚ ਦੋ ਤਰ੍ਹਾਂ ਦੇ ਕੂੜੇਦਾਨ ਹੁੰਦੇ ਹਨ। ਇਕ ਵਿਚ ਕਾਗਜ਼ ਅਤੇ ਦੂਸਰੇ ਵਿਚ ਸਭ ਕੁਝ ਸੁੱਟ ਸਕਦੇ ਹੋ।

ਬਿਲਡਿੰਗਾਂ ਤੋਂ ਕੁਝ ਦੂਰੀ ਤੇ ਛੇ ਤਰ੍ਹਾਂ ਦੇ ਕੂੜੇਦਾਨ ਰੱਖੇ ਹੁੰਦੇ ਹਨ, ਜਿਨ੍ਹਾਂ ਵਿਚ ਪਲਾਸਟਿਕ, ਫੁੱਲ-ਬੂਟੇ, ਰੰਗੀਨ ਕੱਚ, ਚਿੱਟਾ ਕੱਚ, ਲੋਹਾ ਅਤੇ ਕੱਪੜੇ ਸੁੱਟੇ ਜਾਂਦੇ ਹਨ।

---

ਕਥਾ ਪ੍ਰਵਾਹ

# ਤਿੰਨ ਬਹਾਦਰ

-ਬਲਦੇਵ ਸਿੰਘ ਸਿੱਧੂ

ਜੇ ਅਸੀਂ ਵਿਸ਼ਵ ਦੇ ਇਤਿਹਾਸ ਦੇ ਪੰਨੇ ਵੇਖੀਏ-ਪੜ੍ਹੀਏ ਤਾਂ ਹਰੇਕ ਦੇਸ਼ ਅਤੇ ਕੌਮ ਦਾ ਇਤਿਹਾਸ ਵੀਰਾਂ-ਬਹਾਦਰਾਂ ਦੀਆਂ ਕਹਾਣੀਆਂ ਨਾਲ ਭਰਿਆ ਹੋਇਆ ਹੈ। ਹਰ ਕਾਲ ਤੇ ਯੁੱਗ ਵਿੱਚ ਅਜਿਹੇ ਸੂਰਮੇ ਹੋਏ ਹਨ ਜਿਨ੍ਹਾਂ ਨੇ ਆਪਣੇ ਸਾਹਸ ਭਰੇ ਕਾਰਨਾਮਿਆਂ ਨਾਲ ਲੋਕਾਂ 'ਚ ਉਤਸ਼ਾਹ ਪੈਦਾ ਕਰ ਕੇ ਉਨ੍ਹਾਂ ਨੂੰ ਪ੍ਰੇਰਨਾ ਦਿੱਤੀ। ਇਹ ਕਹਾਣੀ ਹਜ਼ਾਰਾਂ ਸਾਲ ਪੁਰਾਣੀ ਹੈ। ਕਹਿੰਦੇ ਹਨ ਕਿ ਰੋਮ 'ਤੇ ਟਾਰਕਿਵਨ ਨਾਂ ਦਾ ਰਾਜਾ ਰਾਜ ਕਰਦਾ ਸੀ। ਉਹ ਬਹੁਤ ਹੀ ਜ਼ਾਲਮ ਪ੍ਰਵਿਰਤੀ ਦਾ ਸ਼ਾਸਕ ਸੀ ਜੋ ਜਨਤਾ ਤੋਂ ਭਾਰੀ ਟੈਕਸ ਵਸੂਲ ਕਰਦਾ ਅਤੇ ਉਸ ਆਮਦਨ ਆਮਦਨ ਨੂੰ ਆਪਣੀ ਐਸ਼ੋ-ਇਸ਼ਰਤ 'ਤੇ ਅੰਨ੍ਹੇਵਾਹ ਖਰਚ ਕਰਦਾ ਸੀ। ਲੋਕ ਭਲਾਈ ਨਾਲ ਉਸ ਦਾ ਦੂਰ ਨੇੜੇ ਦਾ ਵਾਸਤਾ ਨਹੀਂ ਸੀ। ਇਸ ਕਰਕੇ ਪਰਜਾ ਉਸ ਦੇ ਤਾਨਾਸ਼ਾਹੀ ਰਵੱਈਏ ਤੋਂ ਪੂਰੀ ਤਰ੍ਹਾਂ ਤੰਗ ਹੋ ਗਈ। ਅੰਤ ਲੋਕਾਂ ਨੇ ਰਾਜੇ ਵਿਰੁੱਧ ਬਗ਼ਾਵਤ ਕਰ ਦਿੱਤੀ। ਰਾਜ ਪਲਟੇ ਤੋਂ ਬਾਅਦ ਪਰਜਾ ਨੇ ਫ਼ੈਸਲਾ ਕੀਤਾ ਕਿ ਦੇਸ਼ ਦਾ ਸ਼ਾਸਨ ਕਿਸੇ ਬਾਦਸ਼ਾਹ ਦੇ ਅਧੀਨ ਨਹੀਂ ਸਗੋਂ ਵਿਦਵਾਨ ਅਤੇ ਬੁੱਧੀਮਾਨ ਲੋਕਾਂ ਦੀ ਇੱਕ ਸਭਾ ਰਾਜ ਦਾ ਪ੍ਰਬੰਧ ਕਰੇਗੀ। ਬਾਦਸ਼ਾਹ ਟਾਰਕਿਵਨ ਦੇ ਮਨ 'ਚ ਰਾਜ ਦੇ ਖੋਹੇ ਜਾਣ ਦਾ ਬਹੁਤ ਦੁੱਖ ਸੀ ਪਰ ਉਹ ਐਨੀ ਆਸਾਨੀ ਨਾਲ ਹਾਰ ਮੰਨਣ ਵਾਲਾ ਨਹੀਂ ਸੀ। ਉਹ ਰਾਜਗੱਦੀ ਦਾ ਬਹੁਤ ਭੁੱਖਾ ਸੀ ਤੇ ਉਸ ਨੂੰ ਪ੍ਰਾਪਤ ਕਰਨ ਲਈ ਕਿਸੇ ਵੀ ਹੱਦ ਤਕ ਜਾ ਸਕਦਾ ਸੀ। ਉਸ ਨੇ ਗੁਆਂਢੀ ਰਾਜੇ ਲਾਰਸ ਪ੍ਰੋਸੇਨ ਤੋਂ ਸਹਾਇਤਾ ਮੰਗੀ। ਟਾਰਕਿਵਨ ਨੇ ਉਸ ਨੂੰ ਭੜਕਾਇਆ ਕਿ ਜਿਵੇਂ ਅੱਜ ਮੇਰਾ ਰਾਜ ਖੋਹ ਲਿਆ ਗਿਆ ਹੈ, ਉਸ ਪ੍ਰਕਾਰ ਹੀ ਦੇਸ਼ ਦੀ ਜਨਤਾ ਕੱਲ੍ਹ ਨੂੰ ਤੈਨੂੰ ਵੀ ਗੱਦੀ ਤੋਂ ਲਾਹ ਸਕਦੀ ਹੈ। ਇਸ ਪ੍ਰਵਿਰਤੀ ਨੂੰ ਰੋਕਣ ਲਈ ਜ਼ਰੂਰੀ ਹੈ ਕਿ ਰੋਮ ਦੀ ਜਨਤਾ ਨੂੰ ਸਬਕ ਸਿਖਾਇਆ ਜਾਵੇ। ਲਾਰਸ ਪ੍ਰੋਸੇਨ ਇਸ ਗੱਲ ਤੋਂ ਬਹੁਤ ਡਰ ਗਿਆ ਅਤੇ ਉਸ ਨੇ ਟਾਰਕਿਵਨ ਦੀ ਸਹਾਇਤਾ ਲਈ ਵਿਸ਼ਾਲ ਸੈਨਾ ਭੇਜ ਦਿੱਤੀ।

ਸੈਨਿਕਾਂ ਦੇ ਹੱਥਾਂ 'ਚ ਤਲਵਾਰਾਂ ਅਤੇ ਬਰਛੇ ਚਮਕ ਰਹੇ ਸਨ ਤੇ ਉਨ੍ਹਾਂ ਦੇ ਕਦਮਾਂ ਦੀ ਧੂੜ ਅਸਮਾਨ ਵੱਲ ਉੱਡਦੀ ਸਾਫ਼ ਵਿਖਾਈ ਦੇ ਰਹੀ ਸੀ। ਉਹ ਰਸਤੇ 'ਚ ਆਉਂਦੇ ਪਿੰਡ ਨੂੰ ਲੁੱਟਣ ਤੋਂ ਬਾਅਦ ਅੱਗ ਲਾ ਦਿੰਦੇ ਸਨ। ਇਸ ਤਰ੍ਹਾਂ ਪਿੰਡਾਂ ਦੇ ਲੋਕ ਡਰਦੇ ਹੋਏ ਜਿੰਨਾ ਵੀ ਸਾਮਾਨ ਲਿਜਾ ਸਕਦੇ ਸਨ, ਉਸ ਨੂੰ ਲੈ ਕੇ ਰੋਮ ਵੱਲ ਭੱਜਣ ਲੱਗੇ। ਸਭ ਦੀਆਂ ਅੱਖਾਂ 'ਚ ਡਰ ਸਾਫ਼ ਦਿਖਾਈ ਦੇ ਰਿਹਾ ਸੀ। ਉਹ ਡਿੱਗਦੇ-ਢਹਿੰਦੇ ਰੋਮ ਵੱਲ ਭੱਜ ਰਹੇ ਸਨ। ਰੋਮ ਦਾ ਸੁੰਦਰ ਸ਼ਹਿਰ ਟਾਈਬਰ, ਟਾਈਬਰ ਨਦੀ ਦੇ ਕਿਨਾਰੇ ਵਸਿਆ ਹੋਇਆ ਸੀ ਅਤੇ ਸ਼ਹਿਰ ਵਿੱਚ ਪ੍ਰਵੇਸ਼ ਹੋਣ ਲਈ ਨਦੀ 'ਤੇ ਇੱਕ ਲੱਕੜ ਦਾ ਜ਼ਬਰਦਸਤ ਪੁਲ਼ ਬਣਿਆ ਹੋਇਆ ਸੀ। ਉਹ ਪੁਲ਼ ਆਪਣੇ ਸਮੇਂ ਦਾ ਕਲਾ ਦਾ ਉੱਤਮ ਨਮੂਨਾ ਸੀ ਤੇ ਲੋਕ ਦੂਰੋਂ-ਦੂਰੋਂ ਉਸ ਨੂੰ ਵੇਖਣ ਲਈ ਆਉਂਦੇ ਸਨ। ਉਸ ਪੁਲ਼ ਦੀ ਇੱਕ ਖ਼ਾਸੀਅਤ ਇਹ ਸੀ ਕਿ ਉਹ ਐਨਾ ਤੰਗ ਸੀ ਕਿ ਉਸ ਉੱਤੇ ਇੱਕ ਵਾਰ ਜ਼ਿਆਦਾ ਤੋਂ ਜ਼ਿਆਦਾ ਤਿੰਨ ਆਦਮੀ 'ਕੱਠੇ ਖੜ੍ਹੇ ਹੋ ਸਕਦੇ ਸਨ। ਨਦੀ ਦੇ ਇੱਕ ਪਾਸੇ ਰੋਮ ਅਤੇ ਦੂਜੇ ਪਾਸੇ ਜੈਨਿਕੁਲਮ ਦਾ ਕਿਲ੍ਹਾ ਸੀ। ਉਹ ਕਿਲ੍ਹਾ ਵੈਰੀਆਂ ਨੂੰ ਰੋਕਣ ਲਈ ਬਣਾਇਆ ਗਿਆ ਸੀ। ਕਿਲ੍ਹੇ ਦੇ ਸੈਨਿਕਾਂ ਨੇ ਸ਼ੋਰ ਦੀ ਆਵਾਜ਼ ਸੁਣੀ ਤਾਂ ਉਹ ਬਾਹਰ ਆ ਗਏ। ਹਜ਼ਾਰਾਂ ਦੀ ਗਿਣਤੀ 'ਚ ਲੋਕਾਂ ਨੇ ਰੋ-ਰੋ ਕੇ ਸਾਰਾ ਹਾਲ ਸੁਣਾਇਆ ਕਿ ਕਿਸ ਤਰ੍ਹਾਂ ਉਨ੍ਹਾਂ ਨੂੰ ਲੁੱਟਿਆ ਗਿਆ ਤੇ ਸੰਪਤੀ ਮਚਾ ਦਿੱਤੀ ਗਈ। ਉਨ੍ਹਾਂ ਨੇ ਸੈਨਿਕਾਂ ਤੋਂ ਸੁਰੱਖਿਆ ਲਈ ਬੇਨਤੀ ਕੀਤੀ। ਇਹ ਸਾਰਾ ਹਾਲ ਸੁਣ ਕੇ ਕਿਲ੍ਹੇ ਦੇ ਸੈਨਾਪਤੀ ਨੇ ਕਿਹਾ, "ਹੁਣ ਤੁਹਾਨੂੰ ਡਰਨ ਦੀ ਕੋਈ ਲੋੜ ਨਹੀਂ ਹੈ। ਪੁਲ਼ ਨੂੰ ਪਾਰ ਕਰਦੇ ਹੋਏ ਸ਼ਹਿਰ 'ਚ ਚਲੇ ਜਾਓ। ਸ਼ਹਿਰ ਦੇ ਚਾਰੇ ਪਾਸੇ ਘੇਰਾਬੰਦੀ ਬਹੁਤ ਮਜ਼ਬੂਤ ਹੈ। ਤੁਸੀਂ ਲੋਕ ਅੰਦਰ ਜਾ ਕੇ ਪੂਰੀ ਤਰ੍ਹਾਂ ਸੁਰੱਖਿਅਤ ਰਹੋਗੇ। ਅਸੀਂ ਵੈਰੀਆਂ ਨਾਲ ਮੁਕਾਬਲਾ ਕਰਾਂਗੇ।"

ਇਸ ਤਰ੍ਹਾਂ ਪਿੰਡਾਂ ਦੇ ਲੋਕ ਬੇਫ਼ਿਕਰ ਹੋ ਕੇ ਪੁਅ ਰਾਹੀਂ ਰੋਮ ਦੀ ਮਜ਼ਬੂਤ ਬਣੀ ਹੋਈ ਚਾਰਦੀਵਾਰੀ 'ਚ ਪਹੁੰਚ ਗਏ ਤੇ ਉੱਥੋਂ ਦੇ ਲੋਕਾਂ ਨੂੰ ਹੱਡ-ਬੀਤੀ ਸੁਣਾਉਣ ਲੱਗੇ। ਇਸ ਦੇ ਦੂਜੇ ਪਾਸੇ ਜੈਨਿਕੁਲਮ ਕਿਲ੍ਹੇ ਦੇ ਸੈਨਿਕਾਂ ਨੇ ਜਦੋਂ ਦੁਸ਼ਮਣਾਂ ਦੇ ਕਦਮਾਂ ਨਾਲ ਆਸਮਾਨ ਵੱਲ ਉੱਡਦੀ ਹੋਈ ਧੂੜ ਵੇਖੀ ਤਾਂ ਖ਼ਤਰੇ ਦਾ ਅਲਾਰਮ ਵਜਾਉਂਦੇ ਹੋਏ ਸਭ ਨੂੰ ਸੁਚੇਤ ਰਹਿਣ ਦੇ ਨਿਰਦੇਸ਼ ਦੇ ਦਿੱਤੇ। ਰੋਮ ਦੇ ਨਿਵਾਸੀ ਆਪਣੀਆਂ ਛੱਤਾਂ ਉੱਪਰ ਖੜ੍ਹੇ ਹੋ ਕੇ ਦੁਸ਼ਮਣ ਦੀ ਸੈਨਾ ਨੂੰ ਵੇਖਣ ਲੱਗੇ। ਜ਼ਿਆਦਾਤਰ ਲੋਕਾਂ ਦੀਆਂ ਅੱਖਾਂ 'ਚ ਦਹਿਸ਼ਤ ਦੇ ਚਿੰਨ੍ਹ ਸਾਫ਼ ਦਿਖਾਈ ਦੇ ਰਹੇ ਸਨ ਤੇ ਕੁਝ ਕੁ ਪੂਰੇ ਜੋਸ਼ ਨਾਲ ਗੱਲਾਂ ਕਰਨ ਲੱਗੇ।

ਦੁਸ਼ਮਣ ਦੀ ਸੈਨਾ ਨਜ਼ਦੀਕ ਪਹੁੰਚਣ 'ਤੇ ਕਿਲ੍ਹੇ ਦੇ ਸੈਨਿਕਾਂ ਨੇ ਉਨ੍ਹਾਂ 'ਤੇ ਹਮਲਾ ਬੋਲ ਦਿੱਤਾ। ਦੋਵਾਂ ਵਿਚਕਾਰ ਘਮਸਾਨ ਯੁੱਧ ਛਿੜ ਪਿਆ। ਇਹ ਕਹਾਣੀ ਸੁਣ ਕੇ ਪ੍ਰਧਾਨ ਮੰਤਰੀ ਕੁਝ ਸਮਾਂ ਚਿੰਤਾ ਦੀ ਸਥਿਤੀ 'ਚ ਘੁੰਮਦੇ ਰਹੇ ਅਤੇ ਫਿਰ ਯਕਦਮ ਬੋਲ ਪਏ, "ਰੋਮ ਵਿੱਚ ਪ੍ਰਵੇਸ਼ ਹੋਣ ਲਈ ਇੱਕ ਹੀ ਰਸਤਾ ਹੈ ਤੇ ਉਹ ਲੱਕੜ ਦਾ ਪੁਲ਼ ਹੈ। ਜੇ ਉਸ ਪੁਲ਼ ਨੂੰ ਕਿਸੇ ਤਰੀਕੇ ਨਾਲ ਕੱਟ ਦਿੱਤਾ ਜਾਵੇ ਤਾਂ ਵੈਰੀ ਸ਼ਹਿਰ 'ਚ ਨਹੀਂ ਆ ਸਕਦਾ।" ਸਾਰੇ ਇਸ ਦਲੀਲ ਨਾਲ ਸਹਿਮਤ ਹੋ ਗਏ ਪਰ ਇਹ ਕੰਮ ਇੰਨਾ ਆਸਾਨ ਨਹੀਂ ਸੀ। ਸਿਰ 'ਤੇ ਕਫ਼ਨ ਬੰਨ੍ਹ ਕੇ ਹੀ ਇਹ ਕੰਮ ਹੋ ਸਕਦਾ ਸੀ। ਇਸ ਲਈ ਸਭ ਤੋਂ ਵੱਡੀ ਮੁਸ਼ਕਲ ਇਹ ਸੀ ਕਿ ਪੁਲ਼ ਨੂੰ ਕੱਟਦੇ ਸਮੇਂ ਵੈਰੀ ਸੈਨਾ ਨੂੰ ਬਾਹਰ ਰੋਕਣਾ ਬਹੁਤ ਜ਼ਰੂਰੀ ਸੀ ਅਤੇ ਇਹ ਕੰਮ ਕਹਿਣ ਨਾਲੋਂ ਕਰਨਾ ਬਹੁਤ ਔਖਾ ਸੀ। ਵੈਰੀ ਦੀ ਵਿਸ਼ਾਲ ਸੈਨਾ ਨੂੰ ਪੁਲ਼ ਕੱਟਣ ਤਕ ਬਾਹਰ ਰੋਕ ਕੇ ਕਿਵੇਂ ਰੱਖਿਆ ਜਾ ਸਕਦਾ ਹੈ? ਇੱਕ ਤਰ੍ਹਾਂ ਇਹ ਸੂਲੀ ਦੀ ਉਹ ਛਾਲ ਸੀ ਜਿਸ ਨਾਲ ਕੁਰਬਾਨ ਹੋਣਾ ਬਿਲਕੁਲ ਤੈਅ ਸੀ।

ਉਸ ਸਮੇਂ ਹੀ ਅਚਾਨਕ ਸਭਾ 'ਚੋਂ ਇੱਕ ਸ਼ੇਰ ਵਾਂਗ ਗਰਜਵੀਂ ਆਵਾਜ਼ ਆਈ ਕਿ 'ਦੁਸ਼ਮਣਾਂ ਨੂੰ ਮੈਂ ਰੋਕਾਂਗਾ'। ਭੀੜ ਨੂੰ ਚੀਰ ਕੇ ਜੋ ਆਦਮੀ ਬਾਹਰ ਆਇਆ, ਉਸ ਦਾ ਨਾਂ ਹੋਰੇਸ਼ਸ ਸੀ। ਉਹ ਬਹੁਤ ਹੀ ਕੱਦਾਵਰ ਤੇ ਸੋਹਣਾ ਨੌਜਵਾਨ ਸੀ। ਉਸ ਨੇ ਕਈ ਲੜਾਈਆਂ ਵਿੱਚ ਬੜੀ ਬਹਾਦਰੀ ਵਿਖਾਈ ਸੀ ਤੇ ਭਾਰੀ ਤੋਂ ਭਾਰੀ ਆਫ਼ਤ ਆਉਣ 'ਤੇ ਵੀ ਨਹੀਂ ਸੀ ਘਬਰਾਉਂਦਾ। ਇਸ ਤਰ੍ਹਾਂ ਉਸ ਨੌਜਵਾਨ ਦਾ ਹੌਸਲਾ ਵੇਖਦੇ ਹੋਏ ਪ੍ਰਧਾਨ ਮੰਤਰੀ ਨੇ ਬੜੀ ਹੈਰਾਨੀ ਨਾਲ ਪੁੱਛਿਆ, "ਨੌਜਵਾਨ। ਤੁਸੀਂ ਇਹ ਕੰਮ ਇਕੱਲੇ ਕਿਵੇਂ ਕਰੋਗੇ?"

"ਮੈਨੂੰ ਦੋ ਹੋਰ ਅਜਿਹੇ ਬਹਾਦਰਾਂ ਦੀ ਲੋੜ ਹੈ ਜਿਨ੍ਹਾਂ ਨੂੰ ਜ਼ਿੰਦਗੀ ਦੀ ਪਰਵਾਹ ਨਾ ਹੋਵੇ। ਇਸ ਲਈ ਕਿਉਂਕਿ ਪੁਲ਼ 'ਤੇ ਇੱਕ ਬਰਾਬਰ ਸਿਰਫ਼ ਤਿੰਨ ਹੀ ਸੈਨਿਕ ਖੜ੍ਹੇ ਹੋ ਸਕਦੇ ਹਨ। ਅਸੀਂ ਤਿੰਨ ਪੁਲ਼ ਦੇ ਕਿਨਾਰੇ 'ਤੇ ਖੜ੍ਹੇ ਹੋਏ ਵੈਰੀਆਂ ਨੂੰ ਰੋਕਾਂਗੇ ਅਤੇ ਇਧਰ ਆਪ ਪੁਲ਼ ਨੂੰ ਕੱਟਣਾ ਸ਼ੁਰੂ ਕਰ ਦੇਣਾ।" ਉਸ ਨੌਜਵਾਨ ਨੇ ਬੜੀ ਵਜ਼ਨਦਾਰ ਦਲੀਲ ਦਿੱਤੀ।

ਇਸ ਤੋਂ ਕੁਝ ਸਮੇਂ ਬਾਅਦ ਹੀ ਜੈਨਿਕੁਲਮ ਦਾ ਕਿਲ੍ਹਾ ਢਹਿ-ਢੇਰੀ ਹੋ ਗਿਆ ਅਤੇ ਵੈਰੀ ਦੀ ਸੈਨਾ ਰੋਮ ਵਿੱਚ ਦਾਖ਼ਲ ਹੋਣ ਲਈ ਅੱਗੇ ਵਧਣ ਲੱਗੀ। ਦੁਸ਼ਮਣ ਦੇ ਸੈਨਾਪਤੀ ਨੂੰ ਉਸ ਸਮੇਂ ਬੜੀ ਹੈਰਾਨੀ ਹੋਈ, ਜਦੋਂ ਉਸ ਨੇ ਵੇਖਿਆ ਕਿ ਸਿਰਫ਼ ਤਿੰਨ ਸੈਨਿਕ ਐਨੀ ਵਿਸ਼ਾਲ ਸੈਨਾ ਨੂੰ ਰੋਕਣ ਲਈ ਖੜ੍ਹੇ ਹਨ। ਥੋੜ੍ਹਾ ਜਿਹਾ ਅੱਗੇ ਵਧਣ 'ਤੇ ਉਸ ਨੂੰ ਅਸਲੀ ਗੱਲ ਸਮਝ ਆਈ ਕਿ ਹਜ਼ਾਰਾਂ ਰੋਮ ਵਾਸੀ ਪੁਲ਼ ਨੂੰ ਕੱਟਣ ਲੱਗੇ ਹੋਏ ਹਨ। ਉਸ ਨੇ ਆਪਣੇ ਸੈਨਿਕਾਂ ਨੂੰ ਆਦੇਸ਼ ਦਿੱਤਾ ਕਿ ਪੁਲ 'ਤੇ ਖੜ੍ਹੇ ਤਿੰਨਾਂ ਸੈਨਿਕਾਂ ਨੂੰ ਛੇਤੀ ਤੋਂ ਛੇਤੀ ਮਾਰ ਕੇ ਪੁਲ਼ ਨੂੰ ਟੁੱਟਣ ਤੋਂ ਬਚਾਓ। ਉਨ੍ਹਾਂ ਦੇ ਤਿੰਨ ਸੈਨਿਕ ਅੱਗੇ ਵਧੇ। ਹੋਰੇਸ਼ਸ ਅਤੇ ਉਸ ਦੇ ਸਾਥੀਆਂ ਦੇ ਬਰਛੇ ਚਮਕੇ ਅਤੇ ਸੈਨਾ ਦੇ ਤਿੰਨ ਸੈਨਿਕ ਤੜਫਦੇ ਹੋਏ ਹੇਠਾਂ ਡਿੱਗ ਪਏ। ਲੋਕ ਛੱਤਾਂ 'ਤੇ ਦੂਰ ਖੜ੍ਹੇ ਸ਼ੋਰ ਮਚਾ-ਮਚਾ ਕੇ ਆਪਣੇ ਬਹਾਦਰਾਂ ਦਾ ਹੌਸਲਾ ਵਧਾ ਰਹੇ ਸਨ। ਇੱਕ ਵਾਰ ਫਿਰ ਵੈਰੀ ਦੀ ਸੈਨਾ ਦੇ ਤਿੰਨ ਸੈਨਿਕ ਅੱਗੇ ਆਏ ਅਤੇ ਹੋਰੇਸ਼ਸ ਨੇ ਜਾਨ ਦੀ ਬਾਜ਼ੀ ਲਾ ਕੇ ਇੱਕ ਨੂੰ ਨਦੀ ਵਿੱਚ ਸੁੱਟ ਦਿੱਤਾ ਅਤੇ ਬਾਕੀ ਦੋਵਾਂ ਨੂੰ ਮਾਰ ਮੁਕਾਇਆ। ਪੁਲ਼ ਦੇ ਕੱਟੇ ਜਾਣ ਕਾਰਨ ਪਿੱਛੇ ਭਾਰੀ ਸ਼ੋਰ ਸੁਣਾਈ ਦੇ ਰਿਹਾ ਸੀ। ਦੁਸ਼ਮਣ ਦੇ ਸੈਨਾਪਤੀ ਦੀ ਬੁਖਲਾਹਟ ਪਲ-ਪਲ ਵਧਦੀ ਜਾ ਰਹੀ ਸੀ ਕਿਉਂਕਿ ਤਦ ਤਕ ਪੁਲ਼ ਦਾ ਬਹੁਤ ਸਾਰਾ ਹਿੱਸਾ ਵੱਢਿਆ ਜਾ ਚੁੱਕਾ ਸੀ।

ਰੋਮ ਦੇ ਸੈਨਾਪਤੀ ਨੇ ਬਹਾਦਰ ਸੈਨਿਕਾਂ ਨੂੰ ਕਿਹਾ, "ਹੁਣ ਤੁਸੀਂ ਵਾਪਸ ਪਰਤ ਆਓ ਕਿਉਂਕਿ ਪੁਲ਼ ਟੁੱਟ ਕੇ ਡਿੱਗਣ ਵਾਲਾ ਹੈ।"

ਇਹ ਆਵਾਜ਼ ਸੁਣਦੇ ਹੀ ਹਰਮੀ ਨਿਯਸ ਅਤੇ ਸਪੂ ਰਿਯਸ ਦੌੜ ਕੇ ਪੁਲ਼ ਦੇ ਦੂਜੇ ਪਾਸੇ ਪਹੁੰਚ ਗਏ। ਹੋਰੇਸ਼ਸ 'ਕੱਲਾ ਰਹਿ ਗਿਆ ਸੀ। ਲੋਕਾਂ ਨੇ ਸ਼ੋਰ ਮਚਾਉਂਦੇ ਹੋਏ ਕਿਹਾ, "ਹੋਰੇਸ਼ਸ! ਤੁਸੀਂ ਵੀ ਵਾਪਸ ਆ ਜਾਓ। ਹੁਣ ਅਸੀਂ ਖਤਰੇ ਤੋਂ ਬਾਹਰ ਹੋ ਗਏ ਹਾਂ।" ਹੋਰੇਸ਼ਸ ਕਿੱਥੇ ਮੰਨਣ ਵਾਲਾ ਸੀ? ਉਸ ਨੇ ਜਵਾਬ ਦਿੰਦੇ ਹੋਏ ਕਿਹਾ, "ਜਦੋਂ ਤਕ ਪੁਲ਼ ਦਾ ਆਖ਼ਰੀ ਟੁੱਕੜਾ ਟੁੱਟ ਕੇ ਨਦੀ 'ਚ ਨਹੀਂ ਡਿੱਗਦਾ, ਤਦ ਤਕ ਮੈਂ ਪਿੱਛੇ ਨਹੀਂ ਹਟਾਂਗਾ।" ਹੁਣ ਉਹ ਇਕੱਲਾ ਹੀ ਤਿੰਨ-ਤਿੰਨ ਸੈਨਿਕਾਂ ਦਾ ਮੁਕਾਬਲਾ ਕਰ ਰਿਹਾ ਸੀ। ਦੁਸ਼ਮਣ ਦਾ ਸੈਨਾਪਤੀ ਹੋਰੇਸ਼ਸ ਦਾ ਇਹ ਬਹਾਦਰੀ ਭਰਿਆ ਕਾਰਨਾਮਾ ਵੇਖਦੇ ਹੋਏ ਦੰਦਾਂ ਹੇਠਾਂ ਉਂਗਲ ਦੇ ਕੇ ਖੜ੍ਹਾ ਸੀ। ਰੋਮ ਦੀ ਪਰਜਾ ਨਾਅਰੇ ਲਾ ਰਹੀ ਸੀ, "ਹੋਰੇਸ਼ਸ ਜ਼ਿੰਦਾਬਾਦ! ਹੋਰੇਸ਼ਸ ਜ਼ਿੰਦਾਬਾਦ!" ਤਦ ਉਸ ਸਮੇਂ ਭਾਰੀ ਹਿਲਜੁਲ ਨਾਲ ਪੁਲ਼ ਟੁੱਟ ਕੇ ਨਦੀ 'ਚ ਡਿੱਗ ਪਿਆ। ਇਹ ਵੇਖਦੇ ਹੋਏ ਹੋਰੇਸ਼ਸ ਨੇ ਨਦੀ ਵਿੱਚ ਛਾਲ ਮਾਰ ਦਿੱਤੀ। ਰ

ੋਮ ਦੇ ਨਿਵਾਸੀ ਅਸਮਾਨ ਵੱਲ ਨਜ਼ਰਾਂ ਕਰਕੇ ਹੋਰੇਸ਼ਸ ਦੀ ਜ਼ਿੰਦਗੀ ਦੀ ਸਲਾਮਤੀ ਲਈ ਪ੍ਰਾਰਥਨਾ ਕਰ ਰਹੇ ਸਨ। ਇੱਥੋਂ ਤਕ ਕਿ ਪ੍ਰਧਾਨ ਮੰਤਰੀ ਤੇ ਸੈਨਾਪਤੀ ਨੇ ਵੀ ਉਸ ਬਹਾਦਰ ਦੇ ਪ੍ਰਾਣ ਰੱਖਿਆ ਲਈ ਪ੍ਰਾਰਥਨਾ ਕੀਤੀ। ਹੋਰੇਸ਼ਸ ਨੇ ਸਰੀਰ 'ਤੇ ਲੋਹੇ ਦਾ ਭਾਰੀ ਕਵਚ ਪਹਿਨਿਆ ਹੋਇਆ ਸੀ। ਉਸ ਨੂੰ ਤੈਰਨ 'ਚ ਤਕਲੀਫ਼ ਹੋ ਰਹੀ ਸੀ। ਅਚਾਨਕ ਉਹ ਪਾਣੀ 'ਚ ਗੁੰਮ ਹੋ ਗਿਆ। ਰੋਮਨ ਚਿੰਤਾ 'ਚ ਡੁੱਬ ਗਏ। ਕੀ ਟਾਈਬਰ ਨਦੀ ਨੇ ਰੋਮ ਦੇ ਬਹਾਦਰ ਯੋਧੇ ਦੀ ਕੀਮਤ ਵਸੂਲ ਕਰ ਲਈ? ਕੀ ਦੇਸ਼ ਦੇ ਰੱਖਿਅਕ ਦੀ ਰੱਖਿਆ ਟਾਈਬਰ ਨਦੀ ਨਹੀਂ ਕਰੇਗੀ?

ਤਦ ਸਭ ਨੇ ਵੇਖਿਆ ਕਿ ਅਚਾਨਕ ਹੋਰੇਸ਼ਸ ਨਦੀ ਦੇ ਕਿਨਾਰੇ 'ਤੇ ਬਾਹਰ ਆ ਗਿਆ। ਲੋਕਾਂ ਦੀਆਂ ਖ਼ੁਸ਼ੀ ਦਾ ਕੋਈ ਟਿਕਾਣਾ ਨਾ ਰਿਹਾ। ਉਨ੍ਹਾਂ ਨੇ ਹੋਰੇਸ਼ਸ ਨੂੰ ਮੋਢਿਆਂ ਉੱਤੇ ਚੁੱਕ ਲਿਆ ਅਤੇ ਉਸ ਦੀ ਜੈ, ਜੈਕਾਰ ਕਰਨ ਲੱਗੇ।

---

# ਤੁਹਾਡੀ ਰਸੋਈ

## ਸ਼ਕਰਕੰਦੀ ਦੇ ਗੁਲਾਬ ਜਾਮੁਨ



### ਸਮੱਗਰੀ

- ਸ਼ਕਰਕੰਦੀ ਅੱਧਾ ਕਿੱਲੋ
- ਖੰਡ 500 ਗ੍ਰਾਮ
- ਮੈਦਾ ਅੱਧਾ ਕੱਪ
- ਸੋਡਾ ਬਾਈਕਾਰਬ ਅੱਧਾ ਛੋਟਾ ਚੱਮਚ
- ਦੇਸੀ ਘਿਓ 1 ਵੱਡਾ ਚੱਮਚ
- ਸੌਗੀ (ਕਿਸ਼ਮਿਸ਼) ਥੋੜ੍ਹੀ ਜਿਹੀ
- ਤੇਲ ਤਲਣ ਲਈ

### ਵਿਧੀ

ਸ਼ਕਰਕੰਦੀ ਨੂੰ ਘੱਟ ਪਾਣੀ ਪਾ ਕੇ ਪ੍ਰੈਸ਼ਰ ਕੁੱਕਰ 'ਚ ਉਬਾਲ ਕੇ ਛਿੱਲ ਲਓ। ਕਿਸੇ ਭਾਂਡੇ 'ਚ ਪਾਣੀ ਤੇ ਖੰਡ ਮਿਲਾ ਕੇ ਇਕ ਤਾਰ ਦੀ ਚਾਸ਼ਨੀ ਬਣਾਓ। ਸੋਡੇ ਤੇ ਮੈਦੇ ਨੂੰ ਇਕੱਠਿਆਂ ਛਾਣ ਲਓ ਤੇ ਥੋੜ੍ਹਾ ਜਿਹਾ ਘਿਓ ਪਾ ਕੇ ਉਸ ਨੂੰ ਉੱਬਲੀ ਸ਼ਕਰਕੰਦੀ ਨਾਲ ਗੁੰਨ੍ਹ ਲਓ। ਹੁਣ ਇਸ ਦੇ ਛੋਟੇ-ਛੋਟੇ ਪੇੜੇ ਬਣਾਓ ਤੇ ਹਰ ਪੇੜੇ 'ਚ ਇਕ-ਇਕ ਸੌਗੀ (ਕਿਸ਼ਮਿਸ਼) ਰੱਖ ਦਿਓ। ਕੜਾਹੀ 'ਚ ਤੇਲ ਗਰਮ ਕੇ ਇਨ੍ਹਾਂ ਨੂੰ ਸੁਨਹਿਰਾ ਭੂਰਾ ਹੋਣ ਤਕ ਤਲ ਲਓ ਤੇ ਇਕ ਤਾਰ ਦੀ ਚਾਸ਼ਨੀ 'ਚ ਪਾਉਂਦੇ ਜਾਓ। ਸ਼ਕਰਕੰਦੀ ਦੇ ਗੁਲਾਬ ਜਾਮੁਨ ਤਿਆਰ ਹਨ, ਤੁਸੀਂ ਇਨ੍ਹਾਂ ਨੂੰ ਗਰਮ ਤੇ ਠੰਡਾ ਦੋਵੇਂ ਤਰੀਕੇ ਨਾਲ ਪਰੋਸ ਸਕਦੇ ਹੋ।

## ਅਦਰਕ ਅਤੇ ਗਾਜਰ ਦਾ ਸੂਪ

### ਸਮੱਗਰੀ

- 5 ਗਾਜਰਾਂ
- 2 ਇੰਚ ਲੰਬਾ ਅਦਰਕ ਦਾ ਟੁਕੜਾ
- 2 ਪਿਆਜ਼
- 1 ਕੱਪ ਸਬਜ਼ੀਆਂ ਦਾ ਸ਼ੋਰਬਾ
- ਇਕ ਤਿਹਾਈ ਕੱਪ ਸੰਤਰੇ ਦਾ ਰਸ
- ਨਮਕ ਸਵਾਦ ਅਨੁਸਾਰ
- 2 ਚਮਚ ਪੀਸੀ ਕਾਲੀ ਮਿਰਚ
- 2 ਚਮਚ ਆਲਿਵ ਆਇਲ



### ਵਿਧੀ

ਪੈਨ ਲਓ ਅਤੇ ਉਸ 'ਚ ਤੇਲ ਗਰਮ ਕਰੋ। ਇਸ 'ਚ ਕੱਟੇ ਹੋਏ ਪਿਆਜ਼ ਅਤੇ ਪੀਸਿਆ ਅਦਰਕ ਪਾ ਕੇ ਦੋ ਮਿੰਟ ਦੇ ਲਈ ਮੱਧਮ ਅੱਗ 'ਤੇ ਪਕਾ ਲਓ। ਇਸ 'ਚ ਸਬਜ਼ੀਆਂ ਦਾ ਸ਼ੋਰਬਾ ਪਾਓ ਅਤੇ ਅੱਗ ਨੂੰ ਮੱਧਮ ਕਰ ਦਿਓ, ਇਸ ਨੂੰ 25-30 ਮਿੰਟ ਦੇ ਲਈ ਪੱਕਣ ਦਿਓ ਤਾਂ ਕਿ ਸੂਪ ਗਾੜ੍ਹਾ ਹੋ ਜਾਏ। ਇਸ ਦੇ ਬਾਅਦ ਇਸ 'ਚ ਸੰਤਰੇ ਦਾ ਰਸ ਪਾਓ ਅਤੇ 2-3 ਮਿੰਟ ਦੇ ਲਈ ਮੱਧਮ ਅੱਗ 'ਤੇ ਪਕਾਓ ਅਤੇ ਫਿਰ ਗੈਸ ਬੰਦ ਕਰ ਦਿਓ। ਹੁਣ ਇਸ ਤਿਆਰ ਸੂਪ ਨੂੰ ਇਕ ਬਾਊਲ 'ਚ ਪਾਓ ਅਤੇ ਉਸ 'ਚ ਨਮਕ ਅਤੇ ਕਾਲੀ ਮਿਰਚ ਛਿੜਕ ਕੇ ਪਰੋਸੋ।

### ਘਰੇਲੂ ਟਿਪਸ

ਮਾਹਵਾਰੀ ਤਕਲੀਫ ਤੇ ਦਰਦ ਨਾਲ ਆਉਣੀ : 2 ਚਮਚ ਅਜਵਾਇਣ 2 ਕੱਪ ਪਾਣੀ ਵਿਚ ਪਾ ਕੇ ਉਬਾਲੋ। ਇਕ ਕੱਪ ਬਾਕੀ ਰੱਖ ਲਵੋ। ਇਸ ਵਿਚ ਗੁੜ ਮਿਲਾ ਕੇ ਸਵੇਰੇ ਖਾਲੀ ਪੇਟ ਚਾਹ ਵਾਂਗ ਪੀਓ। ਇਹ ਨੁਸਖਾ ਰੋਜ਼ਾਨਾ ਸਵੇਰੇ-ਸ਼ਾਮ 3 ਦਿਨ ਕਰੋ। ਆਮ ਤੌਰ 'ਤੇ 3 ਮਾਹਵਾਰੀਆਂ ਤਕ ਇਹ ਤਜਰਬਾ ਕਰਨਾ ਠੀਕ ਰਹਿੰਦਾ ਹੈ। ਮਾਹਵਾਰੀ ਆਉਣ ਤੋਂ 3 ਦਿਨ ਪਹਿਲਾਂ ਇਹ ਤਜਰਬਾ ਕਰਨ ਨਾਲ ਮਾਹਵਾਰੀ ਸਮੇਂ 'ਤੇ ਖੁੱਲ੍ਹ ਕੇ ਆਉਂਦੀ ਹੈ।

ਪੇਟ 'ਚ ਗੈਸ : ਅਜਵਾਇਣ ਦੇ ਨਾਲ ਹਰੜ ਤੇ ਕਾਲਾ ਲੂਣ ਲੈਣ ਨਾਲ ਪੇਟ ਫੁੱਲਣ, ਪੇਟ ਦਰਦ, ਡਕਾਰਾਂ ਆਦਿ ਤੋਂ ਤੁਰੰਤ ਆਰਾਮ ਮਿਲਦਾ ਹੈ।

### ਘਰੇਲੂ ਟਿਪਸ

ਸਿਰ ਦੇ ਵਾਲ ਝੜਨੇ : ਬੋਹੜ ਦੇ ਪੱਤਿਆਂ ਨੂੰ ਪੀਸ ਲਵੋ ਅਤੇ ਅਲਸੀ ਦੇ ਤੇਲ ਵਿਚ ਪਕਾਓ। ਪੱਤਿਆਂ ਦੇ ਸੜ ਜਾਣ 'ਤੇ ਤੇਲ ਛਾਣ ਕੇ ਰੱਖ ਲਵੋ। ਇਸ ਤੇਲ ਦੀ ਮਾਲਿਸ਼ ਕਰਨ ਨਾਲ ਕੁਝ ਹੀ ਦਿਨਾਂ ਵਿਚ ਵਾਲ ਝੜਨੇ ਰੁਕ ਜਾਣਗੇ ਅਤੇ ਝੜੇ ਹੋਏ ਵਾਲਾਂ ਦੀ ਥਾਂ 'ਤੇ ਨਵੇਂ ਵਾਲ ਉੱਗਣ ਲੱਗਣਗੇ। ਦੇਸੀ ਘਿਓ ਵਿਚ ਬਾਦਾਮ ਦੀਆਂ 4-5 ਗਿਰੀਆਂ ਪੀਸ ਕੇ ਪਾਓ ਅਤੇ ਇੰਨੀਆਂ ਉਬਾਲੋ ਕਿ ਗਿਰੀਆਂ ਦੇ ਟੁਕੜੇ ਸੜ ਜਾਣ। ਹੁਣ ਘਿਓ ਨੂੰ ਛਾਣ ਕੇ ਸ਼ੀਸ਼ੀ ਵਿਚ ਭਰ ਲਵੋ। ਇਸ ਘਿਓ ਨੂੰ ਕੋਸਾ ਕਰਕੇ ਸਿਰ 'ਤੇ ਮਾਲਿਸ਼ ਕਰਨ ਨਾਲ ਵਾਲਾਂ ਦਾ ਝੜਨਾ ਰੁਕਦਾ ਹੈ ਅਤੇ ਦਿਮਾਗੀ ਕਮਜ਼ੋਰੀ ਵੀ ਦੂਰ ਹੁੰਦੀ ਹੈ।

# ਮਾਲੇਰਕੋਟਲਾ ਵਿਧਾਇਕ ਨੇ 72 ਕਰੋੜ ਰੁਪਏ ਦੇ ਬਿਜਲੀ ਸੁਧਾਰ ਪ੍ਰਾਜੈਕਟਾਂ ਦਾ ਰੱਖਿਆ ਨੀਂਹ ਪੱਥਰ

**ਕੌਮੀ ਪਤ੍ਰਿਕਾ**

ਮਾਲੇਰਕੋਟਲਾ 10 ਅਕਤੂਬਰ। ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਦੂਰਅੰਦੇਸ਼ੀ ਸੋਚ ਸਕਦਾ ਪੰਜਾਬ 'ਚ ਬਿਜਲੀ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਜਿਥੇ 5016 ਕਰੋੜ ਰੁਪਏ ਦੀ ਲਾਗਤ ਨਾਲ ਵੱਖ-ਵੱਖ ਪ੍ਰੋਜੈਕਟਾਂ ਦੀ ਰਸਮੀ ਸ਼ੁਰੂਆਤ ਅੱਜ ਜਲੰਧਰ ਤੋਂ ਕੀਤੀ ਗਈ ਉਥੇ ਇਸੇ ਕੜੀ ਤਹਿਤ ਮਾਲੇਰਕੋਟਲਾ ਵਿਖੇ 72 ਕਰੋੜ ਰੁਪਏ ਦੀ ਲਾਗਤ ਨਾਲ ਵਿਧਾਇਕ ਮਾਲੇਰਕੋਟਲਾ ਵੱਲੋਂ ਬਿਜਲੀ ਸਪਲਾਈ ਸੁਧਾਰ ਦੇ ਆਗਾਜ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਉਪਰੰਤ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਆਯੋਜਿਤ "ਰੌਸ਼ਨ ਪੰਜਾਬ, ਹੁਣ ਪਾਵਰ ਕੱਟ ਤੋਂ ਮੁਕਤੀ"ਸਮਾਗਮ ਦੀ ਜਲੰਧਰ ਤੋਂ ਲਾਈਵ ਸਟ?ਰੀਮਿੰਗ ਪ੍ਰਦਰਸ਼ਿਤ ਕੀਤੀ ਗਈ। ਇਸ ਮੌਕੇ ਮੀਡੀਆ ਨਾਲ ਗੱਲਬਾਤ ਦੌਰਾਨ ਵਿਧਾਇਕ ਡਾ. ਜਮੀਲ ਉਰ ਰਹਿਮਾਨ ਨੇ ਪ੍ਰੋਜੈਕਟਾਂ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਇਹ ਵਿਕਾਸ ਕਾਰਜ ਖੇਤਰ 'ਚ ਬਿਜਲੀ ਸਪਲਾਈ ਦੀ ਭਰੋਸੇਯੋਗਤਾ ਅਤੇ ਗੁਣਵੱਤਾ 'ਚ ਵਾਧਾ ਕਰਨ ਦੇ ਨਾਲ-ਨਾਲ ਖਪਤਕਾਰ ਸੰਤੁਸ਼ਟੀ ਨੂੰ ਯਕੀਨੀ ਬਣਾਉਣ ਵੱਲ ਇੱਕ ਮਹੱਤਵਪੂਰਣ ਕਦਮ ਹੈ।ਉਨ੍ਹਾਂ ਕਿਹਾ ਕਿ ਇਹ ਸਾਰੇ ਪ੍ਰੋਜੈਕਟ ਵਿਭਾਗੀ ਪੱਧਰ 'ਤੇ ਨਿਯਮਤ ਨਿਗਰਾਨੀ ਹੇਠ ਅਤੇ ਨਿਰਧਾਰਿਤ ਸਮਾਂ ਸੀਮਾ 'ਚ ਪੂਰੇ ਕੀਤੇ ਜਾਣਗੇ। ਇਨ੍ਹਾਂ ਕਾਰਜਾਂ ਨਾਲ ਮਾਲੇਰਕੋਟਲਾ ਖੇਤਰ 'ਚ ਨਿਰਵਿਘਨ ਅਤੇ ਸਥਿਰ ਵੋਲਟੇਜ਼ ਸਪਲਾਈ ਯਕੀਨੀ ਬਣੇਗੀ।ਉਨ੍ਹਾਂ ਕਿਹਾ ਕਿ "ਰਾਜ ਸਰਕਾਰ ਦਾ ਮਕਸਦ ਹਰੇਕ ਘਰ, ਖੇਤ ਅਤੇ ਉਦਯੋਗ ਤੱਕ ਭਰੋਸੇਯੋਗ ਬਿਜਲੀ ਪਹੁੰਚਾਉਣਾ ਹੈ। ਇਹ ਪ੍ਰੋਜੈਕਟ ਸਾਡੇ ਵਾਅਦੇ ਨੂੰ ਹਕੀਕਤ 'ਚ ਬਦਲਣ ਵੱਲ ਇਕ ਮੀਲ ਦਾ ਪੱਥਰ ਸਾਬਤ ਹੋਣਗੇ। ਵਧੀਕ ਨਿਗਰਾਨ ਇੰਜ. ਹਰਵਿੰਦਰ ਸਿੰਘ ਧੀਮਾਨ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਨਿਰਵਿਘਨ ਅਤੇ ਸਥਿਰ ਬਿਜਲੀ ਸਪਲਾਈ ਨੂੰ ਯਕੀਨੀ ਬਣਾਉਣ ਲਈ ਮਾਲੇਰਕੋਟਲਾ ਵਿਖੇ 72 ਕਰੋੜ ਰੁਪਏ ਦੀ



ਲਾਗਤ ਦੇ ਪ੍ਰੋਜੈਕਟ ਉਲੀਕੇ ਗਏ ਹਨ।ਜਿਨ੍ਹਾਂ 'ਚ 11 ਕੇ.ਵੀ. ਫੀਡਰਾਂ ਨੂੰ ਡੀਲੋਡ ਕਰਨ ਲਈ ਨਵੇਂ 11 ਕੇ.ਵੀ. ਫੀਡਰਾਂ ਦੀ ਉਸਾਰੀ ▾ਤੇ 32 ਕਰੋੜ 50 ਲੱਖ ਰੁਪਏ ਦੀ ਰਾਸ਼ੀ ਖਰਚ ਹੋਵੇਗੀ। ਨਵੇਂ ਟਰਾਂਸਫਾਰਮਰਾਂ ਦੀ ਸਥਾਪਨਾ ਅਤੇ ਮੌਜੂਦਾ ਦੀ ਸਮਰੱਥਾ ਵਧਾਉਣ ਲਈ 5 ਕਰੋੜ ਰੁਪਏ ਤੋਂ ਵੱਧ ਜਦਕਿ ਇੰਡਸਟਰੀਅਲ ਏਰੀਆ 'ਚ ਨਵੇਂ 66 ਕੇ.ਵੀ. ਗਰਿੱਡ ਸਬ ਸਟੇਸ਼ਨ ਦੀ ਉਸਾਰੀ ▾ਤੇ 10 ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਖਰਚ ਹੋਵੇਗੀ।ਇਸ ਤੋਂ ਇਲਾਵਾ ਨਵੀਆਂ 66 ਕੇ.ਵੀ. ਲਾਈਨਾਂ ਦੀ ਉਸਾਰੀ ਅਤੇ ਮੌਜੂਦਾ ਲਾਈਨਾਂ ਦੀ ਸਮਰੱਥਾ ਦੇ ਵਾਧੇ ਲਈ 13 ਕਰੋੜ 30 ਲੱਖ ਰੁਪਏ ਅਤੇ ਪਾਵਰ ਟਰਾਂਸਫਾਰਮਰਾਂ ਦੀ ਸਮਰੱਥਾ ਵਧਾਉਣ ਲਈ 10 ਕਰੋੜ 60 ਲੱਖ ਰੁਪਏ ਖਰਚੇ ਜਾਣਗੇ। ਇਸ ਮੌਕੇ ਚੇਅਰਮੈਨ ਜਾਫਰ ਅਲੀ, ਐਸ.ਡੀ.ਓ ਇੰਜੀ. ਮੁਹੰਮਦ ਇਸਤਿਆਕ, ਮੋਹਿਤ ਟੁਟੇਜਾ, ਸੁਰਿੰਦਰ ਸਿੰਘ, ਪੁਸ਼ਪਿੰਦਰ ਸਿੰਘ, ਜਗਜੀਤ ਸਿੰਘ, ਹਰਦੀਪ ਸਿੰਘ, ਜਗਜੀਤ ਸਿੰਘ, (ਸਾਰੇ ਐਸ.ਡੀ.ਓ ਇੰਜੀ.), ਬਲਾਕ ਪ੍ਰਧਾਨ ਅਬਦੁਲ ਹਲੀਮ, ਬਲਾਕ ਸੋਸ਼ਲ ਮੀਡੀਆ ਇੰਚਾਰਜ਼ ਯਾਸਰ ਅਰਫਾਤ, ਯਾਸੀਨ ਨੇਸਤੀ, ਬਲਾਕ ਪ੍ਰਧਾਨ ਅਸਲਮ ਭੱਟੀ, ਇਮਰਾਨ ਕਿੱਲਾ, ਐਡਵੋਕੇਟ ਜਾਹਿਦ ਖਾਨ ਜੱਜੀ ਅਤੇ ਬਲਜੀਤ ਸਿੰਘ ਤੋਂ ਇਲਾਵਾ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਦੇ ਅਧਿਕਾਰੀ ਤੇ ਕਰਮਚਾਰੀ ਮੌਜੂਦ ਸਨ।

## ਪੰਜਾਬ ਦੇ ਸਕੂਲੀ ਸਿੱਖਿਆ ਮੰਤਰੀ ਹਰਜੋਤ ਬੈਂਸ ਦਾ ਵੱਡਾ ਐਲਾਨ

ਚੰਡੀਗੜ੍ਹ 10 ਅਕਤੂਬਰ। ਪੰਜਾਬ ਦੇ ਸਿੱਖਿਆ ਮੰਤਰੀ ਅਤੇ ਸ੍ਰੀ ਅਨੰਦਪੁਰ ਸਾਹਿਬ ਹਲਕੇ ਤੋਂ ਵਿਧਾਇਕ ਹਰਜੋਤ ਸਿੰਘ ਬੈਂਸ ਨੇ ਅੱਜ ਆਪਣੇ ਹਲਕੇ ਦੇ ਲੋਕਾਂ ਨੂੰ ਵੱਡੀ ਸੌਗਾਤ ਦਿੱਤੀ ਹੈ। ਉਨ੍ਹਾਂ ਅੱਜ ਐਲਾਨ ਕੀਤਾ ਕਿ ਸ਼ਹਿਰ ਵਿਚ ਆਧੁਨਿਕ ਵਾਟਰ ਟ?ਰੀਟਮੈਂਟ ਪਲਾਂਟ ਲਗਾਇਆ ਜਾ ਰਿਹਾ ਹੈ, ਜਿਸ ਨਾਲ ਨੰਗਲ ਸ਼ਹਿਰ ਦੇ ਲੋਕਾਂ ਨੂੰ ਸਤਲੁਜ ਦਰਿਆ ਦਾ ਸਾਫ਼ ਸੁਥਰਾ ਪਾਣੀ ਮਿਲੇਗਾ। ਉਨ੍ਹਾਂ ਦੱਸਿਆ ਕਿ ਇਸ ਪ੍ਰਾਜੈਕਟ 'ਤੇ 16 ਕਰੋੜ ਰੁਪਏ ਦੀ ਲਾਗਤ ਆਵੇਗੀ ਤੇ ਅਗਲੇ 18 ਮਹੀਨਿਆਂ ਦੇ ਅੰਦਰ-ਅੰਦਰ ਲੋਕਾਂ ਨੂੰ ਸਤਲੁਜ ਦਾ ਸਾਫ਼-ਸੁਥਰਾ ਪਾਣੀ ਮਿਲਣਾ ਸ਼ੁਰੂ ਹੋ ਜਾਵੇਗਾ। ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਇਸ ਸਬੰਧੀ 16 ਕਰੋੜ ਰੁਪਏ ਦੇ ਟੈਂਡਰ ਲੱਗ ਚੁੱਕੇ ਹਨ, ਜਿਸ ਤਹਿਤ 2 ਨਵੇਂ ਵਾਟਰ ਟ?ਰੀਟਮੈਂਟ ਪਲਾਂਟ ਲਗਾਏ ਜਾਣਗੇ ਅਤੇ 4 ਮੌਜੂਦਾ ਪਲਾਂਟਾਂ ਦੀ ਸਮਰੱਥਾ ਵੀ ਵਧਾਈ ਜਾਵੇਗੀ।

## ਰਾਜਸਥਾਨ 'ਚ ਅਮਰੀਕੀ ਮਹਿਲਾ ਸੈਲਾਨੀ ਦੀ ਦਿਲ ਦਾ ਦੌਰਾ ਪੈਣ ਨਾਲ ਮੌਤ

ਭਰਤਪੁਰ 10 ਅਕਤੂਬਰ। ਅਮਰੀਕਾ ਤੋਂ ਇੱਕ ਮਹਿਲਾ ਸੈਲਾਨੀ, ਜੋ ਆਪਣੇ ਪਰਿਵਾਰ ਅਤੇ ਦੋਸਤਾਂ ਨਾਲ ਭਾਰਤ ਘੁੰਮਣ ਆਈ ਸੀ, ਦੀ ਵੀਰਵਾਰ ਨੂੰ ਰਾਜਸਥਾਨ ਦੇ ਭਰਤਪੁਰ ਵਿੱਚ ਦਿਲ ਦਾ ਦੌਰਾ ਪੈਣ ਨਾਲ ਮੌਤ ਹੋ ਗਈ। ਆਰ.ਬੀ.ਐੱਮ ਹਸਪਤਾਲ 'ਚ ਔਰਤ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ। ਲਾਸ਼ ਨੂੰ ਜ਼ਿਲ੍ਹਾ ਹਸਪਤਾਲ ਦੇ ਮੁਰਦਾਘਰ 'ਚ ਰੱਖਿਆ ਗਿਆ ਹੈ। ਰਿਪੋਰਟਾਂ ਅਨੁਸਾਰ, ਅਮਰੀਕੀ ਨਾਗਰਿਕ ਨੋਏਲ ਵੀਰਵਾਰ ਸਵੇਰੇ ਪਰਿਵਾਰ ਅਤੇ ਦੋਸਤਾਂ ਦੇ 20 ਮੈਂਬਰੀ ਸਮੂਹ ਨਾਲ ਆਗਰਾ ਤੋਂ ਰਵਾਨਾ ਹੋਈ। ਇਹ ਸਮੂਹ ਫਤਿਹਪੁਰ ਸੀਕਰੀ ਦਾ ਦੌਰਾ ਕਰਨ ਤੋਂ ਬਾਅਦ ਭਰਤਪੁਰ ਪਹੁੰਚੀ। ਉਹ ਰੇਲਗੱਡੀ ਰਾਹੀਂ ਰਣਥੰਬੋਰ ਜਾਣ ਵਾਲੇ ਸਨ। ਸੂਤਰਾਂ ਨੇ ਦੱਸਿਆ ਕਿ ਭਰਤਪੁਰ ਰੇਲਵੇ ਸਟੇਸ਼ਨ 'ਤੇ ਨੋਏਲ ਅਚਾਨਕ ਬਿਮਾਰ ਹੋ ਗਈ। ਉਸਨੇ ਛਾਤੀ ਵਿੱਚ ਦਰਦ ਦੀ ਸ਼ਿਕਾਇਤ ਕੀਤੀ। ਸਮੂਹ ਦੇ ਨਾਲ ਆਏ ਗਾਰਡ ਨੋਏਲ ਨੂੰ ਆਰ.ਬੀ.ਐੱਮ ਹਸਪਤਾਲ ਲੈ ਆਏ, ਜਿੱਥੇ ਇੱਕ ਡਾਕਟਰ ਨੇ ਉਸਨੂੰ ਮ੍ਰਿਤਕ ਐਲਾਨ ਦਿੱਤਾ। ਸੂਤਰਾਂ ਨੇ ਦੱਸਿਆ ਕਿ ਨੋਏਲ ਦਾ ਪਰਿਵਾਰ ਭਰਤਪੁਰ ਦੇ ਇੱਕ ਨਿੱਜੀ ਹੋਟਲ ਵਿੱਚ ਰਹਿ ਰਿਹਾ ਹੈ। ਬਾਕੀ ਸਮੂਹ ਰਣਥੰਬੋਰ ਲਈ ਰਵਾਨਾ ਹੋ ਗਿਆ ਹੈ।

## ਹੈਬੋਵਾਲ ਪੁਲੀ 'ਤੇ ਬੇਕਾਬੂ ਹੋਈ ਜੀਪ ! ਸੁੱਤੇ ਪਏ ਵਿਅਕਤੀ ਦੀ ਦਰਦਨਾਕ ਮੌਤ

ਲੁਧਿਆਣਾ 10 ਅਕਤੂਬਰ। ਲੁਧਿਆਣਾ ਦੀ ਹੈਬੋਵਾਲ ਪੁਲ?ੀ 'ਤੇ ਅੱਜ ਉਸ ਵੇਲੇ ਭਿਆਨਕ ਹਾਦਸਾ ਵਾਪਰ ਗਿਆ, ਜਦੋਂ ਇਕ ਜੀਪ ਬੇਕਾਬੂ ਹੋ ਗਈ ਤੇ ਪੁਲ?ੀ 'ਤੇ ਸੁੱਤੇ ਪਏ ਵਿਅਕਤੀ ਉੱਪਰ ਜਾ ਚੜ੍ਹੀ। ਇਸ ਕਾਰਨ ਉਕਤ ਵਿਅਕਤੀ ਦੀ ਮੌਕੇ 'ਤੇ ਹੀ ਦਰਦਨਾਕ ਮੌਤ ਹੋ ਗਈ। ਜਾਣਕਾਰੀ ਮੁਤਾਬਕ ਹੈਬੋਵਾਲ ਪੁਲ?ੀ ਨੇੜੇ ਅੱਜ ਇਕ ਜੀਪ ਬੇਕਾਬੂ ਹੋ ਗਈ। ਡਰਾਈਵਰ ਵੱਲੋਂ ਉਸ ਨੂੰ ਕੰਟਰੋਲ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਸੀ, ਪਰ ਇੰਨੇ ਨੂੰ ਜੀਪ ਪੁਲ?ੀ 'ਤੇ ਸੁੱਤੇ ਪਏ ਵਿਅਕਤੀ ਉੱਪਰ ਜਾ ਚੜ੍ਹੀ, ਜਿਸ ਕਾਰਨ ਉਸ ਨੂੰ ਇੱਧਰ-ਉੱਧਰ ਹੋਣ ਦਾ ਸਮਾਂ ਵੀ ਨਹੀਂ ਮਿਲਿਆ ਤੇ ਉਹ ਜੀਪ ਨਾਲ ਬੁਰੀ ਤਰ੍ਹਾਂ ਦਰੜਿਆ ਗਿਆ। ਇਸ ਹਾਦਸੇ ਵਿਚ ਵਿਅਕਤੀ ਦੀ ਮੌਕੇ 'ਤੇ ਹੀ ਦਰਦਨਾਕ ਮੌਤ ਹੋ ਗਈ।

## ਨੌਜਵਾਨ ਨੇ ਗੁਪਤ ਅੰਗ ਵਿਚ ਲਗਾਇਆ ਚਿੱਟੇ ਦਾ ਟੀਕਾ, ਹੋਈ ਦਰਦਨਾਕ ਮੌਤ

ਬਠਿੰਡਾ 10 ਅਕਤੂਬਰ। ਆਈ. ਟੀ. ਆਈ. ਪੁਲ ਇੰਡਸਟਰੀਅਲ ਏਰੀਆ ਦੇ ਪਿੱਛੇ ਪਟਿਆਲਾ ਰੇਲਵੇ ਲਾਈਨ 'ਤੇ ਚਿੱਟੇ ਦੀ ਓਵਰਡੋਜ਼ ਨਾਲ ਇਕ ਨੌਜਵਾਨ ਦੀ ਮੌਤ ਹੋ ਗਈ। ਜਾਣਕਾਰੀ ਅਨੁਸਾਰ ਝਾੜੀਆਂ ਵਿਚ ਇਕ ਲਾਸ਼ ਪਈ ਹੋਣ ਦੀ ਸੂਚਨਾ ਮਿਲਣ 'ਤੇ ਸਹਾਰਾ ਜਨਸੇਵਾ ਦੀ ਲਾਈਫ ਸੇਵਿੰਗ ਬ੍ਰਿਗੇਡ ਦੇ ਸੰਦੀਪ ਗਿੱਲ ਅਤੇ ਜੀ. ਆਰ. ਪੀ. ਦੇ ਮੁਲਾਜ਼ਮ ਮੌਕੇ 'ਤੇ ਪਹੁੰਚੇ ਅਤੇ ਜਾਂਚ ਕੀਤੀ। ਮ੍ਰਿਤਕ ਨੌਜਵਾਨ ਨੇ ਆਪਣੇ ਗੁਪਤ ਅੰਗ ਵਿਚ ਟੀਕਾ ਲਗਾਇਆ ਸੀ, ਜਿਸ ਕਾਰਨ ਉਸਦੀ ਮੌਤ ਹੋ ਗਈ। ਮ੍ਰਿਤਕ ਨੌਜਵਾਨ ਦੀ ਪਛਾਣ ਮਨਪ੍ਰੀਤ ਸ਼ਰਮਾ (30) ਵਜੋਂ ਹੋਈ ਹੈ, ਜੋ ਕਿ ਮਤੀਦਾਸ ਨਗਰ ਦਾ ਰਹਿਣ ਵਾਲਾ ਹੈ। ਉਸਦੇ ਮਾਤਾ-ਪਿਤਾ ਦੀ ਮੌਤ ਹੋ ਚੁੱਕੀ ਹੈ ਅਤੇ ਉਹ ਦੋ ਭੈਣਾਂ ਦਾ ਭਰਾ ਸੀ। ਪੁਲਸ ਕਾਰਵਾਈ ਤੋਂ ਬਾਅਦ ਸੰਸਥਾ ਮੈਂਬਰਾਂ ਨੇ ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਪਹੁੰਚਾਇਆ। ਪੁਲਸ ਅਗਲੀ ਕਾਰਵਾਈ ਕਰ ਰਹੀ ਹੈ।

## ਪੰਜਾਬ ਦੀ ਸਿਆਸਤ 'ਚ ਵੱਡੀ ਹਲਚਲ, ਗਠਜੋੜ ਨੂੰ ਲੈ ਕੇ ਅਕਾਲੀ ਦਲ ਪੁਨਰ ਸੁਰਜੀਤੀ ਦਾ ਪਹਿਲਾ ਬਿਆਨ

ਨਾਭਾ 10 ਅਕਤੂਬਰ। ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤੀ ਦੇ ਸੀਨੀਅਰ ਆਗੂ ਅਤੇ ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ ਦਾ ਵੱਡਾ ਬਿਆਨ ਸਾਹਮਣੇ ਆਇਆ ਹੈ। 2027 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਗੱਠਜੋੜ ਨੂੰ ਲੈ ਕੇ ਸੁਰਜੀਤ ਸਿੰਘ ਰੱਖੜਾ ਨੇ ਕਿਹਾ ਕਿ ਸਾਡਾ ਪਹਿਲਾ ਫੋਕਸ ਪਾਰਟੀ ਨੂੰ ਤੱਕੜਾ ਕਰਨ 'ਤੇ ਹੈ। ਆਗਾਮੀ



ਵਿਧਾਨ ਸਭਾ ਚੋਣਾਂ ਵਿਚ ਅੰਮ੍ਰਿਤਪਾਲ ਸਿੰਘ ਦੀ ਪਾਰਟੀ ਨਾਲ ਸਮਝੌਤਾ ਕਰਨ ਬਾਰੇ ਉਨ੍ਹਾਂ ਕਿਹਾ ਕਿ ਇਹ ਫ਼ੈਸਲਾ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਕਰਨਾ ਹੈ ਪਰ ਪਹਿਲਾਂ ਅਸੀਂ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰ ਰਹੇ ਹਾਂ ਇਸ ਤੋਂ ਬਾਅਦ ਹੀ ਕੋਈ ਫੈ?ਸਲਾ ਲਿਆ ਜਾਵੇਗਾ ਕਿ ਕਿਸ ਪਾਰਟੀ ਨਾਲ ਸਮਝੌਤਾ ਕਰਨਾ ਹੈ। ਰੱਖੜਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤੀ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਇਹ ਪਹਿਲਾਂ ਹੀ ਐਲਾਨ ਕਰ ਦਿੱਤਾ ਗਿਆ ਸੀ ਕਿ ਨਾ ਤਾਂ ਉਹ ਕੋਈ ਅਹੁਦਾ ਲੈਣਗੇ ਅਤੇ ਨਾ ਹੀ ਕੋਈ ਚੋਣ ਲੜਨਗੇ। ਉਹ ਸਿਰਫ ਪੰਥ ਦੀ ਸੇਵਾ ਕਰਨ ਦੇ ਇਰਾਦੇ ਹੀ ਕੰਮ ਕਰ ਰਹੇ ਹਨ ਅਤੇ ਇਸੇ ਤਰ੍ਹਾਂ ਕਰਦੇ ਰਹਿਣਗੇ। ਤਰਨਤਾਰਨ ਜ਼ਿਮਨੀ ਚੋਣ ਨੂੰ ਲੈ ਕੇ ਸੁਰਜੀਤ ਸਿੰਘ ਰੱਖੜਾ ਨੇ ਕਿਹਾ ਕਿ ਉਨ੍ਹਾਂ ਦੇ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਸਭ ਤੋਂ ਪਹਿਲਾਂ ਇਹ ਫੈਸਲਾ ਕੀਤਾ ਸੀ ਕਿ ਪੰਥ ਨੂੰ ਮੁੱਖ ਰੱਖਦੇ ਹੋਏ ਪਾਰਟੀ ਸੰਦੀਪ ਸਿੰਘ ਦੇ ਪਰਿਵਾਰ ਦਾ ਸਾਥ ਦੇਵੇਗੀ। ਉਨ੍ਹਾਂ ਨੇ ਪੰਜਾਬ ਦੇ ਲੋਕਾਂ ਨੂੰ ਸੱਦਾ ਦਿੱਤਾ ਕਿ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤੀ ਨੂੰ ਮਜ਼ਬੂਤ ਕੀਤਾ ਜਾਵੇ, ਇਹੋ ਅਜਿਹੀ ਪਾਰਟੀ ਹੈ ਜੋ ਪੰਥ ਪ੍ਰਤੀ ਦ੍ਰਿੜ ਇਰਾਦੇ ਨਾਲ ਰਾਜਨੀਤੀ ਵਿਚ ਉਤਰੀ ਹੈ।

## ਰਾਜਵੀਰ ਜਵੰਦਾ ਦੇ ਫੁੱਲ ਚੁਗਣ ਪਹੁੰਚੇ ਕੰਵਰ ਗਰੇਵਾਲ ਤੇ ਕੁਲਵਿੰਦਰ ਬਿੱਲਾ, ਨਹੀਂ ਦੇਖਿਆ ਜਾ ਰਿਹਾ ਮਾਂ ਦਾ ਹਾਲ

ਐਂਟਰਟੇਨਮੈਂਟ ਡੈਸਕ 10 ਅਕਤੂਬਰ। ਮਸ਼ਹੂਰ ਪੰਜਾਬੀ ਗਾਇਕ ਰਾਜਵੀਰ ਜਵੰਦਾ ਦੀ ਮੌਤ ਤੋਂ ਬਾਅਦ ਸੰਗੀਤ ਜਗਤ ਅਤੇ ਚਾਹੁਣ ਵਾਲਿਆਂ ਵਿੱਚ ਗਹਿਰਾ ਦੁੱਖ ਛਾਇਆ ਹੋਇਆ ਹੈ। ਰਾਜਵੀਰ ਦਾ ਅੰਤਿਮ ਸੰਸਕਾਰ ਬੀਤੇ ਦਿਨ ਲੁਧਿਆਣਾ ਜ਼ਿਲ੍ਹੇ ਦੇ ਉਨ੍ਹਾਂ ਦੇ ਜੱਦੀ ਪਿੰਡ ਪੋਨਾ ਵਿੱਚ ਕੀਤਾ ਗਿਆ ਸੀ ਅਤੇ ਅੱਜ ਉਨ੍ਹਾਂ ਦੇ ਫੁੱਲ ਚੁਗਣ ਦੀ ਰਸਮ ਅਦਾ ਕੀਤੀ ਗਈ। ਇਸ ਦੌਰਾਨ ਗਾਇਕ ਕੰਵਰ ਗਰੇਵਾਲ ਅਤੇ ਕੁਲਵਿੰਦਰ ਬਿੱਲਾ ਵੀ ਮੌਜੂਦ ਸਨ। ਦੋਵੇਂ ਕਲਾਕਾਰਾਂ ਨੇ ਪਰਿਵਾਰ ਨਾਲ ਮਿਲ ਕੇ ਰਾਜਵੀਰ ਦੇ ਸਮਾਧ ਸਥਾਨ 'ਤੇ ਫੁੱਲ ਚੁਗੇ ਅਤੇ ਉਸਦੀ ਆਤਮਾ ਦੀ ਸ਼ਾਂਤੀ ਲਈ ਪ੍ਰਾਰਥਨਾ ਕੀਤੀ। ਦੱਸ ਦੇਈਏ ਕਿ ਗਾਇਕ ਰਾਜਵੀਰ ਜਵੰਦਾ 27 ਸਤੰਬਰ ਨੂੰ ਹਿਮਾਚਲ ਪ੍ਰਦੇਸ਼ ਦੇ ਸੋਲਨ ਜ਼ਿਲ੍ਹੇ ਵਿੱਚ ਮੋਟਰਸਾਈਕਲ 'ਤੇ ਸ਼ਿਮਲਾ ਜਾਂਦੇ ਸਮੇਂ ਪਸ਼ੂਆਂ ਨਾਲ ਟੱਕਰ ਮਗਰੋਂ ਗੰਭੀਰ ਜ਼ਖਮੀ ਹੋ ਗਏ ਸਨ। ਇਸ ਹਾਦਸੇ ਵਿੱਚ ਉਨ੍ਹਾਂ ਦੇ ਸਿਰ ਅਤੇ ਰੀੜ੍ਹ ਦੀ ਹੱਡੀ 'ਤੇ ਸੱਟਾਂ ਲੱਗੀਆਂ ਸਨ। ਫੋਰਟਿਸ ਹਸਪਤਾਲ ਵਿੱਚ 11 ਦਿਨਾਂ ਤੱਕ ਚੱਲੇ ਇਲਾਜ ਦੇ ਬਾਵਜੂਦ 8 ਤਸਬੰਰ ਨੂੰ 10.55 ਵਜੇ ਜਵੰਦਾ ਨੂੰ ਹਸਪਤਾਲ ਵੱਲੋਂ ਮ੍ਰਿਤਕ ਐਲਾਨ ਦਿੱਤਾ ਗਿਆ ਸੀ। ਅਧਿਕਾਰਤ ਬਿਆਨ ਵਿੱਚ, ਫੋਰਟਿਸ ਹਸਪਤਾਲ ਨੇ ਪੁਸ਼ਟੀ ਕੀਤੀ ਕਿ ਜਵੰਦਾ ਦੀ ਮੌਤ ਮਲਟੀ-ਆਰਗਨ ਫੇਲ੍ਹ ਹੋਣ ਕਾਰਨ ਹੋਈ। ਲੁਧਿਆਣਾ ਦੇ ਜਗਰਾਉਂ ਦੇ ਪੋਨਾ ਪਿੰਡ ਦੇ ਰਹਿਣ ਵਾਲੇ ਜਵੰਦਾ ਆਪਣੇ ਗੀਤਾਂ ਤੂੰ ਦਿਸ ਪੈਂਦਾ, ਖੁਸ਼ ਰਿਹਾ ਕਰ, ਸਰਨੇਮ, ਆਫਰੀਨ, ਲੈਂਡਲਾਰਡ, ਡਾਊਨ ਟੂ ਅਰਥ, ਅਤੇ ਕੰਗਣੀ ਲਈ ਵੀ ਜਾਣੇ ਜਾਂਦੇ ਸਨ। ਜਵੰਦਾ ਨੇ 2018 ਵਿੱਚ ਗਿੱਪੀ ਗਰੇਵਾਲ ਨਾਲ ਪੰਜਾਬੀ ਫਿਲਮਾਂ ਸੂਬੇਦਾਰ ਜੋਗਿੰਦਰ ਸਿੰਘ, 2019 ਵਿੱਚ ਜ਼ਿੰਦ ਜਾਨ ਅਤੇ 2019 ਵਿੱਚ ਮਿੰਦੋ ਤਸੀਲਦਾਰਨੀ ਵਿੱਚ ਕੰਮ ਕੀਤਾ।

## ਹੜਤਾਲ ਦੇ 11ਵੇਂ ਦਿਨ 3 ਮੰਤਰੀਆਂ ਨੇ ਸੁਣੀਆਂ ਵੈਟਰਨਰੀ ਵਿਦਿਆਰਥੀਆਂ ਦੀਆਂ ਬੇਨਤੀਆਂ

**ਕੌਮੀ ਪਤ੍ਰਿਕਾ**

ਲੁਧਿਆਣਾ 10 ਅਕਤੂਬਰ। ਵੈਟਰਨਰੀ ਸਟੂਡੈਂਟਸ ਯੂਨੀਅਨ ਵਲੋਂ ਗੁਰੂ ਅੰਗਦ ਦੇਵ ਵੈਟਰਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ 'ਚ ਸ਼ਨੀਵਾਰ ਨੂੰ ਓ. ਪੀ. ਡੀ. ਸੇਵਾਵਾਂ ਮੁਅੱਤਲ ਕੀਤੇ ਜਾਣ ਤੋਂ ਸਿਰਫ਼ 24 ਘੰਟੇ ਹੀ ਹੋਏ ਸਨ ਜਦੋਂ ਸਰਕਾਰ ਘਬਰਾ ਗਈ ਅਤੇ 3 ਮੰਤਰੀਆਂ ਨੇ ਪ੍ਰਦਰਸ਼ਨਕਾਰੀ ਵਿਦਿਆਰਥੀਆਂ ਦੀ ਗੱਲ ਸੁਣੀ, ਜੋ ਪਿਛਲੇ 11 ਦਿਨਾਂ ਤੋਂ ਹੜਤਾਲ 'ਤੇ ਸਨ। ਅੱਜ ਤੋਂ ਪਹਿਲਾਂ ਅਣਮਿਥੇ ਸਮੇਂ ਦੀ ਹੜਤਾਲ ਐਤਵਾਰ ਨੂੰ ਆਪਣੇ 11ਵੇਂ ਦਿਨ 'ਚ ਦਾਖਲ ਹੋ ਗਈ। ਯੂਨੀਵਰਸਿਟੀ ਦੇ ਇੰਟਰਨਜ਼ ਨੇ ਹਸਪਤਾਲ ਕੈਂਪਸ 'ਚ ਆਪਣਾ ਸ਼ਾਂਤਮਈ ਵਿਰੋਧ ਜਾਰੀ ਰੱਖਿਆ। ਯੂਨੀਅਨ ਨੇ ਆਪਣੀ ਮੁੱਖ ਮੰਗ ਦੁਹਰਾਈ, ਇੰਟਰਨਸ਼ਿਪ ਸਟਾਈਪੈਂਡ 15,000 ਤੋਂ ਵਧਾ ਕੇ 24,310 ਕਰਨ ਦੀ ਮੰਗ ਕੀਤੀ, ਕਿਉਂਕਿ ਮੌਜੂਦਾ ਸਟਾਈਪੈਂਡ ਪੰਜਾਬ ਦੀਆਂ ਹੋਰ ਵੈਟਰਨਰੀ, ਮੈਡੀਕਲ ਅਤੇ ਡੈਂਟਲ ਯੂਨੀਵਰਸਿਟੀਆਂ ਨਾਲੋਂ ਕਾਫ਼ੀ ਘੱਟ ਹੈ। ਫਿਲਹਾਲ ਇਹ ਸਟਾਈਪੈਂਡ ਭਾਰਤੀ ਕ੍ਰਿਸ਼ੀ ਅਨੁਸੰਧਾਨ ਪ੍ਰੀਸ਼ਦ ਅਤੇ ਯੂਨੀਵਰਸਿਟੀ ਦੇ ਸਹਿਯੋਗ ਰਾਹੀਂ ਪ੍ਰਦਾਨ ਕੀਤਾ ਜਾਂਦਾ ਹੈ, ਜਿਸ 'ਚ ਪੰਜਾਬ ਸਰਕਾਰ ਵਲੋਂ ਕੋਈ ਵਿੱਤੀ ਯੋਗਦਾਨ ਨਹੀਂ ਹੈ। ਇਸ ਮੁੱਦੇ 'ਤੇ ਵਿਦਿਆਰਥੀ ਲਗਾਤਾਰ ਵਿਰੋਧ ਪ੍ਰਦਰਸ਼ਨ ਕਰ ਰਹੇ ਹਨ। ਯੂਨੀਵਰਸਿਟੀ ਹਸਪਤਾਲ 'ਚ ਓ. ਪੀ. ਡੀ. ਸੇਵਾਵਾਂ ਸ਼ਨੀਵਾਰ ਸਵੇਰੇ 9 ਵਜੇ ਤੋਂ ਮੁਅੱਤਲ ਕਰ ਦਿੱਤੀਆਂ ਗਈਆਂ ਸਨ, ਹਾਲਾਂਕਿ ਐਮਰਜੈਂਸੀ



ਸੇਵਾਵਾਂ ਆਮ ਵਾਂਗ ਜਾਰੀ ਰਹੀਆਂ, ਤਾਂ ਜੋ ਪਸ਼ੂਆਂ ਦੇ ਮਰੀਜ਼ਾਂ ਨੂੰ ਕੋਈ ਮੁਸ਼ਕਲ ਨਾ ਆਵੇ। ਸ਼ਨੀਵਾਰ ਸ਼ਾਮ ਨੂੰ ਯੂਨੀਅਨ ਦੇ ਇਕ ਵਫਦ ਨੇ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਅਤੇ ਹਾਊਸਿੰਗ ਅਤੇ ਅਰਬਨ ਡੈਵਲਪਮੈਂਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨਾਲ ਮੁਲਾਕਾਤ ਕੀਤੀ। ਦੋਵਾਂ ਮੰਤਰੀਆਂ ਨੇ ਵਿਦਿਆਰਥੀਆਂ ਦੀਆਂ ਮੰਗਾਂ ਦਾ ਸਮਰਥਨ ਕੀਤਾ ਅਤੇ ਜਲਦੀ ਹੱਲ ਲਈ ਵਿੱਤ ਮੰਤਰੀ ਨਾਲ ਮੀਟਿੰਗ ਦਾ ਪ੍ਰਬੰਧ ਕਰਨ ਦਾ ਵਾਅਦਾ ਕੀਤਾ। ਇਸ ਤੋਂ ਬਾਅਦ ਵਫਦ ਨੇ ਐਤਵਾਰ ਨੂੰ ਮਾਣਯੋਗ ਮੰਤਰੀ ਸੰਜੀਵ ਅਰੋੜਾ ਨਾਲ ਮੁਲਾਕਾਤ ਕੀਤੀ। ਅਰੋੜਾ ਨੇ ਭਰੋਸਾ ਦਿੱਤਾ ਕਿ ਵਿਦਿਆਰਥੀਆਂ ਦੀਆਂ ਮੰਗਾਂ ਨੂੰ ਤੁਰੰਤ ਹੱਲ ਕਰਨ ਲਈ ਪ੍ਰਮੁੱਖ ਸਕੱਤਰ (ਵਿੱਤ) ਨਾਲ ਮੀਟਿੰਗ ਕੀਤੀ ਜਾਵੇਗੀ। ਇਸ ਭਰੋਸੇ ਤੋਂ ਬਾਅਦ, ਯੂਨੀਅਨ ਨੇ ਯੂਨੀਵਰਸਿਟੀ ਹਸਪਤਾਲ 'ਚ ਓ. ਪੀ. ਡੀ. ਸੇਵਾਵਾਂ ਨੂੰ ਅਸਥਾਈ ਤੌਰ 'ਤੇ ਮੁੜ ਸ਼ੁਰੂ ਕਰਨ ਦਾ ਫੈਸਲਾ ਕੀਤਾ, ਜਦੋਂ ਕਿ ਸ਼ਾਂਤੀਪੂਰਨ ਵਿਰੋਧ ਜਾਰੀ ਰੱਖਣ ਦੇ ਆਪਣੇ ਇਰਾਦੇ ਦਾ ਐਲਾਨ ਕੀਤਾ। ਯੂਨੀਅਨ ਨੇ ਇਹ ਵੀ ਕਿਹਾ ਕਿ ਜੇਕਰ ਪੰਜਾਬ ਸਰਕਾਰ ਲੋੜੀਂਦੀ ਵਿੱਤੀ ਸਹਾਇਤਾ ਪ੍ਰਦਾਨ ਨਹੀਂ ਕਰਦੀ ਹੈ, ਤਾਂ ਯੂਨੀਵਰਸਿਟੀ ਨੂੰ ਕੇਂਦਰ ਸਰਕਾਰ ਦੇ ਅਧੀਨ ਕੀਤਾ ਜਾਣਾ ਚਾਹੀਦਾ ਹੈ, ਤਾਂ ਜੋ ਸਿੱਧੀ ਫੰਡਿੰਗ ਯਕੀਨੀ ਹੋ ਸਕੇ। ਵਿਦਿਆਰਥੀਆਂ ਨੇ ਆਪਣਾ ਅਹਿੰਸਕ ਵਿਰੋਧ ਜਾਰੀ ਰੱਖਣ ਦੀ ਵਚਨਬੱਧਤਾ ਪ੍ਰਗਟ ਕੀਤੀ ਅਤੇ ਚੇਤਾਵਨੀ ਦਿੱਤੀ ਕਿ ਜੇਕਰ ਆਉਣ ਵਾਲੇ ਦਿਨਾਂ 'ਚ ਕੋਈ ਠੋਸ ਹੱਲ ਨਹੀਂ ਨਿਕਲਿਆ ਤਾਂ ਅੰਦੋਲਨ ਤੇਜ਼ ਕੀਤਾ ਜਾਵੇਗਾ।

## ਸੜਕ ਪਾਰ ਕਰ ਰਹੇ ਬਜ਼ੁਰਗ ਨੂੰ ਟਰੱਕ ਨੇ ਮਾਰੀ ਟੱਕਰ, ਇਲਾਜ ਦੌਰਾਨ ਹੋਈ ਮੌਤ

ਲੁਧਿਆਣਾ 10 ਅਕਤੂਬਰ। ਥਾਣਾ ਜੋਧੇਵਾਲ ਦੀ ਪੁਲਸ ਨੇ ਇਕ ਅਣਪਛਾਤੇ ਟਰੱਕ ਚਾਲਕ ਦੇ ਖ਼?ਲਾਫ਼ ਗੈਰ ਇਰਾਦਾ ਕਤਲ ਦਾ ਮਾਮਲਾ ਦਰਜ ਕੀਤਾ ਹੈ। ਜਾਂਚ ਅਧਿਕਾਰੀ ਜਸਵਿੰਦਰ ਪਾਲ ਨੇ ਦੱਸਿਆ ਕਿ ਪੁਲਸ ਨੂੰ ਸ਼ਿਕਾਇਤਕਤਾ ਸਤਨਾਮ ਸਿੰਘ ਵਾਸੀ ਕੈਲਾਸ਼ ਨਗਰ ਨੇ ਦੱਸਿਆ ਕਿ ਉਸ ਦੇ ਪਿਤਾ ਕੈਲਾਸ਼ ਨਗਰ ਰੋਡ 'ਤੇ ਸੜਕ ਪਾਰ ਕਰ ਰਹੇ ਸਨ। ਇਸੇ ਦੌਰਾਨ ਇਕ ਤੇਜ਼ ਰਫ਼ਤਾਰ ਟਰੱਕ ਚਾਲਕ ਨੇ ਉਨ੍ਹਾਂ ਨੂੰ ਟੱਕਰ ਮਾਰ ਦਿੱਤੀ, ਜਿਸ ਕਾਰਨ ਉਹ ਗੰਭੀਰ ਰੂਪ ਵਿਚ ਜ਼ਖ਼ਮੀ ਹੋ ਗਏ। ਉਨ੍ਹਾਂ ਨੂੰ ਇਲਾਜ ਲਈ ਸਿਵਲ ਹਸਪਤਾਲ ਦਾਖ਼ਲ ਕਰਵਾਇਆ ਗਿਆ, ਜਿੱਥੇ ਉਨ੍ਹਾਂ ਦੀ ਮੌਤ ਹੋ ਗਈ। ਜਾਂਚ ਅਧਿਕਾਰੀ ਨੇ ਦੱਸਿਆ ਕਿ ਪੁਲਸ ਨੇ ਅਣਪਛਾਤੇ ਟਰੱਕ ਚਾਲਕ ਦੇ ਖ਼?ਲਾਫ਼ ਮਾਮਲਾ ਦਰਜ ਕਰ ਕੇ ਅੱਗੇ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਕੇਲੋ ਨਦੀ 'ਚ ਡੁੱਬਣ ਕਾਰਨ ਕੁੜੀ ਦੀ ਮੌਤ, ਅੱਧਾ ਘੰਟਾ ਚੱਲੀ ਬਚਾਅ ਮੁਹਿੰਮ

ਰਾਏਗੜ੍ਹ 10 ਅਕਤੂਬਰ। ਛੱਤੀਸਗੜ੍ਹ ਦੇ ਰਾਏਗੜ੍ਹ ਸ਼ਹਿਰ ਵਿੱਚ ਅੱਜ ਇੱਕ ਦੁਖਦਾਈ ਘਟਨਾ ਵਾਪਰੀ। ਇੱਕ 8 ਸਾਲਾ ਬੱਚੀ ਕੇਲੋ ਨਦੀ ਵਿੱਚ ਨਹਾਉਂਦੇ ਸਮੇਂ ਡੁੱਬ ਗਈ। ਇਹ ਘਟਨਾ ਰਾਜਮਹਿਲ ਦੇ ਪਿੱਛੇ ਸਥਿਤ ਸਮਾਲਾਈ ਘਾਟ 'ਤੇ ਵਾਪਰੀ। ਰਿਪੋਰਟਾਂ ਅਨੁਸਾਰ, ਜੋਗੀਦੀਪਾ ਇਲਾਕੇ ਦੀ ਰਹਿਣ ਵਾਲੀ ਇਹ ਬੱਚੀ ਆਪਣੇ ਦੋਸਤਾਂ ਨਾਲ ਨਹਾਉਣ ਲਈ ਨਦੀ 'ਤੇ ਗਈ ਸੀ। ਨਹਾਉਂਦੇ ਸਮੇਂ ਉਹ ਫਿਸਲ ਗਈ ਤੇ ਡੂੰਘੇ ਪਾਣੀ 'ਚ ਡਿੱਗ ਗਈ। ਉਸ ਦੀਆਂ ਸਹੇਲੀਆਂ ਨੇ ਰੌਲਾ ਪਾਇਆ ਤੇ ਉਸਨੂੰ ਬਚਾਉਣ ਦੀ ਕੋਸ਼ਿਸ਼ ਕੀਤੀ, ਪਰ ਪਾਣੀ ਦੀ ਡੂੰਘਾਈ ਕਾਰਨ ਉਹ ਅਸਫਲ ਰਹੀਆਂ। ਘਟਨਾ ਦੀ ਜਾਣਕਾਰੀ ਮਿਲਦੇ ਹੀ ਕੋਤਵਾਲੀ ਪੁਲਸ ਤੇ ਐੱਸ.ਡੀ.ਆਰ.ਐੱਫ. ਦੀ ਟੀਮ ਮੌਕੇ 'ਤੇ ਪਹੁੰਚੀ ਤੇ ਬਚਾਅ ਕਾਰਜ ਸ਼ੁਰੂ ਕੀਤਾ।

## ਬਿਜਲੀ ਵਾਲੇ ਕੁਨੈਕਸ਼ਨਾਂ ਨੂੰ ਲੈ ਕੇ ਵੱਡੀ ਖ਼ਬਰ, ਪਾਵਰਕਾਮ ਨੇ ਕਰ 'ਤੀ ਵੱਡੀ ਕਾਰਵਾਈ

**ਕੌਮੀ ਪਤ੍ਰਿਕਾ**

ਲੁਧਿਆਣਾ 10 ਅਕਤੂਬਰ। ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਦੇ ਉੱਚ ਅਧਿਕਾਰੀਆਂ ਵਲੋਂ ਲਗਾਈ ਗਈ ਆਬਜੈਕਸ਼ਨ ਦੇ ਬਾਵਜੂਦ ਸਰਕਾਰੀ ਰਿਕਾਰਡ ਨਾਲ ਹੇਰਾਫੇਰੀ ਕਰਕੇ ਪਵੇਲੀਅਨ ਮਾਲ 'ਚ ਬਿਜਲੀ ਦੇ ਚੱਲ ਰਹੇ 4000 ਕਿਲੋਵਾਟ ਕੁਨੈਕਸ਼ਨ 'ਚ ਗੜਬੜੀ ਕਰਦੇ ਹੋਏ ਚੇਂਜ ਆਫ ਨੇਮ ਕਰਨ ਦੇ ਗੰਭੀਰ ਮਾਮਲੇ 'ਚ ਥਾਣਾ ਡਵੀਜ਼ਨ ਨੰ. 5 ਦੀ ਪੁਲਸ ਵਲੋਂ ਪਾਵਰਕਾਮ ਸਿਟੀ ਵੈਸਟ ਡਵੀਜ਼ਨ 'ਚ ਤਾਇਨਾਤ ਮੁਲਾਜ਼ਮ ਗਗਨਦੀਪ ਸਿੰਘ ਖਿਲਾਫ ਐੱਫ. ਆਈ. ਆਰ. ਦਰਜ ਕੀਤੀ ਗਈ ਹੈ। ਸਰਕਾਰੀ ਰਿਕਾਰਡ ਨਾਲ ਛੇੜਛਾੜ ਕਰਦੇ ਹੋਏ ਪਾਵਰਕਾਮ ਵਿਭਾਗ ਦੀ ਸਿਟੀ ਵੈਸਟ ਡਵੀਜ਼ਨ 'ਚ ਤਾਇਨਾਤ ਚੰਦ ਮੁਲਾਜ਼ਮਾਂ ਵਲੋਂ ਇਕ ਸੋਚੀ-ਸਮਝੀ ਸਾਜਿਸ਼ ਤਹਿਤ ਪਵੇਲੀਅਨ ਮਾਲ 'ਚ ਚੱਲ ਰਹੇ ਬਿਜਲੀ ਦੇ ਵੱਡੇ ਕੁਨੈਕਸ਼ਨ ਨੂੰ ਖਪਤਕਾਰਾਂ ਤੋਂ ਕਥਿਤ ਲੱਖਾਂ ਦੀ ਰਿਸ਼ਵਤ ਵਸੂਲ ਕੇ ਨਵੇਂ ਨਾਂ 'ਤੇ ਟਰਾਂਸਫਰ ਕਰ ਦਿੱਤਾ ਗਿਆ। ਵਿਭਾਗੀ ਮੁਲਾਜ਼ਮਾਂ ਵਲੋਂ ਉਕਤ ਕਾਲੇ ਕਾਰਨਾਮੇ ਨੂੰ ਬੜੀ ਸਫਾਈ ਦੇ ਨਾਲ ਅੰਜਾਮ ਦਿੱਤਾ ਗਿਆ, ਜਿਸ ਦੀ ਭਿਣਕ ਤੱਕ ਵੀ ਪਾਵਰਕਾਮ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਨਹੀਂ ਲੱਗ ਪਾਈ। ਮਾਮਲਾ ਮੀਡੀਆ 'ਚ ਆਉਣ 'ਤੇ ਜਲਦਬਾਜ਼ੀ 'ਚ ਅਧਿਕਾਰੀਆਂ ਵਲੋਂ ਪਵੇਲੀਅਨ ਮਾਲ ਦੇ ਬਦਲੇ ਗਏ ਬਿਜਲੀ ਕੁਨੈਕਸ਼ਨ ਨੂੰ ਫਿਰ ਤੋਂ ਪੁਰਾਣੇ ਨਾਂ 'ਤੇ ਹੀ ਟਰਾਂਸਫਰ ਕਰ ਦਿੱਤਾ ਗਿਆ, ਜਿਸ ਦਾ ਖੁਲਾਸਾ ਸਭ ਤੋਂ ਪਹਿਲਾ 'ਜਗ ਬਾਣੀ' ਵਲੋਂ ਕੀਤਾ ਗਿਆ ਸੀ। ਉਕਤ ਫਰਜ਼ੀਵਾੜੇ




'ਚ ਸਾਜ਼ਿਸ਼ਕਰਤਾਵਾਂ ਵਲੋਂ ਪਾਵਰਕਾਮ ਦੇ ਜੇ. ਈ. ਦੀ ਕੰਪਿਊਟਰ ਆਈ. ਡੀ. ਦੀ ਗਲਤ ਵਰਤੋਂ ਕਰ ਕੇ ਉਸ ਨੂੰ ਬਲੀ ਦਾ ਬੱਕਰਾ ਬਣਾਉਣ ਦੀ ਖਤਰਨਾਕ ਯੋਜਨਾ ਤਿਆਰ ਕੀਤੀ ਗਈ ਸੀ ਪਰ ਚੰਗੀ ਕਿਸਮਤ ਇਹ ਰਹੀ ਕਿ ਸਮੇਂ 'ਤੇ ਸਾਜ਼ਿਸ਼ਕਰਤਾਵਾਂ ਦਾ ਭਾਂਡਾ ਭੱਜ ਗਿਆ। ਜਾਣਕਾਰੀ ਮੁਤਾਬਕ ਕਥਿਤ ਮੁਲਜ਼ਮ ਗਗਨਦੀਪ ਸਿੰਘ ਵਲੋਂ ਚੇਂਜ ਆਫ ਨੇਮ ਸਬੰਧੀ ਦਸਤਾਵੇਜ਼ ਉਸ ਦੇ ਕੋਲ ਨਾ ਹੋਣ ਦਾ ਦਾਅਵਾ ਕੀਤਾ ਜਾ ਰਿਹਾ ਹੈ, ਜਦੋਂਕਿ ਸ਼ਿਕਾਇਤ ਮੁਤਾਬਕ ਅਪ੍ਰੈਲ 2025 ਨੂੰ ਉਕਤ ਦਸਤਾਵੇਜ਼ ਵਿਭਾਗ ਦੀ ਸਿਟੀ ਵੈਸਟ ਡਵੀਜ਼ਨ ਨਾਲ ਸਬੰਧਤ ਫਾਊਂਟੇਨ ਚੌਕ ਦਫ਼ਤਰ 'ਚ ਜਮ?ਹਾ ਕੀਤੇ ਗਏ ਹਨ। ਪੁਲਸ ਵਲੋਂ ਰਿਕਾਰਡ ਦੀ ਬਰਾਮਦਗੀ ਲਈ ਕਾਨੂੰਨੀ ਦਾਅ-ਪੇਚ ਅਪਨਾਏ ਜਾ ਰਹੇ ਹਨ। ਮੰਨਿਆ ਜਾ ਰਿਹਾ ਹੈ ਕਿ 420 ਦੇ ਇਸ ਨੈੱਟਵਰਕ 'ਚ ਕਈ ਹੋਰ ਅਧਿਕਾਰੀਆਂ ਅਤੇ ਮੁਲਾਜ਼ਮਾਂ ਦੇ ਚਿਹਰਿਆਂ ਦੇ ਪਾਏ ਹੋਏ ਇਮਾਨਦਾਰੀ ਦੇ ਮਖੌਟੇ ਆਉਣ ਵਾਲੇ ਸਮੇਂ 'ਚ ਬੇਨਕਾਬ ਹੋ ਸਕਦੇ ਹਨ, ਜਿਸ 'ਚ ਇਸ ਅਹਿਮ ਗੱਲ ਦਾ ਖੁਲਾਸਾ ਹੋ ਸਕਦਾ ਹੈ ਕਿ ਬਿਨੈਕਾਰ ਦੇ ਗੈਰ-ਕਾਨੂੰਨੀ ਕੰਮ ਨੂੰ ਕਾਨੂੰਨੀ ਜਾਮਾ ਪਹਿਨਾਉਣ ਲਈ ਮੁਲਜ਼ਮਾਂ ਵਲੋਂ ਕਿੰਨੀ ਰਿਸ਼ਵਤ ਵਸੂਲੀ ਗਈ ਹੈ ਅਤੇ ਪਾਵਰਕਾਮ ਦੇ ਕਿਹੜੇ-ਕਿਹੜੇ ਅਧਿਕਾਰੀਆਂ ਅਤੇ ਮੁਲਾਜ਼ਮਾਂ ਦੀ ਜੇਬ 'ਚ ਕਿੰਨਾਂ ਹਿੱਸਾ ਪਹੁੰਚਿਆ ਹੈ। ਪਾਵਰਕਾਮ ਵਿਭਾਗ ਦੇ ਚੀਫ ਇੰਜੀਨੀਅਰ ਜਗਦੇਵ ਸਿੰਘ ਹਾਂਸ ਮੁਲਾਜ਼ਮਾਂ ਖਿਲਾਫ ਕਾਰਵਾਈ ਕਰਦੇ ਹੋਏ ਕੁਝ ਅਧਿਕਾਰੀਆਂ ਨੂੰ ਰਿਪੋਰਟ ਭੇਜ ਦਿੱਤੀ ਗਈ ਹੈ। ਉਨ੍ਹਾਂ ਸਾਫ ਕੀਤਾ ਕਿ ਪਾਵਰਕਾਮ ਵਿਭਾਗ 'ਚ ਕਿਸੇ ਵੀ ਤਰ੍ਹਾਂ ਦੇ ਘਪਲੇ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

## ਐਡਵੋਕੇਟ ਧਾਮੀ ਨੇ ਰਾਜਸਥਾਨ ਦੇ ਮੰਡੀ ਗੋਲੂਵਾਲਾ 'ਚ ਗੁ. ਸਾਹਿਬ 'ਤੇ ਹੋਏ ਹਮਲੇ ਦਾ ਲਿਆ ਸਖ਼ਤ ਨੋਟਿਸ

**ਏਜੰਸੀਆਂ**

ਜੈਤੋ 10 ਅਕਤੂਬਰ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਰਾਜਸਥਾਨ ਦੇ ਹਨੂੰਮਾਨਗੜ੍ਹ ਜ਼ਿਲ੍ਹੇ ਦੇ ਮੰਡੀ ਗੋਲੂਵਾਲਾ ਵਿੱਚ ਗੁਰਦੁਆਰਾ ਮਹਿਤਾਬਗੜ੍ਹ ਸਾਹਿਬ 'ਤੇ ਕੁਝ ਵਿਅਕਤੀਆਂ ਵੱਲੋਂ ਕੀਤੇ ਗਏ ਹਮਲੇ ਦੀ ਸਖ਼ਤ ਨਿੰਦਾ ਕੀਤੀ ਹੈ ਅਤੇ ਸਰਕਾਰ ਤੋਂ ਹਮਲਾਵਰਾਂ ਵਿਰੁੱਧ ਤੁਰੰਤ ਅਤੇ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ ਹੈ। ਆਪਣੇ ਦਫ਼ਤਰ ਤੋਂ ਜਾਰੀ ਇੱਕ ਬਿਆਨ ਵਿੱਚ, ਸ਼੍ਰੋਮਣੀ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਪ੍ਰਾਪਤ ਜਾਣਕਾਰੀ ਅਨੁਸਾਰ, ਇਹ ਜਾਣਬੁੱਝ ਕੇ ਕੀਤਾ ਗਿਆ ਹਮਲਾ ਸੀ, ਜਿਸ ਨੂੰ ਸਿੱਖ ਭਾਈਚਾਰਾ ਕਦੇ ਵੀ ਬਰਦਾਸ਼ਤ ਨਹੀਂ ਕਰੇਗਾ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬ ਦੇ ਅੰਦਰ ਸੁੱਤੇ ਸਿੱਖਾਂ 'ਤੇ ਬੇਰਹਿਮੀ ਨਾਲ ਹਮਲਾ ਕੀਤਾ ਗਿਆ ਸੀ, ਅਤੇ ਛੋਟੇ ਬੱਚਿਆਂ ਸਮੇਤ ਸਿੱਖਾਂ ਨੂੰ ਗੰਭੀਰ ਸੱਟਾਂ ਲੱਗੀਆਂ ਸਨ। ਐਡਵੋਕੇਟ ਧਾਮੀ ਨੇ ਕਿਹਾ ਕਿ ਇਹ ਅਫਸੋਸ ਦੀ ਗੱਲ ਹੈ ਕਿ ਇਹ ਪੁਲਸ ਦੀ



ਮੌਜੂਦਗੀ ਵਿੱਚ ਹੋਇਆ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਜਿੱਥੇ ਸਿੱਖਾਂ ਨੇ ਹਮੇਸ਼ਾ ਦੇਸ਼ ਦੀ ਰੱਖਿਆ ਵਿੱਚ ਮੋਹਰੀ ਭੂਮਿਕਾ ਨਿਭਾਈ ਹੈ, ਉੱਥੇ ਉਨ੍ਹਾਂ ਨੇ ਆਪਣੇ ਵੱਸਦੇ ਖੇਤਰਾਂ ਦੇ ਵਿਕਾਸ ਵਿੱਚ ਵੀ ਮਹੱਤਵਪੂਰਨ ਯੋਗਦਾਨ ਪਾਇਆ ਹੈ। ਉਨ੍ਹਾਂ ਦੁੱਖ ਪ੍ਰਗਟ ਕੀਤਾ ਕਿ ਇਸ ਦੇ ਬਾਵਜੂਦ, ਸਿੱਖਾਂ ਨੂੰ ਅਜੇ ਵੀ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਰਾਜਸਥਾਨ ਵਿੱਚ ਸਿੱਖਾਂ ਨੂੰ ਕਈ ਵਾਰ ਅੱਤਿਆਚਾਰਾਂ ਕਾਰਨ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ ਹੈ। ਸਿੱਖ ਸੰਗਠਨ, ਸ਼੍ਰੋਮਣੀ ਕਮੇਟੀ ਨੇ ਇਸ ਵਿਰੁੱਧ ਆਵਾਜ਼ ਉਠਾਈ, ਪਰ ਸਥਾਨਕ ਸਿੱਖਾਂ ਨੇ ਸਰਕਾਰ ਨੂੰ ਆਪਣਾ ਫੈਸਲਾ ਬਦਲਣ ਲਈ ਮਜ਼ਬੂਰ ਕੀਤਾ। ਉਨ੍ਹਾਂ ਕਿਹਾ ਕਿ ਬਹੁਤ ਸਾਰੇ ਵਿਅਕਤੀ ਸਮਾਜ ਵਿੱਚ ਵੰਡੀਆਂ ਪਾ ਕੇ ਆਪਣੇ ਰਾਜਨੀਤਿਕ ਏਜੰਡੇ ਨੂੰ ਅੱਗੇ ਵਧਾਉਣ ਦੀ ਕੋਸ਼ਿਸ਼ ਕਰਦੇ ਹਨ, ਜੋ ਕਿ ਰਾਸ਼ਟਰੀ ਹਿੱਤ ਵਿੱਚ ਨਹੀਂ ਹੈ। ਉਨ੍ਹਾਂ ਅੱਗੇ ਕਿਹਾ ਕਿ ਕਿਸੇ ਨੂੰ ਵੀ ਅਜਿਹੀਆਂ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਦੀ ਆਜ਼ਾਦੀ ਨਹੀਂ ਦਿੱਤੀ ਜਾਣੀ ਚਾਹੀਦੀ। ਐਡਵੋਕੇਟ ਧਾਮੀ ਨੇ ਰਾਜਸਥਾਨ ਦੇ ਮੁੱਖ ਮੰਤਰੀ ਨੂੰ ਇਸ ਮਾਮਲੇ ਵਿੱਚ ਤੁਰੰਤ ਕਾਰਵਾਈ ਕਰਨ ਅਤੇ ਦੋਸ਼ੀਆਂ ਨੂੰ ਸਖ਼ਤ ਸਜ਼ਾ ਦੇਣ ਦੇ ਨਿਰਦੇਸ਼ ਦਿੱਤੇ।

## ਗੁਰਦਾਸਪੁਰ 43 ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਯਾਤਰਾ ਸਬੰਧੀ ਅਧਿਕਾਰੀਆਂ ਨਾਲ ਮੀਟਿੰਗ

**ਕੌਮੀ ਪਤ੍ਰਿਕਾ**

ਗੁਰਦਾਸਪੁਰ 10 ਅਕਤੂਬਰ। ਦਲਵਿੰਦਰਜੀਤ ਸਿੰਘ ਡਿਪਟੀ ਕਮਿਸ਼ਨਰ ਗੁਰਦਾਸਪੁਰ ਨੇ ਅੱਜ ਪੰਜਾਬ ਸਰਕਾਰ ਵਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਵਸ ਸਬੰਧੀ ਸਜਾਈ ਜਾ ਰਹੀ ਵਿਸ਼ੇਸ਼ ਯਾਤਰਾ ਦੀਆਂ ਤਿਆਰੀਆਂ ਦੇ ਸਬੰਧ ਵਿੱਚ ਅਧਿਕਾਰੀਆਂ ਨਾਲ ਮੀਟਿੰਗ ਕੀਤੀ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਯਾਤਰਾ 20 ਨਵੰਬਰ ਨੂੰ ਗੁਰੂਦੁਆਰਾ ਸ੍ਰੀ ਸੰਗਤਸਰ, ਬਥਵਾਲਾ, ਗੁਰਦਾਸਪੁਰ ਤੋਂ ਸਜਾਈ ਜਾਵੇਗੀ । ਇਹ ਯਾਤਰਾ ਗੁਰਦਾਸਪੁਰ ਸ਼ਹਿਰ ਤੋਂ ਸ਼ੁਰੂ ਹੋ ਕੇ ਧਾਰੀਵਾਲ, ਨੌਸ਼ਹਿਰਾ ਮੱਝਾ ਸਿੰਘ, ਬਟਾਲਾ, ਰੰਗੜ ਨੰਗਲ, ਬਾਬਾ ਬਕਾਲਾ ਸਾਹਿਬ ਤੋਂ ਹੁੰਦੀ ਹੋਈ ਅੰਮ੍ਰਿਤਸਰ ਸਾਹਿਬ ਵਿਖੇ ਪਹੁੰਚੇਗੀ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਵੱਲੋਂ ਸਬੰਧਤ ਅਧਿਕਾਰੀਆਂ ਨੂੰ ਗੁਰਦੁਆਰਾ ਸ੍ਰੀ ਸੰਗਤਸਰ ਬਥਵਾਲਾ ਤੋਂ ਰੰਗੜ ਨੰਗਲ ਤੱਕ ਸੜਕਾਂ ਦੀ ਰਿਪੇਅਰ ਕਰਨ , ਗੁਰਦਾਸਪੁਰ ਸ਼ਹਿਰ ਦੀ ਹਦੂਦ ਵਿੱਚ ਪੈਂਦੀਆਂ ਸੜਕਾਂ, ਜੀ.ਟੀ. ਰੋਡ, ਧਾਰੀਵਾਲ ਸ਼ਹਿਰ ਵਿੱਚ ਪੈਂਦੀਆਂ ਸੜਕਾਂ, ਧਾਰੀਵਾਲ ਤੋਂ ਬਟਾਲਾ ਤੱਕ ਜੀ.ਟੀ. ਰੋਡ ਅਤੇ ਬਟਾਲਾ ਸ਼ਹਿਰ ਦੀਆਂ ਅਤੇ ਬਟਾਲਾ ਤੋਂ ਅਗਾਂਹ ਰੰਗੜ ਨੰਗਲ ਤੱਕ ਹਰੇਕ ਸੜਕ ਦੀ ਸਾਫ ਸਫਾਈ ਅਤੇ ਠੀਕ ਢੰਗ ਨਾਲ ਰਿਪੇਅਰ ਕਰਨ ਲਈ ਕਿਹਾ ਤਾਂ ਜੋ ਟ?ਰੈਫਿਕ ਦੀ ਕੋਈ ਸਮੱਸਿਆ ਪੇਸ਼ ਨਾ ਆਵੇ। ਉਨ੍ਹਾਂ ਕਮਿਸ਼ਨਰ ਨਗਰ ਨਿਗਮ ਬਟਾਲਾ, ਕਾਰਜ ਸਾਧਕ ਅਫਸਰ ਨਗਰ ਕੌਂਸਲ, ਗੁਰਦਾਸਪੁਰ ਅਤੇ ਧਾਰੀਵਾਲ ਨੂੰ ਕਿਹਾ ਕਿ ਯਾਤਰਾ ਦੇ ਸਮੁੱਚੇ ਰੂਟ ਤੇ ਸਹੀ



ਢੰਗ ਨਾਲ ਸਫਾਈ ਕਰਵਾਈ ਜਾਵੇ। ਉਨ੍ਹਾਂ ਸੀਵਰੇਜ ਵਿਭਾਗ ਦੇ ਅਧਿਕਾਰੀਆਂ ਨੂੰ ਯਾਤਰਾ ਦੇ ਰੂਟ ਵਿੱਚ ਪੈਂਦੇ ਸ਼ਹਿਰਾਂ ਵਿੱਚ ਸੀਵਰੇਜ਼ ਦੀ ਸਾਫ ਸਫਾਈ ਕਰਨ ਅਤੇ ਗਟਰਾਂ ਨੂੰ ਠੀਕ ਢੰਗ ਨਾਲ ਕਵਰ ਕਰਨ ਅਤੇ ਸ਼ਹਿਰ ਅੰਦਰ ਖਾਸ ਕਰਕੇ ਯਾਤਰਾ ਵਾਲੇ ਰੂਟ ਤੇ ਕੋਈ ਵੀ ਸੀਵਰੇਜ ਦਾ ਢੱਕਣ ਖੁੱਲਾ ਨਾ ਹੋਵੇ, ਨੂੰ ਯਕੀਨੀ ਬਣਾਉਣ ਲਈ ਕਿਹਾ। ਉਨ੍ਹਾਂ ਪਾਵਰਕਾਮ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਯਾਤਰਾ ਦੇ ਰੂਟ ਤੇ ਬਿਜਲੀ ਦੀਆਂ ਤਾਰਾਂ ਦੀ ਉਚਾਈ ਨੂੰ ਚੈੱਕ ਕਰਨਾ ਯਕੀਨੀ ਬਣਾਇਆ ਜਾਵੇ ਕਿ ਕੋਈ ਵੀ ਬਿਜਲੀ ਦੀ ਤਾਰ ਆਦਿ ਨੀਵੀਂ ਨਹੀਂ ਹੈ। ਉਨ੍ਹਾਂ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਲੰਗਰ ਵਾਲੇ ਸਥਾਨਾਂ ਤੇ ਮੈਡੀਕਲ ਟੀਮਾਂ ਅਤੇ ਯਾਤਰਾ ਦੇ ਰੂਟ ਤੇ ਮੈਡੀਕਲ ਟੀਮਾਂ ਤਾਇਨਾਤ ਕਰਨ ਲਈ ਕਿਹਾ ਗਿਆ। ਇਸੇ ਤਰ੍ਹਾਂ ਉਨ੍ਹਾਂ ਰਿਜਨਲ ਟਰਾਂਸਪੋਰਟ ਅਤੇ ਪੁਲਸ ਆਦਿ ਵਿਭਾਗ ਨੂੰ ਯਾਤਰਾ ਦੇ ਸਬੰਧ ਵਿੱਚ ਤਿਆਰੀਆਂ ਮੁਕੰਮਲ ਕਰਨ ਲਈ ਕਿਹਾ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸਜਾਈ ਜਾ ਰਹੀ ਯਾਤਰਾ ਦੌਰਾਨ ਸੇਵਾ ਭਾਵਨਾ ਨਾਲ ਆਪਣੀ ਡਿਊਟੀ ਕੀਤੀ ਜਾਵੇ ਅਤੇ ਸਮੁੱਚੇ ਪ੍ਰਬੰਧਾਂ ਨੂੰ ਸੁਚਾਰੂ ਢੰਗ ਮੁਕੰਮਲ ਕਰਨ ਨੂੰ ਯਕੀਨੀ ਬਣਾਇਆ ਜਾਵੇ। ਇਸ ਮੌਕੇ ਐੱਸ.ਡੀ.ਐੱਮ. ਗੁਰਦਾਸਪੁਰ ਮਨਜੀਤ ਸਿੰਘ ਰਾਜਲਾ, ਐੱਸ.ਡੀ.ਐੱਮ.ਬਟਾਲਾ ਵਿਕਰਮਜੀਤ ਸਿੰਘ ਪਾਂਥੇ, ਆਰ.ਟੀ.ਓ. ਨਵਜੋਤ ਸ਼ਰਮਾ, ਪ੍ਰਭਜੋਤ ਕੌਰ ਕਲਸੀ ਸਹਾਇਕ ਸਿਵਲ ਸਰਜਨ, ਐਕਸੀਅਨ ਰੋਹਿਤ ਉਪਲ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।